ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

www.awazeqaumtv.com

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV



ਸ੍ਰੀ ਗੁਰੂ ਅਰਜਨ ਦੇਵ ਜੀ ਦੇ ਗੁਰਗੱਦੀ ਦਿਵਸ 'ਤੇ ਵਿਸ਼ੇਸ਼ (ਪੰਨਾ 15 'ਤੇ)

ਸੋਮਵਾਰ, 25 ਅਗਸਤ 2025 (ਨਾਨਕਸ਼ਾਹੀ ਸੰਮਤ : ੫੫੭, ੧੦ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111, +447976210161, +919729091243

## ਭਾਰੀ ਮੀਂਹ ਤੇ ਹੜ੍ਹ ਦਾ ਕਹਿਰ

# ਜੰਮੂ-ਪਠਾਨਕੋਟ ਨੈਸ਼ਨਲ ਹਾਈਵੇਅ 'ਤੇ ਬਣਿਆ ਪੁਲ ਝੁਕਿਆ



**ਪਠਾਨਕੋਟ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਜੰਮੂ-ਕਸ਼ਮੀਰ ਵਿੱਚ ਲਗਾਤਾਰ ਹੋ ਰਹੀ ਭਾਰੀ ਬਾਰਿਸ਼ ਕਾਰਨ ਜਨਜੀਵਨ ਪ੍ਰਭਾਵਿਤ ਹੋਇਆ ਹੈ। ਐਤਵਾਰ ਸਵੇਰੇ ਕਠੂਆ ਜ਼ਿਲ੍ਹੇ ਦੇ ਸਹਾਰ ਖੱਡ 'ਤੇ ਬਣਿਆ ਜੰਮੂ-ਪਠਾਨਕੋਟ ਰਾਸ਼ਟਰੀ ਰਾਜਮਾਰਗ ਪੁਲ ਅਚਾਨਕ ਹੜ੍ਹਾਂ ਕਾਰਨ ਨੁਕਸਾਨਿਆ ਗਿਆ। ਅਧਿਕਾਰੀਆਂ ਨੇ ਦੱਸਿਆ ਕਿ ਭਾਰੀ ਬਾਰਿਸ਼ ਕਾਰਨ ਖੱਡ ਵਿੱਚ ਪਾਣੀ ਦਾ ਵਹਾਅ ਵਧ ਗਿਆ, ਜਿਸ ਕਾਰਨ ਪੁਲ ਨੂੰ ਨੁਕਸਾਨ ਪਹੁੰਚਿਆ। ਪੁਲ ਦਾ ਇੱਕ ਹਿੱਸਾ ਵਿਚਕਾਰੋਂ ਹੇਠਾਂ ਵੱਲ ਝੁਕ ਗਿਆ ਹੈ। ਪੁਲ ਨੂੰ ਨੁਕਸਾਨ ਹੋਣ ਕਾਰਨ ਹਾਈਵੇਅ 'ਤੇ ਆਵਾਜਾਈ ਪ੍ਰਭਾਵਿਤ ਹੋਈ ਹੈ ਅਤੇ ਪ੍ਰਸ਼ਾਸਨ ਸਥਿਤੀ 'ਤੇ ਨਜ਼ਰ ਰੱਖ ਰਿਹਾ ਹੈ। ਸਥਾਨਕ ਪ੍ਰਸ਼ਾਸਨ ਅਤੇ ਰਾਸ਼ਟਰੀ ਰਾਜਮਾਰਗ ਅਥਾਰਟੀ ਦੀ ਟੀਮ ਮੌਕੇ 'ਤੇ ਮੌਜੂਦ ਹੈ ਅਤੇ ਸਥਿਤੀ ਦਾ ਜਾਇਜ਼ਾ ਲੈ ਰਹੀ ਹੈ। ਅਧਿਕਾਰੀਆਂ ਨੇ ਦੱਸਿਆ ਕਿ ਇਲਾਕੇ ਵਿੱਚ ਮੀਂਹ ਜਾਰੀ ਹੈ, ਜਿਸ ਕਾਰਨ ਨੀਵੇਂ ਇਲਾਕਿਆਂ ਵਿੱਚ ਪਾਣੀ ਭਰਨ ਅਤੇ ਜ਼ਮੀਨ ਖਿਸਕਣ ਦੀ ਸੰਭਾਵਨਾ ਹੈ। ਪ੍ਰਸ਼ਾਸਨ ਨੇ ਲੋਕਾਂ ਨੂੰ ਸਾਵਧਾਨ ਰਹਿਣ ਅਤੇ ਬੇਲੋੜੀ ਯਾਤਰਾ ਤੋਂ ਬਚਣ ਦੀ ਅਪੀਲ ਕੀਤੀ ਹੈ। ਦੱਸ ਦੇਈਏ ਕਿ ਇਹ ਪੁਲ ਸਹਾਰ ਖੱਡ ਨਦੀ 'ਤੇ ਬਣਿਆ ਹੈ। ਬਾਰਿਸ਼ ਕਾਰਨ ਨਦੀ ਪੂਰੀ ਤਰ੍ਹਾਂ ਉਛਲ ਰਹੀ ਹੈ। ਪਾਣੀ ਪੁਲ ਨਾਲ ਟਕਰਾ ਰਿਹਾ ਹੈ। ਪਾਣੀ ਦੇ ਤੇਜ਼ ਵਹਾਅ ਕਾਰਨ ਪੁਲ ਨੂੰ ਨੁਕਸਾਨ ਪਹੁੰਚਿਆ ਹੈ। ਅਧਿਕਾਰੀਆਂ ਨੇ ਕਿਹਾ ਕਿ ਜੰਮੂ ਸ਼ਹਿਰ ਦੇ ਕਈ ਇਲਾਕੇ, ਜਿਨ੍ਹਾਂ ਵਿੱਚ ਜਾਨੀਪੁਰ, ਰੂਪ ਨਗਰ, ਤਾਲਾਬ ਟਿੱਲੂ, ਜਿਊਲ ਚੌਕ, ਨਿਊ ਪਲਾਟ ਅਤੇ ਸੰਜੇ ਨਗਰ ਸ਼ਾਮਲ ਹਨ, ਪਾਣੀ ਘਰਾਂ ਵਿੱਚ ਦਾਖਲ ਹੋ ਗਿਆ, ਕੰਧਾਂ ਢਹਿ ਗਈਆਂ ਅਤੇ ਅਚਾਨਕ ਹੜ੍ਹਾਂ ਵਿੱਚ ਲਗਭਗ ਇੱਕ ਦਰਜਨ ਵਾਹਨ ਵਹਿ ਗਏ। ਅਧਿਕਾਰੀਆਂ ਨੇ ਲੋਕਾਂ ਲਈ ਸਲਾਹ ਜਾਰੀ ਕਰਕੇ ਨਦੀਆਂ, ਨਾਲਿਆਂ ਅਤੇ ਜ਼ਮੀਨ ਖਿਸਕਣ ਵਾਲੇ ਖੇਤਰਾਂ ਤੋਂ ਬਚਣ ਲਈ ਕਿਹਾ, ਕਿਉਂਕਿ ਮੌਸਮ ਵਿਭਾਗ ਨੇ 27 ਅਗਸਤ ਤੱਕ ਦਰਮਿਆਨੀ ਤੋਂ ਭਾਰੀ ਬਾਰਿਸ਼ ਦੀ ਭਵਿੱਖਬਾਣੀ ਕੀਤੀ ਸੀ, ਜਿਸ ਵਿੱਚ ਉੱਚੇ ਖੇਤਰਾਂ ਵਿੱਚ ਬੱਦਲ ਫਟਣ, ਅਚਾਨਕ ਹੜ੍ਹ ਅਤੇ ਜ਼ਮੀਨ ਖਿਸਕਣ ਦੀ ਸੰਭਾਵਨਾ ਹੈ।




## ਪਾਸਟਰ ਬਜਿੰਦਰ ਸਿੰਘ ਨੂੰ ਰਾਜਸਥਾਨ ਪੁਲਿਸ ਨੇ ਕੀਤਾ ਗ੍ਰਿਫ਼ਤਾਰ, ਪੁੱਛਗਿੱਛ ਲਈ ਭਰਤਪੁਰ ਲੈ ਕੇ ਪਹੁੰਚੀ

**ਜੈਪੁਰ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਬਲਾਤਕਾਰ ਦੇ ਇੱਕ ਮਾਮਲੇ ਵਿੱਚ ਪੰਜਾਬ ਦੀ ਮਾਨਸਾ ਜੇਲ੍ਹ ਵਿੱਚ ਬੰਦ



ਪਾਦਰੀ ਬਜਿੰਦਰ ਸਿੰਘ ਨੂੰ ਰਾਜਸਥਾਨ ਦੀ ਭਰਤਪੁਰ ਪੁਲਿਸ ਨੇ ਧਰਮ ਪਰਿਵਰਤਨ ਦੇ ਇੱਕ ਮਾਮਲੇ ਵਿੱਚ ਗ੍ਰਿਫ਼ਤਾਰ ਕਰ ਲਿਆ ਹੈ। ਪੁਲਿਸ ਉਸਨੂੰ ਸ਼ੁੱਕਰਵਾਰ ਸ਼ਾਮ ਨੂੰ ਪ੍ਰੋਡਕਸ਼ਨ ਵਾਰੰਟ 'ਤੇ ਭਰਤਪੁਰ ਲੈ ਆਈ ਅਤੇ ਪੁੱਛਗਿੱਛ ਤੋਂ ਬਾਅਦ, ਸ਼ਨੀਵਾਰ ਨੂੰ ਅਦਾਲਤ ਵਿੱਚ ਪੇਸ਼ ਕੀਤਾ, ਜਿੱਥੋਂ ਉਸਨੂੰ 15 ਦਿਨਾਂ ਲਈ ਨਿਆਂਇਕ ਹਿਰਾਸਤ ਵਿੱਚ ਜੇਲ੍ਹ ਭੇਜ ਦਿੱਤਾ ਗਿਆ। 12 ਫਰਵਰੀ, 2024 ਨੂੰ ਭਰਤਪੁਰ ਦੇ ਸੋਨਾਰ ਹਵੇਲੀ ਵਿੱਚ ਧਰਮ ਪਰਿਵਰਤਨ ਦਾ ਮਾਮਲਾ ਸਾਹਮਣੇ ਆਇਆ। 30 ਫਰਵਰੀ ਨੂੰ ਅਟਲ ਬੰਦ ਪੁਲਿਸ ਸਟੇਸ਼ਨ ਵਿੱਚ ਇੱਕ ਐਫਆਈਆਰ ਦਰਜ ਕੀਤੀ ਗਈ ਸੀ। ਇਸ ਵਿੱਚ ਪਾਦਰੀ ਦੀ ਭੂਮਿਕਾ ਸੀ। ਪੁਲਿਸ ਜਾਂਚ ਵਿੱਚ ਖੁਲਾਸਾ ਹੋਇਆ ਕਿ ਬਜਿੰਦਰ ਸਿੰਘ ਗਰੀਬਾਂ ਨੂੰ ਪੈਸੇ ਦੇ ਕੇ ਧਰਮ ਪਰਿਵਰਤਨ ਕਰਦਾ ਸੀ। ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਕਿ ਬਜਿੰਦਰ ਸਿੰਘ ਦੇ ਖਾਤਿਆਂ ਨੂੰ ਧਰਮ ਪਰਿਵਰਤਨ ਦੇ ਨਾਮ 'ਤੇ ਵਿਦੇਸ਼ਾਂ ਤੋਂ ਫੰਡ ਦਿੱਤਾ ਜਾਂਦਾ ਸੀ। ਹਾਲਾਂਕਿ, ਪੁਲਿਸ ਨੇ ਇਸਦੇ ਅਧਿਕਾਰਤ ਵੇਰਵੇ ਜਾਰੀ ਨਹੀਂ ਕੀਤੇ ਹਨ।

## ਜਾਬੀ ਸਿੱਖ ਨੌਜਵਾਨ ਹਰਜਿੰਦਰ ਸਿੰਘ ਨੂੰ ਗਲਤੀ ਤੋਂ ਕਈ ਗੁਣਾ ਵੱਧ ਮਿਲ ਰਹੀ ਸਜ਼ਾ, ਮੋਦੀ ਨੂੰ ਇਨਸਾਫ ਦਵਾਉਣ ਦੀ ਕੀਤੀ ਅਪੀਲ

**ਫਲੋਰੀਡਾ (ਯੂ. ਐਸ. ਏ.), 24 ਅਗਸਤ (ਆਵਾਜ਼ਿ ਕੌਮ ਬਿਊਰੋ)**-12 ਅਗਸਤ ਨੂੰ ਫਲੋਰੀਡਾ ਦੇ ਹਾਦਸੇ ਵਿੱਚ ਤਿੰਨ ਲੋਕਾਂ ਦੀ ਮੌਤ ਦੇ ਦੋਸ਼ੀ ਟਰੱਕ ਡਰਾਈਵਰ ਹਰਜਿੰਦਰ ਸਿੰਘ ਨੂੰ ਪਹਿਲੀ ਵਾਰ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਉਸ 'ਤੇ ਦੋ ਮਾਮਲਿਆਂ ਵਿੱਚ ਮੁਕੱਦਮਾ ਚਲਾਇਆ ਜਾ ਰਿਹਾ ਹੈ। ਪਹਿਲੇ ਮਾਮਲੇ ਵਿੱਚ, ਹਰਜਿੰਦਰ 'ਤੇ ਕਤਲ ਦੀ ਕੋਸ਼ਿਸ਼ ਦਾ ਦੋਸ਼ ਲਗਾਇਆ ਗਿਆ ਸੀ। ਜਦੋਂ ਕਿ ਦੂਜੇ ਮਾਮਲੇ ਵਿੱਚ ਤਿੰਨ ਕਤਲ ਦੇ ਦੋਸ਼ ਵੀ ਲਗਾਏ ਗਏ ਹਨ। ਅਦਾਲਤ ਨੇ ਜ਼ਮਾਨਤ ਨਾ ਦੇਣ ਦਾ ਹੁਕਮ ਦਿੱਤਾ ਹੈ। ਇਸ ਤੋਂ ਇਸ ਨੂੰ ਲੈ ਕੇ ਪੰਜਾਬੀ ਭਾਈਚਾਰਾ ਉਸ ਨੌਜਵਾਨ ਦੇ ਹੱਕ ਵਿੱਚ ਆਇਆ ਹੈ। ਇਸ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਅਮਰੀਕਾ ਵਿੱਚ ਸਾਡੇ ਪੰਜਾਬੀ ਸਿੱਖ ਨੌਜਵਾਨ ਹਰਜਿੰਦਰ ਸਿੰਘ ਵੱਲੋਂ ਟਰੱਕ ਚਲਾਉਂਦੇ ਸਮੇਂ ਹੋਏ ਐਕਸੀਡੈਂਟ 'ਤੇ ਉਸ ਵਿਰੁੱਧ ਕੀਤੀ ਜਾ ਰਹੀ ਕਾਰਵਾਈ ਉਸ ਦੇ ਕਸੂਰ ਅਤੇ ਗਲਤੀ ਤੋਂ ਕਈ ਗੁਣਾ ਵੱਧ ਹੈ,



ਜਿਸ ਦੀ ਦੁਨੀਆਂ ਦੇ ਕਿਸੇ ਵੀ ਸੱਭਿਅਕ ਤੇ ਮਨੁੱਖੀ ਅਧਿਕਾਰਾਂ ਬਾਰੇ ਸੁਚੇਤ ਸਮਾਜ ਦੇ ਇਤਿਹਾਸ ਵਿੱਚ ਕੋਈ ਮਿਸਾਲ ਨਹੀਂ ਮਿਲਦੀ । ਉਸ ਹਾਦਸੇ ਵਿਚ ਸ਼ਿਕਾਰ ਹੋਏ ਵਿਅਕਤੀਆਂ ਤੇ ਉਹਨਾਂ ਦੇ ਪਰਿਵਾਰਾਂ ਨਾਲ ਸ਼੍ਰੋਮਣੀ ਅਕਾਲੀ ਦਲ, ਸਿੱਖ ਕੌਮ, ਸਮੂਹ ਪੰਜਾਬੀਆਂ ਤੇ ਦੇਸ਼ ਵਾਸੀਆਂ ਦੀ ਹਮਦਰਦੀ ਹੈ, ਪਰ ਸੜਕ ਹਾਦਸੇ ਲਈ ਇੱਕ ਸੀਮਾ ਵਿੱਚ ਰਹਿ ਕੇ ਵਾਜਿਬ ਕਾਨੂੰਨੀ ਕਾਰਵਾਈ ਬਣਦੀ ਹੈ, ਜਿਸ ਤਰ੍ਹਾਂ ਸਾਰੀਆਂ ਸੀਮਾਵਾਂ ਪਾਰ ਕਰ ਕੇ ਇਸ ਮਾਸੂਮ ਬੱਚੇ ਤੋਂ ਅਣਜਾਣੇ ਅਤੇ ਬਿਨਾਂ ਕਿਸੇ ਮੰਦਭਾਵਨਾ ਦੇ ਹੋਈ ਗਲਤੀ ਕਰਕੇ ਉਸ ਦਾ ਸਾਰਾ ਜੀਵਨ ਹੀ ਬਰਬਾਦ ਕਰਨ ਦਾ ਰਾਹ ਅਪਣਾਇਆ ਜਾ ਰਿਹਾ ਹੈ ਅਤੇ ਜਿਸ ਤਰ੍ਹਾਂ ਇਸ ਗਲਤੀ ਕਾਰਨ ਅਮਰੀਕਾ ਵਿੱਚ ਰਹਿੰਦੇ ਸਮੂਹ ਸਿੱਖ ਤੇ ਪੰਜਾਬੀ ਭਾਈਚਾਰੇ ਨੂੰ ਨਿਸ਼ਾਨਾ ਬਣਾ ਕੇ ਸਜ਼ਾ ਦੇਣ ਦਾ ਅਮਲ ਸ਼ੁਰੂ ਕੀਤਾ ਗਿਆ ਹੈ, ਉਹ ਬਿਲਕੁਲ ਹੀ ਅਣਮਨੁੱਖੀ ਵਰਤਾਰਾ ਹੈ ਜਿਸ ਨੂੰ ਤੁਰੰਤ ਰੋਕਿਆ ਜਾਣਾ ਚਾਹੀਦਾ ਹੈ ।

## ਪੰਜਾਬ 'ਚ ਮੱਚਿਆ ਹੜਕੰਪ, ਬੰਬ ਮਿਲਣ 'ਤੇ ਲੋਕਾਂ 'ਚ ਫੈਲੀ ਦਹਿਸ਼ਤ



**ਲੁਧਿਆਣਾ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਪੁਲਿਸ ਨੇ ਇੱਕ ਮੁਕਾਬਲੇ ਤੋਂ ਬਾਅਦ ਕੁਝ ਲੋਕਾਂ ਨੂੰ ਗ੍ਰਨੇਡ ਅਤੇ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਸ ਦੇ ਨਾਲ ਹੀ ਪੁਲਿਸ ਨੇ ਇੱਕ ਵੱਡੇ ਅਪਰਾਧ ਨੂੰ ਨਾਕਾਮ ਕਰ ਦਿੱਤਾ ਹੈ। ਫਿਲਹਾਲ ਬੰਬ ਡਿਸਪੋਜ਼ਲ ਸਕੁਐਡ ਰਾਹੀਂ ਬੰਬ ਨੂੰ ਨਕਾਰਾ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਐਸਐਸਪੀ ਡਾ. ਅੰਕੁਰ ਗੁਪਤਾ ਨੇ ਦੱਸਿਆ ਕਿ ਸੀਆਈਏ ਸਟਾਫ ਨੂੰ ਮੁਖਬਰ ਦੀ ਸੂਚਨਾ 'ਤੇ ਪਤਾ ਲੱਗਾ ਕਿ ਕੁਝ ਸ਼ੱਕੀ ਲੋਕ ਸਿੱਧਵਾਂ ਬੇਟ ਇਲਾਕੇ ਵਿੱਚ ਘੁੰਮ ਰਹੇ ਹਨ ਅਤੇ ਕੋਈ ਵਾਰਦਾਤ ਕਰਨ ਦੀ ਯੋਜਨਾ ਬਣਾ ਰਹੇ ਹਨ। ਪਤਾ ਲੱਗਾ ਕਿ ਉਨ੍ਹਾਂ ਕੋਲ ਹਥਿਆਰ ਅਤੇ ਵਿਸਫੋਟਕ ਹਨ। ਇਸ 'ਤੇ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਉਨ੍ਹਾਂ ਦੀ ਭਾਲ ਸ਼ੁਰੂ ਕਰ ਦਿੱਤੀ। ਉਨ੍ਹਾਂ ਦੱਸਿਆ ਕਿ ਜਦੋਂ ਪੁਲਿਸ ਪਾਰਟੀ ਝਾਂਡੀ ਤੋਂ ਆਉਂਦੀ ਕੱਚਾ ਸੜਕ 'ਤੇ ਗਸ਼ਤ ਕਰ ਰਹੀ ਸੀ ਤਾਂ ਦੂਜੇ ਪਾਸਿਓਂ ਆ ਰਹੀ ਸਕਾਰਪੀਓ ਕਾਰ ਵਿੱਚ ਬੈਠੇ ਲੋਕ ਪੁਲਿਸ ਪਾਰਟੀ ਨੂੰ ਦੇਖ ਕੇ ਡਰ ਗਏ ਅਤੇ ਕਾਰ ਨੂੰ ਪਿੱਛੇ ਭਜਾ ਲਈ। ਇਸ ਦੌਰਾਨ ਉਨ੍ਹਾਂ ਦੀ ਕਾਰ ਇੱਕ ਦਰੱਖਤ ਨਾਲ ਟਕਰਾ ਗਈ, ਜਿਸ ਵਿੱਚ 5 ਲੋਕ ਸਵਾਰ ਸਨ। ਕਾਰ ਦੀ ਪਿਛਲੀ ਖਿੜਕੀ ਵਿੱਚੋਂ ਨਿਕਲ ਰਹੇ ਇੱਕ ਵਿਅਕਤੀ ਨੇ ਪੁਲਿਸ ਪਾਰਟੀ 'ਤੇ ਗੋਲੀਆਂ ਚਲਾਈਆਂ। ਇਹ ਗੋਲੀ ਸਾਡੀ ਪੁਲਿਸ ਪਾਰਟੀ ਦੇ ਇੱਕ ਜਵਾਨ ਦੀ ਪੱਗ ਵਿੱਚ ਲੱਗੀ। ਜਵਾਬੀ ਕਾਰਵਾਈ ਵਿੱਚ ਪੁਲਿਸ ਪਾਰਟੀ ਨੇ ਵੀ ਇੱਕ ਗੋਲੀ ਚਲਾਈ ਜੋ ਉਸਦੀ ਲੱਤ ਵਿੱਚ ਲੱਗੀ। ਇਸ ਕਾਰਨ ਉਹ ਜ਼ਖਮੀ ਹੋ ਗਿਆ ਅਤੇ ਐਂਬੂਲੈਂਸ ਬੁਲਾਈ ਗਈ ਅਤੇ ਜ਼ਖਮੀ ਵਿਅਕਤੀ ਨੂੰ ਤੁਰੰਤ ਸਿਵਲ ਹਸਪਤਾਲ ਭੇਜਿਆ ਗਿਆ। ਐਸਐਸਪੀ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਇਸ ਘਟਨਾ ਵਿੱਚ ਕਿਸੇ ਵੀ ਪੁਲਿਸ ਕਰਮਚਾਰੀ ਦੇ ਜ਼ਖਮੀ ਹੋਣ ਦੀ ਕੋਈ ਖ਼ਬਰ ਨਹੀਂ ਹੈ। ਉਨ੍ਹਾਂ ਕਿਹਾ ਕਿ ਅਰਜਨ ਨਾਮਕ ਵਿਅਕਤੀ ਤੋਂ ਇੱਕ ਗ੍ਰਨੇਡ ਵੀ ਮਿਲਿਆ ਹੈ। ਬੰਬ ਨਿਰੋਧਕ ਦਸਤੇ ਨੂੰ ਬੁਲਾਇਆ ਜਾਵੇਗਾ ਅਤੇ ਇਸਨੂੰ ਨਸ਼ਟ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇੱਕ 32 ਬੋਰ ਪਿਸਤੌਲ ਵੀ ਬਰਾਮਦ ਕੀਤਾ ਗਿਆ ਹੈ। ਜਾਣਕਾਰੀ ਦਿੰਦੇ ਹੋਏ ਐਸਐਸਪੀ ਨੇ ਕਿਹਾ ਕਿ ਉਨ੍ਹਾਂ ਤੋਂ ਪੂਰੀ ਪੁੱਛਗਿੱਛ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜਾਣਕਾਰੀ ਅਨੁਸਾਰ ਪਤਾ ਲੱਗਾ ਹੈ ਕਿ ਉਹ ਤਰਨਤਾਰਨ ਇਲਾਕੇ ਦੇ ਰਹਿਣ ਵਾਲੇ ਹਨ। ਉਨ੍ਹਾਂ ਕਿਹਾ ਕਿ ਜੋ ਵੀ ਇਸ ਘਟਨਾ ਨਾਲ ਸਬੰਧਤ ਹੈ, ਅਸੀਂ ਉਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਨਹੀਂ ਬਖਸ਼ਾਂਗੇ।

## ਹੁਸ਼ਿਆਰਪੁਰ ਟੈਂਕਰ ਹਾਦਸੇ ਦੇ ਮਾਮਲੇ 'ਚ ਪੁਲਸ ਦੀ ਵੱਡੀ ਕਾਰਵਾਈ, 4 ਮੁਲਜ਼ਮ ਕੀਤੇ ਗ੍ਰਿਫ਼ਤਾਰ, ਹੋਏ ਵੱਡੇ ਖ਼ੁਲਾਸੇ

**ਹੁਸ਼ਿਆਰਪੁਰ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਹੁਸ਼ਿਆਰਪੁਰ ਵਿਚ ਵਾਪਰੇ ਟੈਂਕਰ ਬਲਾਸਟ ਦੇ ਮਾਮਲੇ ਵਿਚ ਵੱਡੀ ਅਪਡੇਟ ਸਾਹਮਣੇ ਆਈ ਹੈ। ਇਸ ਮਾਮਲੇ ਵਿਚ ਪੁਲਸ ਨੇ ਚਾਰ ਮੁਲਜ਼ਮ ਗ੍ਰਿਫ਼ਤਾਰ ਕੀਤੇ ਹਨ। ਐੱਸ. ਐੱਸ. ਪੀ. ਸੰਦੀਪ ਮਲਿਕ ਨੇ ਪਿੰਡ ਮੰਡਿਆਲਾ ਵਿਚ ਵਾਪਰੇ ਟੈਂਕਰ ਹਾਦਸੇ ਬਾਰੇ ਅੱਜ ਇਕ ਪ੍ਰੈੱਸ ਕਾਨਫ਼ਰੰਸ ਵਿੱਚ ਦੱਸਿਆ ਕਿ ਇਹ ਹਾਦਸਾ ਟੈਂਕਰ ਡਰਾਈਵਰ ਦੀ ਗਲਤੀ ਕਾਰਨ ਵਾਪਰਿਆ। ਇਹ ਜਾਣਦੇ ਹੋਏ ਕਿ ਉਸ ਦਾ ਟੈਂਕਰ ਗੈਸ ਨਾਲ ਭਰਿਆ ਹੋਇਆ ਸੀ, ਉਸ ਨੇ ਟੈਂਕਰ ਨੂੰ ਲਿੰਕ ਰੋਡ 'ਤੇ ਮੋੜ ਦਿੱਤਾ। ਇਸ



ਮਾਮਲੇ ਵਿੱਚ ਟੈਂਕਰ ਡਰਾਈਵਰ ਵਿਰੁੱਧ 23 ਅਗਸਤ ਨੂੰ ਥਾਣਾ ਬੁੱਲ੍ਹੋਵਾਲ ਵਿੱਚ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਪੁਲਸ ਨੇ ਇਸ ਮਾਮਲੇ ਵਿੱਚ 4 ਮੁਲਜ਼ਮ ਸੁਖਚੈਨ ਸਿੰਘ ਉਰਫ਼ ਸੁੱਖਾ ਥਾਣਾ ਬੁੱਲੋਵਾਲ, ਅਵਤਾਰ ਸਿੰਘ ਉਰਫ਼ ਮਤੀ ਵਾਸੀ ਝੰਡੀ ਬੁੱਲੋਵਾਲ, ਰਮੇਸ਼ ਕੁਮਾਰ ਅਤੇ ਰਾਜ ਕੁਮਾਰ ਪੁੱਤਰ ਜਨਕ ਦਾਸ ਵਾਸੀ ਲੰਮਾ ਪਿੰਡ ਜਲੰਧਰ ਨੂੰ ਗ੍ਰਿਫ਼ਤਾਰ ਕੀਤਾ ਹੈ। ਉਨ੍ਹਾਂ ਦੱਸਿਆ ਕਿ 22 ਅਗਸਤ ਨੂੰ ਰਾਤ ਕਰੀਬ 10 ਵਜੇ ਕੰਟਰੋਲ ਰੂਮ ਨੂੰ ਫੋਨ ਆਇਆ ਕਿ ਜਲੰਧਰ ਹੁਸ਼ਿਆਰਪੁਰ ਰੋਡ 'ਤੇ ਮੰਡਿਆਲਾ ਪਿੰਡ ਵਿੱਚ ਇੰਡੀਅਨ ਆਇਲ ਪੈਟਰੋਲ ਪੰਪ ਨੇੜੇ ਜਲੰਧਰ ਵਾਲੇ ਪਾਸੇ ਤੋਂ ਸਬਜ਼ੀਆਂ ਨਾਲ ਭਰੀ ਇਕ ਮਹਿੰਦਰਾ ਪਿਕਅੱਪ ਦੀ ਗੈਸ ਟੈਂਕਰ ਨਾਲ ਟੱਕਰ ਹੋ ਗਈ ਹੈ ਅਤੇ ਮੌਕੇ 'ਤੇ ਭਾਰੀ ਅੱਗ ਲੱਗ ਗਈ ਹੈ। ਜਿਸ ਤੋਂ ਬਾਅਦ ਡੀ. ਐੱਸ. ਪੀ. ਨਰਿੰਦਰ ਸਿੰਘ ਅਤੇ ਸਬ ਇੰਸਪੈਕਟਰ ਮਨਿੰਦਰ ਸਿੰਘ, ਮੁੱਖ ਪੁਲਸ ਅਧਿਕਾਰੀ ਬੁੱਲੋਵਾਲ, ਏ. ਐੱਸ. ਆਈ. ਸੁਰਿੰਦਰ ਪਾਲ ਸਿੰਘ, ਇੰਚਾਰਜ ਚੌਂਕੀ ਨਸਰਾਲਾ, ਏ. ਐੱਸ. ਆਈ. ਸੰਜੀਵ ਕੁਮਾਰ, ਇੰਚਾਰਜ ਚੌਂਕੀ ਸ਼ਾਮਚੁਰਾਸੀ ਪੁਲਸ ਫੋਰਸ ਨਾਲ ਮੌਕੇ 'ਤੇ ਪਹੁੰਚੇ ਅਤੇ ਲੋਕਾਂ ਦੀ ਮਦਦ ਨਾਲ ਬਚਾਅ ਕਾਰਜ ਸ਼ੁਰੂ ਕੀਤੇ ਗਏ। ਕੰਟਰੋਲ ਰੂਮ ਨੂੰ ਤੁਰੰਤ ਵੱਧ ਤੋਂ ਵੱਧ ਫਾਇਰ ਬ੍ਰਿਗੇਡ ਗੱਡੀਆਂ ਅਤੇ ਐਂਬੂਲੈਂਸਾਂ ਨੂੰ ਮੌਕੇ 'ਤੇ ਭੇਜਣ ਦੀ ਅਪੀਲ ਕੀਤੀ ਗਈ। ਮੌਕੇ 'ਤੇ ਪਾਇਆ ਗਿਆ ਕਿ ਟੈਂਕਰ ਐੱਲ. ਪੀ. ਜੀ. ਗੈਸ ਨਾਲ ਭਰਿਆ ਹੋਇਆ ਸੀ, ਜਿਸ ਨੂੰ ਉਪਰੋਕਤ ਮਹਿੰਦਰਾ ਪਿਕਅੱਪ ਗੱਡੀ ਨੇ ਟੱਕਰ ਮਾਰ ਦਿੱਤੀ ਅਤੇ ਹਾਦਸੇ ਕਾਰਨ ਟੈਂਕਰ ਵਿੱਚੋਂ ਗੈਸ ਲੀਕ ਹੋ ਗਈ ਅਤੇ ਭਿਆਨਕ ਅੱਗ ਲੱਗ ਗਈ। ਇਸ ਹਾਦਸੇ ਵਿਚ ਦੋਵੇਂ ਗੱਡੀਆਂ ਬੁਰੀ ਤਰ੍ਹਾਂ ਸੜ ਗਈਆਂ ਅਤੇ ਅੱਗ ਮੇਨ ਰੋਡ ਦੇ ਆਲੇ-ਦੁਆਲੇ ਦੀਆਂ ਦੁਕਾਨਾਂ ਅਤੇ ਘਰਾਂ ਵਿੱਚ ਫੈਲ ਗਈ। ਜਦੋਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਅਤੇ ਐਂਬੂਲੈਂਸਾਂ ਮੌਕੇ 'ਤੇ ਪਹੁੰਚੀਆਂ ਤਾਂ ਉੱਥੇ ਮੌਜੂਦ ਲੋਕਾਂ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਇਆ ਗਿਆ ਅਤੇ ਅੱਗ ਨਾਲ ਝੁਲਸੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਤੋਂ ਬਾਹਰ ਕੱਢਿਆ ਗਿਆ ਅਤੇ ਤੁਰੰਤ ਐਂਬੂਲੈਂਸ ਰਾਹੀਂ ਸਿਵਲ ਹਸਪਤਾਲ ਹੁਸ਼ਿਆਰਪੁਰ ਲਿਜਾਇਆ ਗਿਆ। ਜਲੰਧਰ, ਫਗਵਾੜਾ, ਕਪੂਰਥਲਾ, ਆਦਮਪੁਰ, ਏਅਰਫੋਰਸ ਸਟੇਸ਼ਨ ਦੀਆਂ ਵੱਖ-ਵੱਖ ਐਮਰਜੈਂਸੀ ਫਾਇਰ ਸਰਵਿਸਿਜ਼ ਟੀਮਾਂ ਤੋਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੂੰ ਬੁਲਾ ਕੇ ਅੱਗ 'ਤੇ ਕਾਬੂ ਪਾਇਆ ਗਿਆ। ਟੈਂਕਰ ਅਤੇ ਮਹਿੰਦਰਾ ਪਿਕਅੱਪ ਬੁਰੀ ਤਰ੍ਹਾਂ ਸੜ ਗਏ ਸਨ ਅਤੇ ਉਨ੍ਹਾਂ ਦੇ ਨੰਬਰ ਪੜ੍ਹਨਯੋਗ ਨਹੀਂ ਸਨ। ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਨ 'ਤੇ ਪਤਾ ਲੱਗਾ ਕਿ ਹਾਦਸਾਗ੍ਰਸਤ ਟੈਂਕਰ ਦੇ ਡਰਾਈਵਰ ਦਾ ਨਾਮ ਸੁਖਜੀਤ ਵਾਸੀ ਪੰਧੇਰ ਖੇੜੀ ਥਾਣਾ ਮਲੋਦ ਜ਼ਿਲ੍ਹਾ ਖੰਨਾ ਹੈ ਅਤੇ ਹਾਦਸੇ ਸਮੇਂ ਸੁਖਚੈਨ ਸਿੰਘ ਸੁੱਖਾ ਵਾਸੀ ਰਾਮਨਗਰ ਢੇਹਾ ਆਪਣੇ ਕੈਂਪ ਜਾ ਰਿਹਾ ਸੀ।

## ਲੁਧਿਆਣਾ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਮਹਾਂਪੰਚਾਇਤ, ਸੂਬੇ ਭਰ ਤੋਂ ਪਹੁੰਚੇ ਕਿਸਾਨ



**ਲੁਧਿਆਣਾ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਸੰਯੁਕਤ ਕਿਸਾਨ ਮੋਰਚਾ ਵੱਲੋਂ ਅੱਜ ਲੁਧਿਆਣਾ ਦੇ ਕਸਬੇ ਸਮਰਾਲਾ ਵਿੱਚ ਇੱਕ ਮਹਾਂਪੰਚਾਇਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸਮਰਾਲਾ ਦੀ ਦਾਣਾ ਮੰਡੀ ਵਿੱਚ ਕਿਸਾਨਾਂ ਦੀ ਇੱਕ ਵੱਡੀ ਭੀੜ ਇਕੱਠੀ ਹੋਈ ਹੈ। ਸਰਕਾਰ ਵੱਲੋਂ ਲੈਂਡ ਪੂਲਿੰਗ ਨੀਤੀ ਰੱਦ ਕਰਨ ਤੋਂ ਬਾਅਦ, ਅੱਜ ਕਿਸਾਨ ਸੰਗਠਨ ਕਈ ਮਹੱਤਵਪੂਰਨ ਐਲਾਨ ਕਰਨਗੇ। ਮਹਾਂਪੰਚਾਇਤ ਵਿੱਚ ਕਿਸਾਨ ਨੇਤਾ ਬਲਬੀਰ ਸਿੰਘ ਰਾਜੇਵਾਲ, ਹਰਿੰਦਰ ਸਿੰਘ ਲੱਖੋਵਾਲ, ਮੇਜਰ ਸਿੰਘ ਅਤੇ ਡਾ. ਦਰਸ਼ਨਪਾਲ ਵਰਗੇ ਪ੍ਰਮੁੱਖ ਆਗੂ ਸ਼ਾਮਲ ਹਨ। ਕਿਸਾਨ ਸੰਗਠਨ ਅਮਰੀਕਾ ਵੱਲੋਂ ਲਗਾਏ ਗਏ ਟੈਰਿਫ ਦਾ ਵੀ ਵਿਰੋਧ ਕਰ ਰਹੇ ਹਨ। ਕਿਸਾਨ ਨੇਤਾਵਾਂ ਦਾ ਕਹਿਣਾ ਹੈ ਕਿ ਭਾਰਤ ਸਰਕਾਰ ਅਮਰੀਕਾ ਨਾਲ ਕਈ ਸਮਝੌਤੇ ਕਰਨ ਜਾ ਰਹੀ ਹੈ, ਪਰ ਜੇਕਰ ਉਸ ਨੀਤੀ ਵਿੱਚ ਕਿਸਾਨਾਂ ਦੇ ਅਧਿਕਾਰਾਂ ਬਾਰੇ ਕੋਈ ਨਾਦਰਸ਼ਾਹੀ ਫ਼ਰਮਾਨ ਜਾਰੀ ਕੀਤਾ ਜਾਂਦਾ ਹੈ, ਤਾਂ ਇਸਦਾ ਸਖ਼ਤ ਵਿਰੋਧ ਕੀਤਾ ਜਾਵੇਗਾ। ਕਿਸਾਨ ਨੇਤਾਵਾਂ ਨੇ ਚੇਤਾਵਨੀ ਦਿੱਤੀ ਹੈ ਕਿ ਉਹ ਇੱਕ ਵੱਡਾ ਅੰਦੋਲਨ ਕਰਨਗੇ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਕਿਸਾਨਾਂ ਨੇ ਕਾਲੇ ਕਾਨੂੰਨ ਰੱਦ ਕਰਵਾਏ, ਉਸੇ ਤਰ੍ਹਾਂ ਉਹ ਆਪਣੇ ਹੱਕਾਂ ਲਈ ਹਰ ਲੜਾਈ ਲੜਨ ਲਈ ਤਿਆਰ ਹਨ। ਕਿਸਾਨ ਨੇਤਾਵਾਂ ਦਾ ਕਹਿਣਾ ਹੈ ਕਿ ਲੈਂਡ ਪੂਲਿੰਗ ਨੀਤੀ ਰੱਦ ਕਰਵਾ ਕੇ ਕਿਸਾਨਾਂ ਨੇ ਸੂਬਾ ਸਰਕਾਰ ਨੂੰ ਝੁਕਾਇਆ ਹੈ। ਇਸ ਦੇ ਨਾਲ ਹੀ ਕਿਸਾਨ ਆਗੂਆਂ ਨੇ ਹੜ੍ਹਾਂ ਕਾਰਨ ਫਸਲਾਂ ਨੂੰ ਹੋਏ ਨੁਕਸਾਨ ਦੇ ਮੁਆਵਜ਼ੇ ਨੂੰ ਲੈ ਕੇ ਵੀ ਸਰਕਾਰ 'ਤੇ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਵੀ ਕਿਸਾਨਾਂ ਨੂੰ ਮੁਆਵਜ਼ਾ ਨਹੀਂ ਮਿਲਿਆ ਅਤੇ ਇਸ ਸਾਲ ਵੀ ਸਰਕਾਰ ਮੁਆਵਜ਼ਾ ਦੇਣ ਤੋਂ ਝਿਜਕ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਹੜ੍ਹਾਂ ਕਾਰਨ ਪੰਜਾਬ ਦੇ ਖੇਤਾਂ ਨੂੰ ਤਬਾਹ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵੱਲੋਂ



# ਪੰਜ ਤਖ਼ਤ ਸਾਹਿਬਾਨ

ਅਤੇ

## 32 ਤੋਂ ਵੱਧ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ

29 ਅਕਤੂਬਰ ਤੋਂ 8 ਨਵੰਬਰ 2025 ਅਤੇ 15 ਫਰਵਰੀ 2026 ਤੋਂ 25 ਫਰਵਰੀ 2026

ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

★ ਸੰਪਰਕ ★

ਭਾਈ ਰਘਵੀਰ ਸਿੰਘ
+44 7976 210161




CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ
AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR WEBSITE


SCAN HERE FOR WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ ਕੌਮ
AWAZE QAUM
International Newspaper & WEB TV



ਠੀਕਰਿ ਫੋਰਿ ਦਿਲੀਸ ਸਿਰਿ ਪ੍ਰਭ ਪੁਰ ਕੀਆ ਪਯਾਨ॥ ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ॥

# ਨੌਵੇਂ ਪਾਤਿਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ

# 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

ਸ਼ਹੀਦ ਭਾਈ ਮਤੀ ਦਾਸ ਜੀ, ਸ਼ਹੀਦ ਭਾਈ ਸਤੀ ਦਾਸ ਜੀ, ਸ਼ਹੀਦ ਭਾਈ ਦਿਆਲਾ ਜੀ
ਲੱਖੀ ਸ਼ਾਹ ਵਣਜਾਰਾ ਤੇ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਮਹਾਨ ਕੁਰਬਾਨੀ ਨੂੰ ਯਾਦ ਕਰਦਿਆਂ

ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਮੂਹ ਖਾਲਸਾ ਪੰਥ ਦੇ ਸਹਿਯੋਗ ਨਾਲ

# ਵਿਸ਼ਾਲ ਨਗਰ ਕੀਰਤਨ

**31 ਅਗਸਤ ਦਿਨ ਐਤਵਾਰ ਨੂੰ ਗੁ: ਕੋਠਾ ਸਹਿਬ ਵੱਲ੍ਹਾ ਤੋਂ ਪਿੰਡਾ ਚੋ ਹੁੰਦਾ ਹੋਇਆਂ ਕਥੂਨੰਗਲ ਬਾਬਾ ਬੁੱਢਾ ਜੀ ਦੇ ਜਨਮ ਅਸਥਾਨ ਵਿਖੇ ਸਮਾਪਤੀ ਹੋਵੇਗੀ**



ਗੁਰੂ ਪੰਥ ਦੇ ਦਾਸ
ਸਿੰਘ ਸਾਹਿਬ ਭਾਈ ਜਸਬੀਰ ਸਿੰਘ ਖਾਲਸਾ

ਵੱਲੋਂ:- ਇੰਟਰਨੈਸ਼ਨਲ ਪੰਥਕ ਦਲ ਅਤੇ ਸਮੂਹ ਸਹਿਯੋਗੀ ਜੱਥੇਬੰਦੀਆਂ (M) 62393-03731, 98766-82168

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









## SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

## SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV




# ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਦੇ ਧਾਰਮਿਕ ਸਮਾਗਮਾਂ ਲਈ ਭਾਈ ਕਪਤਾਨ ਸਿੰਘ ਨਾਲ ਸੰਪਰਕ ਕੀਤਾ ਜਾ ਸਕਦਾ ਹੈ।



# +44 7788 283485

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਠੀਕਰਿ ਫੋਰਿ ਦਿਲੀਸ ਸਿਰਿ ਪ੍ਰਭ ਪੁਰ ਕੀਯਾ ਪਿਯਾਨ ॥
ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ ॥
ਨੌਂਵੇਂ ਪਾਤਿਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਸ਼ਹੀਦ ਭਾਈ ਮਤੀ ਦਾਸ ਜੀ, ਸ਼ਹੀਦ ਭਾਈ ਸਤੀ ਰਾਮ ਜੀ,
ਸ਼ਹੀਦ ਭਾਈ ਦਿਆਲਾ ਜੀ, ਲੱਖੀ ਸ਼ਾਹ ਵਣਜਾਰਾ ਤੇ
ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਮਹਾਨ ਕੁਰਬਾਨੀ ਨੂੰ ਯਾਦ ਕਰਦਿਆਂ
ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਮੂਹ ਖਾਲਸਾ ਪੰਥ ਦੇ ਸਹਿਯੋਗ ਨਾਲ
ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
ਵਿਸ਼ਾਲ ਨਗਰ ਕੀਰਤਨ
ਸਜਾਏ ਜਾ ਰਹੇ ਹਨ। ਨਗਰ ਕੀਰਤਨ ਆਪ ਜੀ ਦੇ ਨਗਰ ਵਿੱਚ ਪਹੁੰਚ ਰਿਹਾ ਹੈ, ਸਮੂਹ ਨਗਰ ਨਿਵਾਸੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਵਾਸਤੇ ਇੱਕ ਜਗਾ ਤੇ ਇਕੱਠੇ ਹੋ ਕੇ ਦਰਸ਼ਨ ਦੀਦਾਰੇ ਕਰੀਏ ਅਤੇ ਆਪੋ-ਆਪਣੀਆਂ ਗੱਡੀਆਂ, ਮੋਟਰਸਾਈਕਲਾਂ 'ਤੇ ਸੰਗਤਾਂ ਨੂੰ ਨਾਲ ਲੈ ਕੇ ਨਗਰ ਕੀਰਤਨ ਵਿੱਚ ਸ਼ਾਮਲ ਹੋ ਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰੀਏ।
29/08/2025 ਦਿਨ ਸ਼ੁੱਕਰਵਾਰ ਆਰੰਭ:- ਭੂਰਾ ਕੋਹਨਾ, ਭੂਰਾ ਕਰੀਮਪੁਰਾ, ਮਨਾਵਾਂ, ਨੂਰਵਾਲਾ, ਕਾਲੀਆ, ਸਕੱਤਰਾਂ, ਦੂਹਲ, ਕਲੰਜਰ, ਚੀਮਾਂ, ਅਮਰਕੋਟ, ਮਹਿਮੂਦਪੁਰਾ, ਲਾਖਣਾ, ਰਾਜੋਕੇ, ਵਾਂ ਬਾਬਾ ਤਾਰਾ ਸਿੰਘ, ਮੱਦਰ, ਚੱਕ ਬਾਂਹਬਾ, ਹੁੰਦਲ, ਬਾਸਰਕੇ, ਭੈਣੀ ਮੱਸਾ ਸਿੰਘ, ਅਲਗੋਂ ਖੁਰਦ, ਚੂੰਘ, ਮਾੜੀ ਬੋਹੜ ਵਾਲੀ, ਮਾੜੀ ਗੌੜ ਸਿੰਘ, ਮਾੜੀ ਸਮਰਾ, ਭਿੱਖੀਵਿੰਡ, ਪਹੂਵਿੰਡ ਸਾਹਿਬ (ਮੋ:- 98155-16376)




ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ –20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ
ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404
ਸੰਪਰਕ ਨੰਬਰ
98141-27470
84278-66404
73408-35137

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mentioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**--ADVICE--**
**Request to all Sangat to have own travel Insurance individualy!**

**Program is subject to change without Prior Notice.**

ਆਵਾਜ਼ਿ ਕੌਮ AWAZE QAUM

## JOURNEY OF A LIFE TIME
# PANJ TAKHAT YATRA
## 5 TAKHAT YATRA - 10 NIGHTS / 11 DAYS

ਆਵਾਜ਼ਿ ਕੌਮ AWAZE QAUM

### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**


| | | | |
|---|---|---|---|
| **RAGHBIR SINGH** | **PARAMJIT SHERGILL** | **INDERJIT KAUR** | **KULVINDER MANN** |
| **+44 7458 381111, +44 7976 210161** | **+44 7858 198159** | **+44 7883 635835** | **+44 7900 982906** |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ॥

## RAGHBIR SINGH (Call : +44 7976 210161)

121. Broadway west Walsall, West Midlands, WS1 4DW, England uk



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB



ਸ੍ਰੀ ਪਟਨਾ ਸਾਹਿਬ
SRI PATNA SAHIB



ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB



ਸ੍ਰੀ ਦਮਦਮਾ ਸਾਹਿਬ
SRI DAMDAMA SAHIB



ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖ਼ਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਂਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

ਆਵਾਜ਼ਿ ਕੌਮ AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ

# ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ AWAZE QAUM

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੁ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਂਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿਟ ਧਾਰਮਿਕ ਤੇ ਇਤਿਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

| RAGHBIR SINGH | PARAMJIT SHERGILL | INDERJIT KAUR | KULWINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

RAGHBIR SINGH
(CALL +44 7458 381111, +44 7976 210161)

PARAMJIT SHERGILL +44 7858 198159

INDERJIT KAUR +44 7883 635835

KULVINDER MANN +44 7900 982906

121, BROADWAY WEST WALSALL, WEST MIDLANDS, WS1 4DW, ENGLAND UK

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

## ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)

# ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਨਿ ਕੋਟਿ ਧੰਨਵਾਦ

# ਸ਼ੁਕਰਾਨੇ ਦੀ ਅਰਦਾਸ

**ਸਨਿੱਚਰਵਾਰ 30 ਅਗਸਤ 2025 ਸ਼ਾਮ 3 ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪੈਣਗੇ। ਉਪਰੰਤ 5 ਵਜੇ ਤੱਕ ਦੀਵਾਨ ਸੱਜਣਗੇ**

ਸਰਦਾਰ ਜਤਿੰਦਰ ਸਿੰਘ ਮੰਡ ਦੇ ਘਰ ਪੁੱਤਰ ਕਾਕਾ ਫ਼ਤਹਿ ਫੁਰਮਾਨ ਸਿੰਘ ਦੀ ਦਾਤ ਪ੍ਰਾਪਤ ਹੋਈ। ਸਮੂੰਹ ਮੰਡ ਪਰਿਵਾਰ ਦਾਦਾ ਅਤੇ ਦਾਦੀ ਵੱਲੋਂ ਰਿਸ਼ਤੇਦਾਰ ਸਾਕ ਸਬੰਧੀ ਯਾਰਾਂ ਦੋਸਤਾਂ ਨੂੰ ਬੇਨਤੀ ਹੈ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

--✶ ਗੁਰੂ ਪੰਥ ਦੇ ਸੇਵਾਦਾਰ ✶--

# ਸਮੂਹ ਮੰਡ ਪਰਿਵਾਰ

## ਅਤੇ ਸਾਕ-ਸਬੰਧੀ

ਸ਼ਹੀਦ ਭਾਈ ਸਾਬ ਭਾਈ ਜੁਗਰਾਜ ਸਿੰਘ ਸਮਾਲਸਰ ਰੁਮਾਨੀਆ ਕਾਂਡ ਦੀ

# 34ਵੀਂ ਬਰਸੀ ਮਨਾਈ ਗਈ

## ਸ਼ਹੀਦ ਭਾਈ ਜੁਗਰਾਜ ਸਿੰਘ ਸਮਾਲਸਰ ਤੇ ਰੁਮਾਨੀਆ ਕਾਂਡ ਦੇ ਜਲਾਵਤਨੀ ਸਾਥੀਆ ਵੱਲੋਂ ਸ਼ਹੀਦ ਊਧਮ ਸਿੰਘ ਅਵਾਰਡ ਨਾਲ ਸਤਿਕਾਰਯੋਗ ਮਾਤਾ ਰਣਜੀਤ ਕੌਰ ਜੀ ਨੂੰ ਸਨਮਾਨਿਤ ਕੀਤਾ ਗਿਆ
















ਅੱਜ ਸਤਿਕਾਰਯੋਗ ਸ਼ਹੀਦ ਭਾਈ ਸਾਬ ਭਾਈ ਜੁਗਰਾਜ ਸਿੰਘ ਸਮਾਲਸਰ ਰੁਮਾਨੀਆ ਕਾਂਡ ਜੀਆ ਦੀ 34 ਵੀ ਬਰਸੀ ਪਿੰਡ ਸਮਾਲਸਰ ਦੇ ਗੁਰਦੁਆਰਾ ਸੱਚ ਖੰਡ ਸਾਹਿਬ ਵਿਖੇ ਮਨਾਈ ਗਈ ਇਸ ਮੌਕੇ ਸ਼ਹੀਦ ਭਾਈ ਜੁਗਰਾਜ ਸਿੰਘ ਸਮਾਲਸਰ ਤੇ ਰੁਮਾਨੀਆ ਕਾਂਡ ਦੇ ਜਲਾਵਤਨੀ ਸਾਥੀਆ ਵੱਲੋ ਅਜੌਕੇ ਸਮੇ ਦਾ ਸ਼ਹੀਦ ਊਧਮ ਸਿੰਘ ਅਵਾਰਡ ਨਾਲ ਸਤਿਕਾਰਯੋਗ ਮਾਤਾ ਰਣਜੀਤ ਕੌਰ ਜੀ ਨੂੰ ਸਨਮਾਨਿਤ ਕੀਤਾ ਗਿਆ ਵੱਖ ਵੱਖ ਬੁਲਾਰਿਆ ਵੱਲੋ ਆਪਣੇ ਮਹਿਬੂਬ ਆਗੂ ਨੂੰ ਸ਼ਰਧਾ ਸਤਿਕਾਰ ਭੇਟ ਕੀਤਾ ਗਿਆ ਦਾਸਰਿਆ ਨੂੰ ਵੀ ਹਾਜ਼ਰੀ ਭਰਨ ਦਾ ਸੁਭਾਗ ਪ੍ਰਾਪਤ ਹੋਇਆ ( ਵਿਸੇਸ਼ ਧੰਨਵਾਦ ਭਾਈ ਪ੍ਰਗਟ ਸਿੰਘ ਜਰਮਨੀ ਜਲਾਵਤਨੀ ਸਾਥੀ ਸ਼ਹੀਦ ਭਾਈ ਜੁਗਰਾਜ ਸਿੰਘ ਸਮਾਲਸਰ ਹੁਣਾ ਦਾ ਭਾਈ ਪ੍ਰਗਟ ਸਿੰਘ ਜਲਾਵਤਨੀ ਜੀ ਦੀ ਸੋਚ ਸਦਕੇ ਹੀ ਇਹ ਸਨਮਾਨ ਸੰਭਵ ਹੋ ਸਕਿਆ)

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ, ਯੂ. ਕੇ.)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪੰਜਵੇਂ ਪਾਤਸ਼ਾਹ ਜੀ ਨੇ ਸ੍ਰੀ ਹਰਿਮੰਦਰ ਸਾਹਿਬ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਬਾਬਾ ਬੁੱਢਾ ਸਾਹਿਬ ਜੀ ਪਾਸੋਂ ਕਰਵਾਇਆ ਸੀ



**ਪੰਚਮ** ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਗੁ: ਸ੍ਰੀ ਰਾਮਸਰ ਸਾਹਿਬ ਵਾਲੇ ਰਮਣੀਕ ਅਸਥਾਨ 'ਤੇ ਆਦਿ ਸ੍ਰੀ ਗ੍ਰੰਥ ਸਾਹਿਬ ਜੀ ਦੀ ਸੰਪਾਦਨਾ ਭਾਈ ਗੁਰਦਾਸ ਸਾਹਿਬ ਜੀ ਨੂੰ ਲਿਖਾਰੀ ਲਾਕੇ ਕਰਵਾਈ ਸੀ । ਵਿਦਵਾਨ ਲਿਖਾਰੀਆਂ ਅਨੁਸਾਰ ਇਹ ਪਵਿੱਤਰ ਕਾਰਜ ਗੁਰੂ ਜੀ ਨੇ ਸੰਨ 1603 ਈ: ਨੂੰ ਫਰਵਰੀ ਦੇ ਆਖਰੀ ਹਫਤੇ ਆਰੰਭ ਕਰਕੇ ਲਗਭਗ ਡੇਢ ਸਾਲ ਵਿਚ ਭਾਵ ਸੰਨ 1604 ਈ: ਅਗਸਤ ਦੇ ਆਖਰੀ ਹਫਤੇ ਵਿਚ ਸੰਪੂਰਨ ਕੀਤਾ ਸੀ (ਕਈ ਲਿਖਾਰੀਆਂ ਅਨੁਸਾਰ 1601-1604 ਈ: ਤਕ ਤਿੰਨ ਸਾਲ 'ਚ ਅਤੇ ਕਈਆਂ ਨੇ ਨੌਂ ਮਹੀਨੇ 'ਚ ਸੰਪੂਰਨਤਾ ਦੱਸੀ ਹੈ)।

ਆਵਾਜ਼ਿ ਕੌਮ AWAZE QAUM
International Newspaper & WEB TV

ਇਸ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਗੁਰੂ ਜੀ ਨੇ ਆਪਣੇ ਤੋਂ ਪਹਿਲੇ 4 ਗੁਰੂ ਸਾਹਿਬਾਨ ਜੀ ਦੀ ਇਕਤਰ ਕੀਤੀ ਬਾਣੀ ਅਤੇ ਆਪਣੀ ਲਿਖੀ ਬਾਣੀ ਤੋਂ ਇਲਾਵਾ 15 ਭਗਤ ਸਾਹਿਬਾਨ, 11 ਭੱਟ ਸਾਹਿਬਾਨ ਅਤੇ 4 ਗੁਰਸਿੱਖ ਸਾਹਿਬਾਨ (ਕਈ ਇਤਿਹਾਸਕਾਰ ਭਾਈ ਮਰਦਾਨਾ ਜੀ ਦੇ ਨਾਮ ਵਾਲੇ ਸ਼ਬਦਾਂ ਨੂੰ ਪਹਿਲੀ ਪਾਤਸ਼ਾਹੀ ਜੀ ਦੀ ਲਿਖੀ ਹੋਈ ਬਾਣੀ ਮੰਨਦੇ ਹਨ) ਦੀ ਬਾਣੀ ਦੀ ਤਰਤੀਬ ਨਾਲ 30 ਰਾਗਾਂ 'ਚ ਸੰਪਾਦਨਾ ਕਰਨ ਦਾ ਪਵਿੱਤਰ ਅਤੇ ਮਹਾਨ ਸ਼ੁੱਭ ਕਾਰਜ ਕੀਤਾ । ਇਸ ਪਵਿੱਤਰ ਗ੍ਰੰਥ ਵਿੱਚ ਵੱਖ ਵੱਖ ਧਰਮਾਂ ਨਾਲ ਸਬੰਧ ਰੱਖਣ ਵਾਲੇ ਬਾਣੀਕਾਰਾਂ ਦੀ ਬਾਣੀ ਨੂੰ ਸ਼ਾਮਲ ਕਰਕੇ ਗੁਰੂ ਜੀ ਨੇ ਲੋਕਾਈ ਨੂੰ ਸੰਦੇਸ਼ ਦਿੱਤਾ ਕਿ ਸੱਚ ਦੀ ਆਵਾਜ਼ ਸਭ ਦੀ ਸਾਂਝੀ ਹੁੰਦੀ ਹੈ ਜਿਸ ਤੋਂ ਕੋਈ ਵੀ ਪ੍ਰਾਣੀ ਸੇਧ ਲੈ ਕੇ ਸੰਸਾਰ ਦੇ ਰਚਨਹਾਰ ਇੱਕ ਅਕਾਲ ਪੁਰਖ ਨਾਲ ਇਕਮਿਕ ਹੋ ਸਕਦਾ ਹੈ । ਇਸ ਗ੍ਰੰਥ ਵਿੱਚ ਸੰਪਾਦਨ ਕੀਤੀ ਬਾਣੀ ਦੁਨੀਆਂ ਦੇ ਧਾਰਮਿਕ ਲਿਖਤੀ ਗ੍ਰੰਥਾਂ ਵਿਚੋਂ ਨਿਵੇਕਲੀ ਅਤੇ ਪਰਮਾਰਥ ਦਾ ਸਹੀ ਤੇ ਸੌਖਾ ਰਸਤਾ ਦਿਖਾਉਣ ਵਾਲੀ ਮਿਸਾਲੀ ਦੇਣ ਹੈ, ਜਿਸ ਵਿੱਚ ਨਿਰੋਲ ਸੱਚੇ ਪ੍ਰਮਾਤਮਾ ਦੀ ਸਿਫਤ ਸਾਲਾਹ ਕੀਤੀ ਗਈ ਹੈ ।



ਪੰਚਮ ਪਾਤਸ਼ਾਹ ਜੀ ਨੇ 'ਸ੍ਰੀ ਅੰਮ੍ਰਿਤਸਰ ਸਾਹਿਬ' ਨਾਮ ਵਾਲੇ ਪਵਿੱਤਰ ਸਰੋਵਰ ਵਿੱਚ ਸ੍ਰੀ ਹਰਿਮੰਦਰ ਸਾਹਿਬ ਦਾ ਨਿਰਮਾਣ ਪਹਿਲਾਂ ਹੀ ਸੰਪੂਰਨ ਕਰ ਲਿਆ ਸੀ ਜਿਥੇ ਇਸ ਮਹਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਕਰਨ ਦੀ ਸੇਵਾ ਲਈ ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦੀ ਚੋਣ ਕੀਤੀ ਗਈ । ਗੁਰੂ ਜੀ ਵਲੋਂ ਸ੍ਰੀ ਹਰਿਮੰਦਰ ਸਾਹਿਬ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਨ ਦਾ ਦਿਨ ਭਾਦੋਂ ਸੁਦੀ 1 ਸੰਮਤ 1661 ਮੁਤਾਬਕ 1 ਸਤੰਬਰ 1604 ਈ: ਨੂੰ ਨਿਯਤ ਕੀਤਾ ਗਿਆ ਜੋ ਸੰਸਾਰ ਦੇ ਇਤਿਹਾਸ ਵਿੱਚ ਅਤੇ ਖਾਸ ਕਰਕੇ ਸਿੱਖ ਤਵਾਰੀਖ਼ 'ਚ ਬਹੁਤ ਹੀ ਭਾਗਾਂ ਵਾਲਾ ਦਿਨ ਹੋ ਨਿਬੜਿਆ । ਓਸ ਸਮੇਂ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤਕ ਦਾ ਰਸਤਾ ਲਗਭਗ 2 ਕੁ ਕਿਲੋਮੀਟਰ ਦਾ ਸੀ । ਰਸਤੇ ਵਿਚ ਸੰਘਣੇ ਦਰਖਤਾਂ ਦੇ ਝੁੰਡ ਵਿੱਚੋਂ ਦੀ ਸ੍ਰੀ ਹਰਿਮੰਦਰ ਸਾਹਿਬ ਨੂੰ ਆਉਣ ਜਾਣ ਦਾ ਰਸਤਾ ਬਣਾਇਆ ਹੋਇਆ ਸੀ ।

ਪੰਚਮ ਪਾਤਸ਼ਾਹ ਜੀ ਨੇ ਸ੍ਰੀ ਰਾਮਸਰ ਸਾਹਿਬ ਦੇ ਅਸਥਾਨ ਤੇ ਸ੍ਰੀ ਆਦਿ ਗ੍ਰੰਥ ਸਾਹਿਬ ਜੀ ਦੇ ਸੰਪੂਰਨ ਹੋਣ ਤੋਂ ਬਾਅਦ ਇਸ ਪਵਿੱਤਰ ਗ੍ਰੰਥ ਸਾਹਿਬ ਜੀ ਦਾ ਸ੍ਰੀ ਹਰਿਮੰਦਰ ਸਾਹਿਬ ਪ੍ਰਕਾਸ਼ ਕਰਨ ਲਈ ਮਸੰਦਾਂ ਰਾਹੀਂ ਸੰਗਤਾਂ ਨੂੰ ਪਹਿਲਾਂ ਹੀ ਸੂਚਿਤ ਕੀਤਾ ਹੋਇਆ ਸੀ ਤਾਂ ਕਿ ਸੰਗਤਾਂ ਵੀ ਇਸ ਇਤਿਹਾਸਕ ਦਿਹਾੜੇ 'ਤੇ ਗੁਰੂ ਜੀ ਦੀਆਂ ਅਸੀਸਾਂ ਦੀਆਂ ਪਾਤਰ ਬਣ ਸਕਣ । ਸੋ 1 ਸਤੰਬਰ 1604 ਈ: ਨੂੰ ਬਾਣੀ ਦੇ ਬੋਹਿਥੇ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਆਪ ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦੇ ਸੀਸ 'ਤੇ 975 ਅੰਗਾਂ ਵਾਲੇ ਵੱਡੇ ਆਕਾਰ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਜੋ ਛੋਟੇ ਪੀੜ੍ਹੇ ਵਿਚ ਸ਼ਸ਼ੋਭਿਤ ਸਨ, ਨੂੰ ਖੁਦ ਟਿਕਾਇਆ ਅਤੇ ਆਪ ਇਸ ਪਵਿੱਤਰ ਗ੍ਰੰਥ ਉਤੇ ਚੌਰ ਸਾਹਿਬ ਕਰਨ ਦੀ ਸੇਵਾ ਸੰਭਾਲ ਲਈ । ਗੁ: ਸ੍ਰੀ ਰਾਮਸਰ ਸਾਹਿਬ ਜੀ ਦੇ ਅਸਥਾਨ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵੱਲ ਰਵਾਨਾ ਹੋਣ ਵੇਲੇ ਬਾਬਾ ਬੁੱਢਾ ਸਾਹਿਬ ਜੀ ਨੂੰ ਪੰਚਮ ਪਾਤਸ਼ਾਹ ਜੀ ਨੇ ਬੜੇ ਅਦਬ-ਸਤਿਕਾਰ ਨਾਲ ਸਹਿਜੇ ਸਹਿਜੇ ਕਦਮ ਪੁਟਣ ਲਈ ਬਚਨ ਕੀਤੇ ਤਾਂ ਬਾਬਾ ਜੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵੱਲ ਦੇ ਰਸਤੇ ਉੱਪਰ ਚਲਣਾ ਆਰੰਭ ਕੀਤਾ । ਕੁਝ ਸਿਖਾਂ ਨੇ ਰਸਤੇ 'ਚ ਜਲ ਦੇ ਛਿੜਕਾਅ ਕਰਨ ਦੀ ਸੇਵਾ ਸੰਭਾਲ ਲਈ । ਬਾਕੀ ਸੰਗਤਾਂ ਨੇ ਗੁਰੂ ਜੀ ਦੇ ਪਿਛੇ ਵਾਹਿਗੁਰੂ ਅਤੇ ਬਾਣੀ ਦੇ ਸ਼ਬਦਾਂ ਦਾ ਜਾਪ ਓਸ ਵੇਲੇ ਦੇ ਸਾਜ਼ਾਂ ਨਾਲ ਕਰਨ ਦੀ ਸੇਵਾ ਦਾ ਸੁਭਾਗ ਪ੍ਰਾਪਤ ਕਰ ਲਿਆ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅੰਦਰ ਪਹੁੰਚਕੇ ਪੰਚਮ ਪਾਤਸ਼ਾਹ ਜੀ ਅਤੇ ਬਾਬਾ ਬੁੱਢਾ ਸਾਹਿਬ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਤਿਕਾਰ ਨਾਲ ਪੀਹੜਾ ਸਾਹਿਬ 'ਚ ਟਿਕਾਇਆ ।ਸਾਰੀਆਂ ਸੰਗਤਾਂ ਦੇ ਪਹੁੰਚਣ 'ਤੇ ਪੰਚਮ ਪਾਤਸ਼ਾਹ ਜੀ ਨੇ ਬਾਬਾ ਬੁੱਢਾ ਸਾਹਿਬ ਜੀ ਨੂੰ ਬਚਨ ਕੀਤਾ ("ਬੁੱਢਾ ਸਾਹਿਬ ਖੋਲੋ ਗ੍ਰਿੰਥ ।।ਲੇਹੁ ਅਵਾਜ਼ ਸੁਨਹਿ ਸਭਿ ਪੰਥ।।ਅਦਬ ਸੰਗ ਤਬ ਗ੍ਰਿੰਥ ਸੁ ਖੋਲਾ।। ਲੇ ਅਵਾਜ਼ ਬੁੱਢਾ ਮੁਖ ਬੋਲਾ।।)"

ਤਦ ਬਾਬਾ ਬੁੱਢਾ ਸਾਹਿਬ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 783-84 ਅੰਗ ਤੋਂ ਛੇ-ਛੇ ਲਾਇਨਾ ਵਾਲਾ ਚਾਰ ਪਦਿਆਂ ਦਾ ਹੁਕਮਨਾਮਾ ਪੰਚਮ ਗੁਰੂ ਜੀ ਅਤੇ ਸੰਗਤਾਂ ਨੂੰ ਸਰਵਨ ਕਰਾਇਆ-------(ਸੂਹੀ ਮਹਲਾ 5।। ਸੰਤਾ ਕੇ ਕਾਰਜਿ ਆਪਿ ਖਲੋਇਆ ਹਰਿ ਕੰਮੁ ਕਰਾਵਣਿ ਆਇਆ ਰਾਮ...।।)।

ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਵਲੋਂ ਲਏ ਗਏ ਪਹਿਲੇ ਹੁਕਮਨਾਮੇ ਨੂੰ ਸਰਵਨ ਕਰਕੇ ਗੁਰੂ ਜੀ ਅਤੇ ਸੰਗਤਾਂ ਨੇ ਬਹੁਤ ਖੁਸ਼ੀਆਂ ਮਨਾਈਆਂ । ਸ੍ਰੀ ਹਰਿਮੰਦਰ ਸਾਹਿਬ ਵਿੱਚ ਪੰਚਮ ਪਾਤਸ਼ਾਹ ਜੀ, ਬਾਬਾ ਬੁੱਢਾ ਸਾਹਿਬ ਜੀ ਅਤੇ ਭਾਈ ਗੁਰਦਾਸ ਸਾਹਿਬ ਜੀ ਆਦਿ ਨੂੰ ਸਾਰੀਆਂ ਸੰਗਤਾਂ ਇਸ ਮਹਾਨ ਕਾਰਜ ਦੀਆਂ ਵਧਾਈਆਂ ਦੇਣ ਲੱਗੀਆਂ । ਸ੍ਰੀ ਗੁਰੂ ਗ੍ਰੰਥ ਸਾਹਿਬ (ਸ੍ਰੀ ਪੋਥੀ ਸਾਹਿਬ) ਦਾ ਪਹਿਲਾ ਪ੍ਰਕਾਸ਼ ਹੋਣ ਤੋਂ ਬਾਅਦ ਸ੍ਰੀ ਗੁਰੂ ਅਰਜਨ ਦੇਵ ਜੀ ਰਾਤ ਸਮੇਂ ਪਲੰਗਾ ਸਾਹਿਬ 'ਤੇ ਬਿਰਾਜਮਾਨ ਨਹੀਂ ਹੋਏ ਸਗੋਂ ਆਪ ਜੀ ਨੇ 'ਸ਼ਬਦ ਗੁਰੂ' ਜੀ ਦੇ ਸਤਿਕਾਰ ਹਿਤ ਜਮੀਨ 'ਤੇ ਆਸਣ ਲਾਕੇ ਆਰਾਮ ਕਰਨਾ ਹੀ ਠੀਕ ਸਮਝਿਆ । ਇਕ ਧੁਰ ਦਰਗਾਹ ਤੋਂ ਆਈ ਬਾਣੀ ਦੇ ਸੰਗ੍ਰਹਿ ਵਾਲੇ 'ਨਾਮ ਰੂਪੀ ਜਹਾਜ਼' ਦਾ ਪ੍ਰਕਾਸ਼, ਪੰਚਮ ਪਾਤਸ਼ਾਹ ਜੀ ਵਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਨਾਮਕ ਜਹਾਜ਼' ਵਿਚ ਬਾਬਾ ਬੁੱਢਾ ਸਾਹਿਬ ਜੀ ਕੋਲੋਂ ਕਰਵਾਕੇ ਬਹੁਤ ਹੀ ਮਹਾਨ ਕਾਰਜ ਕੀਤਾ ਗਿਆ ।

ਅੰਮ੍ਰਿਤ ਸਰੋਵਰ ਵਿੱਚ ਬਣੇ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਮਹਿਮਾ ਅਤੇ ਸਿਫਤ-ਸਾਲਾਹ ਪੰਚਮ ਪਾਤਸ਼ਾਹ ਜੀ ਖੁਦ ਆਪਣੇ ਮੁਖਾਰਬਿੰਦ ਤੋਂ ਉਚਾਰੀ 'ਫੁਨਹੇ' ਨਾਮ ਵਾਲੀ ਬਾਣੀ ਵਿੱਚ ਕਰਦੇ ਹੋਏ ਫੁਰਮਾਉਂਦੇ ਹਨ (ਡਿਠੇ ਸਭੇ ਥਾਵ ਨਹੀ ਤੁਧ ਜੇਹਿਆ।। ਬਧੋਹੁ ਪੁਰਖਿ ਬਿਧਾਤੈ ਤਾਂ ਤੂ ਸੋਹਿਆ।।) --ਅਤੇ ਅਗਲੀ ਤੁਕ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਾਲੇ ਸਰੋਵਰ ਦੀ ਉਪਮਾ ਕਰਦੇ ਹੋਏ ਪੰਚਮ ਪਾਤਸ਼ਾਹ ਜੀ ਫੁਰਮਾਨ ਕਰਦੇ ਹਨ (ਵਸਦੀ ਸਘਨ ਅਪਾਰ ਅਨੂਪ ਰਾਮਦਾਸ ਪੁਰ।। ਹਰਿਹਾਂ ਨਾਨਕ ਕਸਮਲ ਜਾਹਿ ਨਾਈਐ ਰਾਮਦਾਸ ਸਰ।।10।।)

**ਲੇਖਕ: ਬਾਬਾ ਬੁੱਢਾ ਵੰਸ਼ਜ ਪ੍ਰੋ: ਬਾਬਾ ਨਿਰਮਲ ਸਿੰਘ ਰੰਧਾਵਾ-ਗੁਰੂ ਕੀ ਵਡਾਲੀ-ਛੇਹਰਟਾ 9988066466**

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਗੁਰਗੱਦੀ ਦਿਵਸ 'ਤੇ ਵਿਸ਼ੇਸ਼

**ਜਪ੍ਹਉ ਜਿਨ੍ ਅਰਜੁਨ ਦੇਵ ਗੁਰੂ**
**ਫਿਰਿ ਸੰਕਟ ਜੋਨਿ ਗਰਭ ਨ ਆਯਉ ।।**



ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਨੇ 15 ਅਪ੍ਰੈਲ ਸੰਨ 1563 ਬਿਕਰਮੀ ਸੰਮਤ 1620 ਨੂੰ ਪਿਤਾ ਗੁਰੂ ਰਾਮਦਾਸ ਜੀ ਅਤੇ ਮਾਤਾ ਭਾਨੀ ਜੀ ਦੇ ਗ੍ਰਹਿ ਗੋਇੰਦਵਾਲ ਸਾਹਿਬ ਵਿਖੇ ਅਵਤਾਰ ਧਾਰਿਆ। ਗੁਰੂ ਅਰਜਨ ਦੇਵ ਜੀ ਦੇ ਵੱਡੇ ਭਰਾਤਾ ਬਾਬਾ ਪ੍ਰਿਥੀ ਚੰਦ (1557) ਦੂਜੇ ਬਾਬਾ ਮਹਾਂਦੇਵ (1560) ਜੀ ਸਨ। ਇਸ ਸਮੇਂ ਗੁਰੂ ਅਮਰਦਾਸ ਜੀ ਗੁਰਗੱਦੀ ਤੇ ਬਿਰਾਜਮਾਨ ਸਨ ਜੋ ਰਿਸ਼ਤੇ ਵਿੱਚ ਆਪਦੇ ਨਾਨਾ ਲੱਗਦੇ ਸਨ। ਗੁਰੂ ਅਮਰਦਾਸ ਜੀ ਬਾਲਕ ਗੁਰੂ ਅਰਜਨ ਦੇਵ ਜੀ ਦੇ ਜਨਮ ਸਮੇਂ ਅਸੀਸ ਦੇਣ ਗਏ ਸਨ ਤੇ ਬਾਲਕ ਨੂੰ ਗੋਦੀ ਉਠਾ ਕੇ ਮੁੱਖੋਂ ਫੁਰਮਾਇਆ ਸੀ ਕਿ: ' ਇਹ ਭਾਰੀ ਪੁਰਖ ਹੋਵੇਗਾ' । ਬਚਪਨ ਸਮੇਂ ਆਪ ਕੱਦ ਕਾਠ ਵਜੋਂ  ਸਰੀਰ ਦੇ ਖੁੱਲੇ ਡੁੱਲੇ ਤੇ ਭਾਰੇ ਸਨ। ਇੱਕ ਵਾਰ ਸੱਚੇ ਪਾਤਸ਼ਾਹ ਜੀ ਬਾਲ ਅਵਸਥਾ ਵਿੱਚ ਹੀ ਸਨ, ਅਜੇ ਰਿੜਦੇ ਸਨ। ਗੇਂਦ ਨਾਲ ਖੇਡ ਰਹੇ ਸਨ। ਗੇਂਦ ਰਿੜ ਕੇ ਗੁਰੂ ਅਮਰਦਾਸ ਜੀ ਦੇ ਬਿਸਰਾਮ ਕਰਨ ਵਾਲੇ ਕਮਰੇ ਵਿੱਚ ਚਲੀ ਗਈ। ਗੇਂਦ ਲੈਣ ਲਈ ਰਿੜ੍ਹਦੇ-ਰਿੜ੍ਹਦੇ ਉਸ ਕਮਰੇ ਵਿੱਚ ਪਹੁੰਚ ਗਏ। ਗੇਂਦ ਨਾ ਮਿਲੀ । ਮੰਜਾ ਵੱਡਾ ਸੀ। ਮੰਜੇ ਦੇ ਪਾਵੇ ਫੜ ਕੇ ਉੱਠਣ ਲੱਗੇ ਤਾਂ ਮੰਜਾ ਹਿੱਲਿਆ ਤਾਂ ਗੁਰੂ ਅਮਰਦਾਸ ਜੀ ਨੇ ਸਹਿਜ ਸੁਭਾ ਵਾਕ ਉਚਾਰਿਆ ਕਿ:

**'ਇਹ ਕਿਹੜਾ ਵੱਡਾ ਪੁਰਖ ਹੈ ਭਾਰੀ,**
**ਜਿਸ ਮੰਜੀ ਹਿਲਾਈ ਸਾਡੀ ਸਾਰੀ'।**

ਇਹ ਬਚਨ ਸੁਣ ਕੇ ਮਾਤਾ ਭਾਨੀ ਜੀ ਕਮਰੇ ਵਿੱਚ ਪਹੁੰਚ ਗਏ ਤੇ ਕਿਹਾ ਪਿਤਾ ਜੀ 'ਤੁਹਾਡਾ ਦੋਹਿਤਾ ਜੇ' ਤਾਂ ਗੁਰੂ ਅਮਰਦਾਸ ਜੀ ਨੇ ਦੂਜਾ ਬਚਨ ਕੀਤਾ ਕਿ: 'ਦੋਹਿਤਾ ਬਾਣੀ ਕਾ ਬੋਹਿਥਾ' ਤੇ ਬਾਲਕ ਨੂੰ ਚੁੱਕ ਕੇ ਛਾਤੀ ਨਾਲ ਲਾ ਲਿਆ ਤੇ ਕਿਹਾ ਕਿ: 'ਹੋਵਹੁਗੇ ਤੁਮਹੂੰ ਗੁਰ ਭਾਰੈ'।

ਗੁਰੂ ਅਰਜਨ ਦੇਵ ਜੀ ਨੇ ਗੁਰੂ ਅਮਰਦਾਸ ਜੀ ਦੀ ਗੋਦ ਦਾ ਗਿਆਰਾਂ ਸਾਲ ਚਾਰ ਮਹੀਨੇ ਤੇ ਸਤਾਰਾਂ ਦਿਨ ਨਿੱਘ ਮਾਣਿਆ।ਫਿਰ ਗੁਰੂ ਰਾਮਦਾਸ ਜੀ ਗੁਰਗੱਦੀ ਤੇ ਬਿਰਾਜਮਾਨ ਹੋਏ। ਗੁਰੂ ਰਾਮਦਾਸ ਜੀ ਦੀ ਛੱਤਰ ਛਾਇਆ ਹੇਠ ਸੱਤ ਸਾਲ ਰਹੇ। ਗਿਆਨੀ ਗਿਆਨ ਸਿੰਘ ਲਿੱਖਦੇ ਹਨ ਕਿ ਇੰਨ੍ਹਾਂ ਗਿਆਰਾਂ ਸਾਲਾਂ ਵਿੱਚ ਗੁਰੂ ਅਰਜਨ ਦੇਵ ਜੀ ਇਸ ਵਾਤਾਵਰਨ ਵਿੱਚ ਰਹਿ, ਗੁਰੂ ਗੋਦ ਵਿੱਚ ਪਲ, ਇੱਕ ਧੀਰਜੀ, ਦੂਰ ਅੰਦੇਸ਼ੀ,  ਸਤੋਗੁਣੀ ਤੇ ਸਰਬ ਪ੍ਰਕਾਰ ਈਸ਼ਵਰੀ ਬੁੱਧ ਵਾਲੇ ਪੁਰਸ਼ ਬਣ ਗਏ ਸਨ। ਉਹ ਜਾਣ ਗਏ ਸਨ ਕਿ ਗੁਰਗੱਦੀ ਕੁੱਝ ਗ੍ਰਹਿਣ ਕਰਨਾ ਨਹੀ, ਸਗੋਂ ਕੁੱਝ ਦੇਣਾ ਹੈ। ਆਪਣੇ ਆਤਮਿਕ ਸੁੱਖਾਂ ਵਿੱਚੋਂ ਦਾਨ, ਸੰਗਤਾਂ ਨੂੰ ਪ੍ਰਭੂ ਪ੍ਰੇਮ ਵਿੱਚ ਲਗਾ ਕੇ ਪਾਪਾਂ ਤੋਂ ਦੂਰ ਕਰਨਾ ਹੈ।ਗੁਰੂ ਅਰਜਨ ਦੇਵ ਜੀ ਦੀ ਵਿੱਦਿਆ ਗੁਰੂ ਅਮਰਦਾਸ ਜੀ ਤੋਂ ਗੁਰਮੁੱਖੀ ਦੇ ਅੱਖਰ ਸਿੱਖ ਕੇ ਸ਼ੁਰੂ ਹੋਈ। ਬਾਬਾ ਬੁੱਢਾ ਜੀ ਨੇ ਵੀ ਵਿੱਦਿਆ ਸਿਖਾਈ। ਬਾਬਾ ਮੋਹਰੀ ਜੀ ਨੇ ਗਣਿਤ ਤੇ ਹੋਰ ਵਿਦਿਆ ਸਿਖਾਈ। ਭਾਈ ਗੁਰਦਾਸ ਜੀ ਤੇ ਭਾਈ ਸਾਵਨ ਮੱਲ ਜੀ ਆਪ ਦੇ ਸਹਿਪਾਠੀ ਸਨ। ਦੇਵ ਨਾਗਰੀ ਪਿੰਡ ਦੀ ਚਾਟਸਾਲ ਪਾਂਧੇ ਕੋਲੋਂ ਸਿੱਖੀ। ਫ਼ਾਰਸੀ ਅੱਖਰ ਪਿੰਡ ਦੇ ਮਕਤਬ ਵਿੱਚੋਂ ਸਿੱਖੇ। ਸੰਸਕ੍ਰਿਤ ਪੰਡਿਤ ਬੇਣੀ ਪਾਸੋਂ ਸਿਖੀ। ਬਾਬਾ ਮੋਹਨ ਜੀ ਤੋਂ ਧਿਆਨ ਜੋੜਨ ਦੀ ਵਿਧੀ ਬਚਪਨ ਵਿੱਚ ਹੀ ਸਿੱਖ ਲਈ ਸੀ। ਕੀਰਤਨ ਗੁਰੂ ਅਰਜਨ ਦੇਵ ਜੀ ਆਪ ਹੀ ਕਰਨ ਲੱਗ ਪਏ ਸਨ।

ਸਰਮਾਇਆ-ਇ-ਇਸ਼ਰਤ ਦਾ ਲਿਖਾਰੀ ਲਿੱਖਦਾ ਹੈ ਕਿ ਗੁਰੂ ਜੀ ਸਿਰੰਦਾ ਬਹੁਤ ਅੱਛਾ ਵਜਾਂਦੇ ਸਨ। ਰਾਗਾਂ ਦੇ ਉਹ ਮਾਹਿਰ ਸਨ। ਘੋੜ ਸਵਾਰੀ ਦੇ ਉਹ ਮਾਹਿਰ ਸਨ। ਨੇਜ਼ਾਬਾਜ਼ੀ ਉਹਨਾਂ ਵਰਗੀ ਕੋਈ ਨਹੀ ਸੀ ਕਰ ਸਕਦਾ। ਇਸ ਦਾ ਪ੍ਰਮਾਣ ਉਹਨਾਂ ਦੇ ਵਿਆਹ ਸਮੇਂ ਤੋਂ ਮਿਲਦਾ ਹੈ।ਜਦੋਂ ਪਿੰਡ ਮਉ ਮਾਤਾ ਗੰਗਾ ਜੀ ਨੂੰ ਵਿਆਹੁਣ ਗਏ ਸਨ ਤਾਂ ਪਿੰਡ ਵਾਲਿਆਂ ਨੇ ਧੋਖੇ ਨਾਲ ਇੱਕ ਜੰਡ ਦੇ ਦਰੱਖਤ ਨੂੰ ਉੱਪਰੋਂ ਕੱਟ ਕੇ ਕਿੱਲੀ ਜਿਹੀ ਬਣਾ ਦਿੱਤੀ ਤੇ ਕਿਹਾ ਕਿ ਸਾਡੇ ਪਿੰਡ ਦਾ ਰਿਵਾਜ਼ ਹੈ ਕਿ ਵਿਆਹੁਣ ਆਏ ਲੜਕੇ ਨੂੰ ਨੇਜ਼ਾਬਾਜ਼ੀ ਕਰਕੇ ਕਿੱਲੀ ਪੁੱਟਣੀ ਪੈਂਦੀ ਹੈ ਤਾਂ ਗੁਰੂ ਜੀ ਨੇ ਪਹਿਲੇ ਹੱਲੇ ਹੀ ਜੰਡ ਦੇ ਦਰੱਖਤ ਨੂੰ ਨੇਜ਼ਾ ਮਾਰ ਕੇ ਜੜ੍ਹੋਂ ਉਖਾੜ ਕੇ ਰੱਖ ਦਿੱਤਾ ਸੀ।ਲੰਗਰ ਦੇ ਜੂਠੇ ਬਰਤਨ ਆਪਣੇ ਹੱਥੀਂ ਸਾਫ ਕਰਦੇ ਸਨ। ਰਾਤ ਨੂੰ ਸੰਗਤ ਦੀ ਮੁੱਠੀ ਚਾਪੀ ਕਰਦੇ ਤੇ ਹੱਥੀਂ ਪੱਖਾ ਫੇਰਨ ਦੀ ਸੇਵਾ ਕਰਦੇ ਸਨ। ਇੰਨ੍ਹੀ ਨਿਮਰਤਾ ਸੀ ਸਾਹਿਬ ਜੀ ਵਿੱਚ।ਗੁਰੂ ਜੀ ਦਾ ਜੀਵਨਕਾਲ 43 ਸਾਲਾਂ ਦਾ ਅਰਸਾ ਹੈ

ਪ੍ਰੋ: ਪੂਰਨ ਸਿੰਘ ਲਿੱਖਦੇ ਹਨ ਕਿ: 'ਪੰਜਾਬ ਵੱਸਦਾ ਗੁਰਾਂ ਦੇ ਨਾਂ ਤੇ' ਗੁਰੂ ਗੋਬਿੰਦ ਸਿੰਘ ਜੀ ਨੇ ਵੀ ਇੱਕ ਪੁੱਛ ਦੇ ਉੱਤਰ ਵਿੱਚ ਕਿਹਾ ਸੀ ਕਿ:

**ਸਿਖ ਨਹੀ ਕੋਈ (ਗੁਰੂ) ਅੰਗਦ ਜੇਹਾ ਹੋਆ।**
**ਟਹਲੀਆ ਨਹੀ ਕੋਈ (ਗੁਰੂ) ਅਮਰਦਾਸ ਜੇਹਾ ਖੜੋਇਆ।**
**ਸਾਕ ਨਹੀ ਕੋਈ ਰਾਮਦਾਸ ਜੈਸਾ।**
**ਪੁਤਰ ਨਹੀ ਕੋਈ ਅਰਜਨ ਵੈਸਾ।**

ਗੁਰੂ ਅਰਜਨ ਦੇਵ ਜੀ ਨੇ ਜੇਹੜਾ ਮਹਾਨ ਕਾਰਜ ਕੀਤਾ, ਉਹ ਆਦਿ ਬੀੜ ਦੀ ਸੰਪਾਦਨਾ ਦਾ ਕੰਮ ਸੀ। ਜਿਸ ਵਿੱਚ ਪੰਜ ਗੁਰੂ ਸਹਿਬਾਨ ਤੇ ਬਾਕੀ ਤਕਰੀਬਨ 30 ਦੇ ਕਰੀਬ ਭੱਟਾਂ, ਭਗਤਾਂ, ਗੁਰਸਿੱਖਾਂ ਤੇ ਸੰਤਾਂ ਦੀ ਬਾਣੀ ਨੂੰ ਸ਼ਾਮਿਲ ਕੀਤਾ ਗਿਆ ਹੈ। ਰਾਮਸਰ ਸਾਹਿਬ ਅੰਮ੍ਰਿਤਸਰ ਸਾਹਿਬ ਵਿੱਚ ਭਾਈ ਗੁਰਦਾਸ ਜੀ ਤੋਂ ਲਿਖਵਾ ਕੇ ਬਾਣੀ ਦੀ 'ਪੋਥੀ ਸਾਹਿਬ' ਤਿਆਰ ਕਰਨ ਦਾ ਮਹਾਨ ਕਾਰਜ ਕੀਤਾ। ਆਦਿ ਬੀੜ ਦਾ ਪਹਿਲਾ ਪ੍ਰਕਾਸ਼ ਸੱਚਖੰਡ ਸ੍ਰੀ ਹਰੀਮੰਦਰ ਸਾਹਿਬ ਵਿੱਚ 1604 ਈ: ਵਿੱਚ ਹੋਇਆ ਤੇ ਹਰੀਮੰਦਰ ਸਾਹਿਬ ਦੇ ਪਹਿਲੇ ਹੈਡ ਗ੍ਰੰਥੀ ਬਾਬਾ ਬੁੱਢਾ ਜੀ ਨੂੰ ਬਣਾਇਆ ਗਿਆ ਤੇ ਜੋ ਪਹਿਲਾ ਮੁੱਖਵਾਕ ਆਇਆ  'ਸੰਤਾਂ ਕੇ ਕਾਰਜ ਆਪ ਖਲੋਇਆ' ਸੀ।ਗੁਰੂ ਅਰਜਨ ਦੇਵ ਜੀ 43 ਸਾਲ 1 ਮਹੀਨਾ ਤੇ 15 ਦਿਨ ਦੀ ਸੰਸਾਰਿਕ ਆਯੂ ਵਿੱਚੋਂ 24 ਸਾਲ 8 ਮਹੀਨੇ ਤੇ 29 ਦਿਨ ਗੁਰਤਾਗੱਦੀ ਤੇ ਬਿਰਾਜਮਾਨ ਰਹੇ। ਉਹਨਾਂ ਦੁਆਰਾ ਕੀਤੇ ਕਾਰਜਾਂ ਦਾ ਵੇਰਵਾ ਹੈਰਾਨ ਕਰਨ ਵਾਲਾ ਹੈ। ਅੰਮ੍ਰਿਤਸਰ ਦੇ ਹਰਿਮੰਦਰ ਸਾਹਿਬ ਦਾ ਨਿਰਮਾਣ, ਗੁਰੂ ਗ੍ਰੰਥ ਸਾਹਿਬ ਜੀ ਦੀ ਆਦਿ ਬੀੜ ਦਾ ਸੰਕਲਨ, ਨਵੇਂ ਨਗਰਾਂ ਦੀ ਸਥਾਪਨਾ ਤੇ ਵਿਕਾਸ, ਸਿੱਖੀ ਦਾ ਪਸਾਰ ਤੇ ਸੰਗਠਨ ਤੇ ਧਰਮ ਦੀ ਰੱਖਿਆ ਹਿੱਤ ਆਪਣਾ ਬਲੀਦਾਨ ਗੁਰੂ ਸਾਹਿਬ ਜੀ ਦੇ ਅਹਿਮ ਕਾਰਜ ਸਨ, ਜਿੰਨ੍ਹਾਂ ਦਾ ਪ੍ਰਭਾਵ ਪੰਜਾਬ ਹੀ ਨਹੀ, ਭਾਰਤ ਦੇ ਜਨਜੀਵਨ ਉੱਤੇ ਅਮਿੱਟ ਛਾਪ ਛੱਡ ਗਿਆ ਹੈ। ਉਹਨਾਂ ਨੇ ਅੰਮ੍ਰਿਤਸਰ ਦਾ ਨਿਰਮਾਣ ਕਰਵਾਇਆ, ਅੰਮ੍ਰਿਤਸਰ ਦੇ ਸਰੋਵਰ ਤੋਂ ਬਿਨ੍ਹਾਂ, ਸੰਤੋਖਸਰ ਤੇ ਤਰਨਤਾਰਨ ਸਾਹਿਬ ਦੇ ਸਰੋਵਰ ਖੁਦਵਾਏ ਤੇ ਮੁਕੰਮਲ ਕਰਵਾਏ। ਛੇਹਰਟਾ ਅੰਮ੍ਰਿਤਸਰ ਵਿਖੇ ਛੇਹਰਟਾਂ ਵਾਲਾ ਖੂਹ ਲਗਵਾਇਆ, ਕਰਤਾਰਪੁਰ ਵਸਾਇਆਂ, ਬਉਲੀਆਂ ਤੇ ਖੂਹਾਂ ਦੀ ਖੁਦਵਾਈ ਕਰਵਾਈ। ਅੰਮ੍ਰਿਤਸਰ ਸਾਹਿਬ ਵਿੱਚ ਹਰੀਮੰਦਰ ਸਾਹਿਬ ਦੀ ਸਥਾਪਨਾ ਕੀਤੀ ਤੇ ਸ਼ਹਿਰ ਵਸਾਇਆ। ਹਰ ਕਿਤੇ ਦੇ ਲੋਕਾਂ ਨੂੰ ਇੱਥੇ ਲਿਆ ਕੇ ਵਸਾਇਆ। ਅੱਜ ਵੀ ਉਸੇ ਨਾਮ ਨਾਲ ਹੀ ਬਜ਼ਾਰ ਮਸਹੂਰ ਹਨ ਜਿਵੇ: ਚਾਵਲ ਮੰਡੀ, ਆਟਾ ਮੰਡੀ, ਲੱਕੜ ਮੰਡੀ, ਦਾਣਾ ਮੰਡੀ, ਘਿਉ ਮੰਡੀ, ਲੂਣ ਮੰਡੀ, ਗੁਰੂ ਬਜ਼ਾਰ ਆਦਿ ਹੋਰ ਵੀ ਕਈ ਬਜ਼ਾਰ ਹਨ।

**ਭੱਟ ਮਥੁਰਾ ਜੀ ਵੀ ਫੁਰਮਾਉਂਦੇ ਹਨ ਕਿ:**
**ਜਪ੍ਹਉ ਜਿਨ੍ ਅਰਜੁਨ ਦੇਵ ਗੁਰੂ**
**ਫਿਰਿ ਸੰਕਟ ਜੋਨਿ ਗਰਭ ਨ ਆਯਉ ।।**
**ਸ੍ਰੀ ਗੁਰੂ ਗ੍ਰੰਥ ਸਾਹਿਬ ਅੰਗ- 1409**

ਭਾਵ ਕਿ ਹੇ ਮਥੁਰਾ! ਹੁਣ ਸੱਚੀ ਵਿਚਾਰ ਇਹ ਹੈ ਕਿ ਜਗਤ ਨੂੰ ਤਾਰਨ ਲਈ (ਹਰੀ ਨੇ ਗੁਰੂ ਅਰਜਨ) ਅਵਤਾਰ ਬਣਾਇਆ ਹੈ। ਜਿੰਨ੍ਹਾਂ ਨੇ ਗੁਰੂ ਅਰਜਨ ਦੇਵ ਜੀ ਨੂੰ ਜਪਿਆ ਹੈ, ਉਹ ਪਰਤ ਕੇ ਗਰਭ ਜੂਨ ਤੇ ਦੁੱਖਾਂ ਵਿੱਚ ਨਹੀ ਆਏ। ਆਉ ਆਪਾਂ ਵੀ ਸਾਰੇ ਗੁਰੂ ਅਰਜਨ ਦੇਵ ਸਹਿਬ ਜੀ ਦੇ ਦਰਸਾਏ ਮਾਰਗ ਤੇ ਚੱਲ ਕੇ ਆਪਣਾ ਜੀਵਨ ਸਫਲ ਬਣਾਈਏ।

**-ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ: ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ**

## ਖਾਲਸਾ ਕਾਲਜ ਮਹਿਤਾ ਵਿਖੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ

# ਪਹਿਲਾ ਪ੍ਰਕਾਸ਼ ਪੁਰਬ ਮਨਾਇਆ ਗਿਆ



**ਚੌਂਕ ਮਹਿਤਾ, 24 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ  ਮਹਿਤਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਅਤੇ ਆਸਥਾ ਨਾਲ ਮਨਾਇਆ ਗਿਆ। ਜਿਸ ਵਿੱਚ ਕਾਲਜ ਦੇ ਵਿਦਿਆਰਥੀਆਂ ਵੱਲੋਂ ਰਸ ਭਿੰਨਾ ਕੀਰਤਨ ਕੀਤਾ ਗਿਆ ਅਤੇ ਭਾਸ਼ਣ ਤੇ ਕਵਿਤਾ ਰਾਹੀ ਗੁਰੂ ਜੀ ਦੀ ਸਿੱਖਿਆ ਨੂੰ ਸਾਂਝਾ ਕੀਤਾ।

ਇਸ ਦੌਰਾਨ ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਨੂੰ ਗੁਰਬਾਣੀ ਦੇ ਅਸੂਲਾਂ ਨੂੰ ਜੀਵਨ ਨਾਲ ਜੋੜ ਕੇ ਸੱਚਾਈ ਤੇ ਇਨਸਾਨੀਅਤ ਦੀਆਂ ਕਦਰਾਂ ਨੂੰ ਜੀਵਨ ਵਿੱਚ ਲਾਗੂ ਕਰਨ ਲਈ ਪ੍ਰੇਰਿਤ ਕੀਤਾ। ਉਨਾਂ ਨੇ ਕਿਹਾ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਸਾਨੂੰ ਸਰਬੱਤ ਦਾ ਭਲਾ, ਸਮਾਨਤਾ, ਪਿਆਰ ਅਤੇ ਸੱਚ ਦੇ ਰਸਤੇ ਤੇ ਤੁਰਨ ਦੀ ਪ੍ਰੇਰਣਾ ਦਿੰਦੇ ਹਨ ਇਸ ਲਈ ਸਾਨੂੰ ਸਾਰਿਆਂ ਨੂੰ ਗੁਰਬਾਣੀ ਦੇ ਮੂਲ ਸਿਧਾਂਤ ਨਾਮ ਜਪਣਾ ,ਕਿਰਤ ਕਰਨੀ ,ਅਤੇ ਵੰਡ ਛਕਣਾ ਨੂੰ ਆਪਣੀ ਜ਼ਿੰਦਗੀ ਦਾ ਅਟੁੱਟ ਹਿੱਸਾ ਬਣਾਉਣਾ ਚਾਹੀਦਾ ਹੈ। ਅੰਤ ਉਹਨਾਂ ਨੇ ਸਾਰੇ ਸਟਾਫ ਤੇ ਵਿਦਿਆਰਥੀਆਂ ਨੂੰ ਇਸ ਮਹਾਨ ਦਿਹਾੜੇ ਦੀਆਂ ਲੱਖ ਲੱਖ ਵਧਾਈਆਂ ਦਿੱਤੀਆਂ।

## ਹੜ ਪ੍ਰਭਾਵਿਤ ਇਲਾਕਿਆਂ ਵਿੱਚ ਜਰੂਰਤ ਦਾ ਸਮਾਨ ਲੈ ਕੇ ਮਦਦ ਦੇ ਲਈ ਪਿੰਡ ਧੂੰਦਾ ਤੇ ਮੁੰਡਾ ਪਿੰਡ ਪਹੁੰਚੇ ਸਮਾਜਸੇਵੀ ਤੇ ਸਿੱਖ ਆਗੂ-ਸਰਬਜੀਤ ਸਿੰਘ ਸੋਨੂੰ ਜੰਡਿਆਲਾ

**ਚੌਂਕ ਮਹਿਤਾ, 24 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਬਿਆਸ ਸਤਲੁਜ ਦਰਿਆ ਦੇ ਆਲੇ ਦੁਆਲੇ ਦਰਿਆ ਦੇ ਲੱਗਦੇ ਇਲਾਕੇ ਸਾਰੇ ਹੀ ਹੜ ਪ੍ਰਭਾਵਿਤ ਨੇ ਤਰਨ ਤਰਨ ਜਿਲੇ ਦੇ ਦਰਿਆ ਨੇੜੇ ਦੇ ਸਾਰੇ ਪਿੰਡਾਂ ਦੀਆਂ ਫਸਲਾਂ ਪਾਣੀ ਵਿੱਚ ਡੁੱਬ ਚੁੱਕੀਆਂ ਨੇ ਤੇ ਪੂਰੀ ਤਰਹਾਂ ਨਾਲ ਬਰਬਾਦ ਹੋ ਚੁੱਕੀਆਂ ਨੇ ਅਨੇਕਾਂ ਲੋਕ ਘਰੋਂ ਬੇਕਾਰ ਹੋ ਗਏ ਨੇ ਤੇ ਗਾਵਾਂ ਮੱਜਾਂ ਵੀ ਪਾਣੀ ਦੇ ਤੇਜ਼ ਵਹਾ ਵਿੱਚ ਰੁੜ ਚੁੱਕੀਆਂ ਨੇ ਜਰੂਰਤ ਮੰਨਦਾ ਦੇ ਲਈ ਮਦਦ ਦੇ ਲਈ



ਅੱਗੇ ਆਏ ਤੇ ਜਦੋਂ ਸਮਾਨ ਲੈ ਕੇ ਤਰਨ ਤਰਨ ਜਿਲੇ ਦੇ ਦਰਿਆ ਦੇ ਆਲੇ ਦੁਆਲੇ ਦੇ ਹੜ ਪ੍ਰਭਾਵਿਤ ਇਲਾਕਿਆਂ ਦੇ ਪਿੰਡਾਂ ਵਿੱਚ ਪਹੁੰਚੇ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਗੱਲਬਾਤ ਕਰਦੇ ਹੋਏ ਉਹਨਾਂ ਦੱਸਿਆ ਕਿ ਇਨਸਾਨੀਅਤ ਦੇ ਨਾਤੇ ਸਾਡਾ ਅੱਜ ਫਰਜ਼ ਬਣਦਾ ਹੈ ਕਿ ਅੱਜ ਦੁੱਖ ਦੀ ਘੜੀ ਵਿੱਚ ਅਸੀਂ ਆਪਣੇ ਲੋਕਾਂ ਦੇ ਨਾਲ ਖੜੇ ਹੋਈਏ ਤੇ ਜਿੰਨੇ ਜੋਗੇ ਵੀ ਹਾਂ ਉਹਨਾਂ ਦੀ ਮਦਦ ਕਰੀਏ ਉਹਨਾਂ ਦੱਸਿਆ ਕਿ ਅੱਜ 150 ਦੇ ਕਰੀਬ ਬੋਰੀਆਂ ਗਾਵਾਂ ਮੱਝਾਂ ਤੇ ਖਾਣ ਦੇ ਲਈ ਚੌਕਰ ਅਚਾਰ ਤੇ ਚਾਰਾ ਲੈ ਕੇ ਪਹੁੰਚੇ ਹਾਂ ਤੇ ਹੋਰ ਖਾਣ ਪੀਣ ਵਾਲਾ ਸਮਾਨ ਤੇ ਪਾਣੀ ਪੀਣ ਵਾਲਾ ਲੈ ਕੇ ਪਹੁੰਚੇ ਇਸ ਮੌਕੇ ਤੇ ਹਾਜ਼ਰ ਬਾਬਾ ਚਮਕੌਰ ਸਿੰਘ ਜੀ ਤੇ ਸਮੂਹ ਇਲਾਕਾ ਨਿਵਾਸੀਆਂ ਨੇ ਉਹਨਾਂ ਦਾ ਦਿਲ ਦੀਆਂ ਗਹਿਰਾਈਆਂ ਤੋ ਧੰਨਵਾਦ ਕੀਤਾ ਇਸ ਮੌਕੇ ਤੇ ਹਾਜ਼ਰ ਸਰਬਜੀਤ ਸਿੰਘ ਸਕੱਤਰ ਸਿੰਘ ਹਰਮਨਪ੍ਰੀਤ ਸਿੰਘ ਬਲਦੇਵ ਸਿੰਘ ਸੰਧੂ ਸਿਮਰਨਦੀਪ ਸਿੰਘ ਦਮਨਦੀਪ ਸਿੰਘ ਗੁਰਪ੍ਰੀਤ ਸਿੰਘ ਜੋਬਨਜੀਤ ਸਿੰਘ ਰਣਜੀਤ ਸਿੰਘ ਆਦੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਰੀਬ 21 ਕਰੋੜ ਰੁਪਏ ਦੀ ਲਾਗਤ ਨਾਲ

# ਸੜਕਾਂ ਦੀ ਕਾਇਆ ਕਲਪ ਦੇ ਕੰਮ ਦੀ ਕਰਵਾਈ ਸ਼ੁਰੂਆਤ





**ਲਹਿਰਾ/ ਮੂਨਕ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ, ਪੰਜਾਬ, ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਵਿਕਾਸ ਲਈ ਦਿਨ-ਰਾਤ ਇੱਕ ਕਰ ਕੇ ਕੰਮ ਕਰ ਰਹੀ ਹੈ। ਇਸੇ ਲੜੀ ਤਹਿਤ ਵਿਧਾਨ ਸਭਾ ਹਲਕਾ ਲਹਿਰਾ ਵਿਖੇ ਵਿਕਾਸ ਕਾਰਜ ਜੰਗੀ ਪੱਧਰ ਉੱਤੇ ਜਾਰੀ ਹਨ ਤੇ ਇਸ ਹਲਕੇ ਨੂੰ ਨਮੂਨੇ ਦਾ ਹਲਕਾ ਬਨਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।

ਆਵਾਜ਼ਿ ਕੌਮ AWAZE QAUM International Newspaper & WEB TV

## ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਹੋਈਆਂ ਪੂਰੀਆਂ

ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਖਨੌਰੀ ਮੰਡੀ ਵਿਖੇ ਮੂਨਕ-ਟੋਹਾਣਾ ਰੋਡ ਤੋਂ ਖਨੌਰੀ, 25.18 ਕਿਲੋਮੀਟਰ ਸੜਕ ਦੀ 13 ਕਰੋੜ 45 ਲੱਖ ਰੁਪਏ ਅਤੇ ਬਨਾਰਸੀ ਵਿਖੇ ਖਨੌਰੀ ਤੋਂ ਮੰਡਵੀਂ 12.20 ਕਿਲੋਮੀਟਰ ਸੜਕ ਦੀ 07 ਕਰੋੜ 62 ਲੱਖ ਰੁਪਏ ਦੀ ਲਾਗਤ ਨਾਲ ਕਾਇਆ ਕਲਪ ਕਰਨ ਦੇ ਕੰਮ ਦੀ ਸ਼ੁਰੂਆਤ ਦੇ ਨੀਂਹ ਰੱਖਣ ਮੌਕੇ ਕੀਤਾ।

ਸ਼੍ਰੀ ਗੋਇਲ ਨੇ ਕਿਹਾ ਕਿ ਹਲਕੇ ਦੀਆਂ ਸੜਕਾਂ ਦੀ ਕਾਇਆ ਕਲਪ ਵੱਲ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ ਤੇ ਹਲਕੇ ਦੀ ਕੋਈ ਸੜਕ ਅਜਿਹੀ ਨਹੀਂ ਰਹਿਣ ਦਿੱਤੀ ਜਾਵੇਗੀ, ਜਿਸ ਦੀ ਕਾਇਆ ਕਲਪ ਨਾ ਹੋਈ ਹੋਵੇ। ਇਹ ਦੋਵੇਂ ਸੜਕਾਂ ਦੀ ਕਾਇਆ ਕਲਪ ਦੀ ਮੰਗ ਕਾਫੀ ਲੰਮੇ ਸਮੇਂ ਤੋਂ ਹੋ ਰਹੀ ਸੀ ਤੇ ਅੱਜ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਪੂਰੀਆਂ ਹੋਈਆਂ ਹਨ।

ਪੰਜਾਬ ਸਰਕਾਰ ਦੀਆਂ ਸਾਰੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਹਰ ਇਕ ਯੋਗ ਲਾਭਪਾਤਰੀ ਨੂੰ ਦਿੱਤਾ ਜਾ ਰਿਹਾ ਹੈ। ਜਿਹੜੇ ਵਾਅਦੇ ਲੋਕਾਂ ਨਾਲ ਕੀਤੇ ਸਨ, ਉਹ ਪੜਾਅਵਾਰ ਪੂਰੇ ਕੀਤੇ ਜਾ ਰਹੇ ਹਨ।ਸੜਕਾਂ, ਗਲੀਆਂ, ਸਟਰੀਟ ਲਾਈਟਾਂ, ਪਾਰਕਾਂ, ਸ਼ਮਸ਼ਾਨਘਾਟਾਂ ਤੇ ਕਬਰਸਤਾਨਾਂ, ਪਾਣੀ ਦੀ ਨਿਕਾਸੀ ਅਤੇ ਸਕੂਲਾਂ ਸਬੰਧੀ ਵੱਡੇ ਪੱਧਰ ਉਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਹਨਾਂ ਕਿਹਾ ਕਿ ਹਲਕੇ ਦੇ ਵਿਕਾਸ ਵਿਚ ਕੋਈ ਕਸਰ ਨਹੀਂ ਛੱਡੀ ਜਾਵੇਗੀ।

ਉਹਨਾਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਕਾਰੋਬਾਰ ਕਰਨ ਵਿੱਚ ਲੱਗੇ ਹੋਏ ਵਿਅਕਤੀਆਂ ਨੂੰ ਵੱਡੇ ਪੱਧਰ 'ਤੇ ਕਾਬੂ ਕੀਤਾ ਜਾ ਰਿਹਾ ਹੈ। ਪੰਜਾਬ ਸਰਕਾਰ ਨਸ਼ਿਆਂ ਦੀ ਲਾਹਨਤ ਨੂੰ ਜੜੋਂ ਖਤਮ ਕਰਨ ਲਈ ਦ੍ਰਿੜ੍ਹ ਹੈ। ਇਸ ਮੌਕੇ ਇਸ ਮੌਕੇ ਪੀ.ਏ. ਰਾਕੇਸ਼ ਕੁਮਾਰ ਗੁਪਤਾ, ਮਾਰਕਿਟ ਕਮੇਟੀ ਖਨੌਰੀ ਦੇ ਚੇਅਰਮੈਨ ਜੋਗੀਰਾਮ ਭੁੱਲਣ, ਬੀਰਭਾਨ ਕਾਂਸਲ ਪ੍ਰਧਾਨ ਟੱਰਕ ਯੂਨੀਅਨ ਖਨੌਰੀ ਮੰਡੀ, ਸੱਜੇ ਸਿੰਗਲਾ, ਵਿਸ਼ਾਲ ਕਾਂਸਲ ਬਲਾਕ ਪਧਾਨ, ਗਿਰਧਾਰੀ ਲਾਲ ਸਬਕਾ ਪ੍ਰਧਾਨ ਨਗਰ ਪੰਚਾਇਤ ਖਨੌਰੀ ਮੰਡੀ, ਕੌਂਸਲਰ ਮਹਾਂਵੀਰ ਸ਼ਰਮਾ, ਕੌਂਸਲਰ ਜੀਤੀ ਨੰਬਰਦਾਰ, ਮਹਿਲਾ ਵਿੰਗ ਹਲਕਾ ਲਹਿਰਾ ਪ੍ਰਧਾਨ ਸੰਦੀਪ ਕੌਰ, ਰਾਜ ਕੁਮਾਰ, ਅਨਿਲ ਕੁਮਾਰ, ਕੌਂਸਲਰ ਹਰਬੰਸ ਸੈਕਟਰੀ, ਸੁਰਿੰਦਰ ਬਬਲੀ, ਰੋਮੀ ਗੋਇਲ, ਸਰਪੰਚ ਸਤਿਗੁਰ ਸਿੰਘ ਮਨਿਆਣਾ, ਤਲਵਾਰਾ ਸਿੰਘ ਬਿਸ਼ਨਪੁਰਾ ਖੋਖਰ, ਜੋਰਾ ਸਿੰਘ ਸਬਕਾ ਪ੍ਰਧਾਨ ਟੱਰਕ ਯੂਨੀਅਨ ਖਨੌਰੀ ਮੰਡੀ, ਤੇਜਵੀਰ ਸਿੰਘ ਠਸਕਾ, ਦਲਵੀਰ ਭੁੱਲਣ, ਬਖਸ਼ੀਸ਼ ਸਿੰਘ , ਕੁਲਦੀਪ ਸਿੰਘ ਭੁੱਲਣ, ਜੀਤ ਮਾਸਟਰ, ਕੌਂਸਲਰ ਬਲਵਿੰਦਰ ਸਿੰਘ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਅਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

ਕੇਂਦਰ ਦੀ ਭਾਜਪਾ ਸਰਕਾਰ ਨੂੰ ਪੰਜਾਬ ਦੇ

# 55 ਲੱਖ ਗ਼ਰੀਬ ਲੋਕਾਂ ਦੇ ਰਾਸ਼ਨ 'ਤੇ ਨਹੀਂ ਮਾਰਨ ਦੇਵਾਂਗੇ ਡਾਕਾ: ਅਮਨ ਅਰੋੜਾ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਅੱਜ ਇੱਥੇ ਕੇ.ਟੀ.ਰੋਆਇਲ ਹੋਟਲ ਵਿਖੇ ਪ੍ਰੈੱਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ, ਪੰਜਾਬ ਦੇ ਪ੍ਰਧਾਨ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ, ਪੰਜਾਬ ਦੇ ਕਰੀਬ 55 ਲੱਖ ਲੋੜਵੰਦ ਤੇ ਗਰੀਬ ਲੋਕਾਂ ਦੇ ਰਾਸ਼ਨ ਉੱਤੇ ਡਾਕਾ ਮਾਰਨਾ ਚਾਹੁੰਦੀ ਹੈ ਪਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸੇ ਦੇ ਵੀ ਹਿੱਸੇ ਦਾ ਰਾਸ਼ਨ ਖੋਹਣ ਨਹੀਂ ਦਿੱਤਾ ਜਾਵੇਗਾ।



ਕੇਂਦਰ ਦੀ ਭਾਜਪਾ ਸਰਕਾਰ ਨੇ ਪਹਿਲਾਂ ਕੇ.ਵਾਈ.ਸੀ. ਤੇ ਵੈਰੀਫਿਕੇਸ਼ਨ ਦੇ ਨਾਂ ਉੱਤੇ 23 ਲੱਖ ਲੋਕਾਂ ਦਾ ਰਾਸ਼ਨ ਰੋਕ ਰੱਖਿਆ ਹੈ ਤੇ ਹੁਣ ਪੰਜਾਬ ਸਰਕਾਰ ਨੂੰ ਨਵਾਂ ਤਾਨਾਸ਼ਾਹੀ ਫ਼ੁਰਮਾਨ ਜਾਰੀ ਕਰਦਿਆਂ 08 ਲੱਖ 02 ਹਜ਼ਾਰ 500 ਰਾਸ਼ਨ ਕਾਰਡ (ਕਰੀਬ 32 ਲੱਖ ਲੋਕ) ਕੱਟਣ ਲਈ ਕਿਹਾ ਹੈ। ਇਸ ਤਰ੍ਹਾਂ ਕੇਂਦਰ ਸਰਕਾਰ ਪੰਜਾਬ ਦੇ ਕਰੀਬ 55 ਲੱਖ ਲੋੜਵੰਦ ਲੋਕਾਂ ਦਾ ਰਾਸ਼ਨ ਖੋਹਣ ਦੇ ਰਾਹ ਪਈ ਹੋਈ ਹੈ।

ਕੈਬਨਿਟ ਮੰਤਰੀ ਨੇ ਆਖਿਆ ਕਿ ਪੰਜਾਬ ਵਿੱਚ ਨੈਸ਼ਨਲ ਫੂਡ ਸਕਿਉਰਿਟੀ ਐਕਟ ਅਧੀਨ ਕਰੀਬ 01 ਕਰੋੜ 53 ਲੱਖ ਲਾਭਪਾਤਰੀ ਹਨ ਤੇ 01 ਕਰੋੜ 29 ਲੱਖ ਲਾਭਪਾਤਰੀਆਂ ਸਬੰਧੀ ਵੈਰੀਫਿਕੇਸ਼ਨ ਹੋ ਚੁੱਕੀ ਹੈ ਤੇ ਬਾਕੀਆਂ ਸਬੰਧੀ ਇਹ ਪ੍ਰਕਿਰਿਆ ਜਾਰੀ ਹੈ। ਪੰਜਾਬ ਸਰਕਾਰ ਨੇ ਇਸ ਕਾਰਜ ਬਾਬਤ 06 ਮਹੀਨੇ ਦਾ ਸਮਾਂ ਹੋਰ ਮੰਗਿਆ ਹੈ। ਜੇਕਰ ਕੇਂਦਰ ਨੂੰ ਕਿਸੇ ਕਿਸਮ ਦੀ ਕੋਈ ਕਮੀ ਨਜ਼ਰ ਆਉਂਦੀ ਹੈ ਤਾਂ ਪੰਜਾਬ ਸਰਕਾਰ, ਜੋ ਕਿ ਨੈਸ਼ਨਲ ਫੂਡ ਸਕਿਉਰਿਟੀ ਐਕਟ ਅਧੀਨ ਐਗਜ਼ੀਕਿਊਟਿੰਗ ਏਜੰਸੀ ਹੈ, ਨਾਲ ਰਾਬਤਾ ਕਰ ਕੇ ਮਸਲਾ ਹੱਲ ਕੀਤਾ ਜਾ ਸਕਦਾ ਹੈ। ਇੱਕ ਪਾਸੜ ਤਾਨਾਸ਼ਾਹੀ ਫ਼ੁਰਮਾਨ ਜਾਰੀ ਕਰਨਾ ਬਹੁਤ ਗਲਤ ਹੈ ਤੇ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਹੈ। ਸ਼੍ਰੀ ਅਰੋੜਾ ਨੇ ਕਿਹਾ ਕਿ ਰਾਸ਼ਨ ਕਾਰਡ ਕੱਟਣ ਲਈ ਜਿਹੜੇ ਮਾਪਦੰਡ ਕੇਂਦਰ ਵੱਲੋਂ ਅਪਣਾਏ ਜਾ ਰਹੇ ਹਨ, ਉਹ ਮਾਪਦੰਡ ਪੰਜਾਬ ਉੱਤੇ ਢੁੱਕਵੇਂ ਹੀ ਨਹੀਂ ਹਨ, ਜਿਨ੍ਹਾਂ ਵਿੱਚ ਕਿਸੇ ਪਰਿਵਾਰ ਦੇ ਬੱਚੇ ਵੱਲੋਂ ਨੌਕਰੀ ਕੀਤੇ ਜਾਣਾ ਤੇ 02.5 ਏਕੜ ਤੋਂ ਵੱਧ ਜ਼ਮੀਨ ਹੋਣਾ ਸ਼ਾਮਲ ਹਨ। ਸ਼੍ਰੀ ਅਰੋੜਾ ਨੇ ਕਿਹਾ ਕਿ ਜੇਕਰ ਫ਼ਸਲ ਚੰਗੀ ਹੋ ਜਾਵੇ ਤਾਂ 02.5 ਏਕੜ ਜ਼ਮੀਨ ਦੇ ਵਿੱਚੋਂ ਆਮਦਨ ਕਰੀਬ 01 ਲੱਖ 75 ਹਜ਼ਾਰ ਰੁਪਏ ਬਣਦੀ ਹੈ ਤੇ ਚਾਰ ਜੀਆਂ ਦੇ ਟੱਬਰ ਦਾ ਇਸ ਆਮਦਨ ਨਾਲ ਗੁਜ਼ਾਰਾ ਨਹੀਂ ਹੋ ਸਕਦਾ। ਪੰਜਾਬ ਵਿੱਚ ਭਾਜਪਾ ਵੱਲੋਂ ਲੋਕ ਭਲਾਈ ਸਕੀਮਾਂ ਲੋਕਾਂ ਤਕ ਪੁੱਜਦੀਆਂ ਕਰਨ ਦੇ ਨਾਂ ਉੱਤੇ ਲਾਏ ਕੈਂਪਾਂ ਬਾਬਤ ਕਾਰਵਾਈ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਨੇ ਕਿਹਾ ਕਿ ਪੁਲੀਸ ਨੂੰ ਉਨ੍ਹਾਂ ਕੈਂਪਾਂ ਵਿੱਚ ਲੋਕਾਂ ਤੋਂ ਪੈਸੇ ਲਏ ਜਾਣ ਅਤੇ ਲੋਕਾਂ ਤੇ ਬੈਂਕ ਖਾਤਿਆਂ ਦੇ ਵੇਰਵੇ ਲਏ ਜਾਣ ਦੀਆਂ ਸ਼ਿਕਾਇਤਾਂ ਮਿਲੀਆਂ ਸਨ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਆਮ ਵਿਅਕਤੀ ਦੇ ਖਾਤੇ ਵਿੱਚੋਂ ਪੈਸੇ ਨਿਕਲ ਗਏ ਤਾਂ ਕੌਣ ਜ਼ਿੰਮੇਵਾਰ ਹੋਵੇਗਾ। ਉਨ੍ਹਾਂ ਕਿਹਾ ਕਿ ਰੋਜ਼ਾਨਾ ਹਰ ਇਨਸਾਨ ਨੂੰ ਆਰ.ਬੀ.ਆਈ. ਸਮੇਤ ਵੱਖ ਵੱਖ ਬੈਂਕਾਂ ਵੱਲੋਂ ਫੋਨ ਉੱਤੇ ਸੁਨੇਹੇ ਆਉਂਦੇ ਹਨ ਕਿ ਕਿਸੇ ਦੇ ਨਾਲ ਵੀ ਬੈਂਕ ਖਾਤੇ ਦੇ ਵੇਰਵੇ ਸਾਂਝੇ ਨਾ ਕੀਤੇ ਜਾਣ। ਉਨ੍ਹਾਂ ਸਵਾਲ ਕੀਤਾ ਕਿ ਜੇਕਰ ਇਨ੍ਹਾਂ ਕੈਂਪਾਂ ਵਿੱਚ ਬੈਂਕ ਖਾਤਿਆਂ ਦੇ ਵੇਰਵੇ ਦੇਣ ਵਾਲਿਆਂ ਦੇ ਖਾਤਿਆਂ ਵਿੱਚੋਂ ਪੈਸੇ ਨਿਕਲ ਜਾਣ ਤਾਂ ਕੀ ਭਾਜਪਾ ਉਸ ਘਟਨਾ ਸਬੰਧੀ ਜ਼ਿੰਮੇਵਾਰੀ ਲਵੇਗੀ। ਸ਼੍ਰੀ ਅਰੋੜਾ ਨੇ ਇਹ ਵੀ ਆਖਿਆ ਕਿ ਕੇਂਦਰ ਸਰਕਾਰ ਕੋਲ ਆਧਾਰ ਕਾਰਡ ਤੇ ਪੈਨ ਕਾਰਡ ਜ਼ਰੀਏ ਦੇਸ਼ ਵਾਸੀਆਂ ਦੇ ਵੇਰਵੇ ਮੌਜੂਦ ਹਨ ਤੇ ਕੇਂਦਰ ਦੀ ਭਾਜਪਾ ਸਰਕਾਰ ਜੇਕਰ ਲੋਕਾਂ ਦਾ ਭਲਾ ਕਰਨ ਦੀ ਐਨੀ ਇੱਛਾ ਰੱਖਦੀ ਹੈ ਤਾਂ ਪਹਿਲਾਂ ਸਾਰੇ ਦੇਸ਼ ਵਾਸੀਆਂ ਦੇ ਖਾਤਿਆਂ ਵਿੱਚ ਕੀਤੇ ਵਾਅਦੇ (ਜੁਮਲੇ) ਮੁਤਾਬਕ 15-15 ਲੱਖ ਰੁਪਏ (ਡੀ.ਟੀ.ਪੀ.) ਟਰਾਂਸਫਰ ਕਰ ਦੇਵੇ, ਜਿਹੜੇ ਕਿ ਪਿਛਲੇ ਕਰੀਬ 11 ਸਾਲ ਤੋਂ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਵੱਲ ਬਕਾਇਆ ਹਨ। ਕੈਬਨਿਟ ਮੰਤਰੀ ਨੇ ਪੰਜਾਬ ਦੇ ਲੋਕਾਂ ਦੇ ਹੱਕਾਂ ਦੀ ਰਾਖੀ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਉਂਦਿਆਂ ਕਿਹਾ ਕਿ ਬੇਸ਼ਕ ਨੈਸ਼ਨਲ ਫੂਡ ਸਕਿਉਰਿਟੀ ਐਕਟ ਤਹਿਤ ਕੇਂਦਰ ਸਰਕਾਰ, ਰਾਜ ਸਰਕਾਰ ਦੇ ਨਾਲ ਮਿਲ ਕੇ ਲੋੜਵੰਦਾਂ ਨੂੰ ਰਾਸ਼ਨ ਵੰਡਦੀ ਹੈ ਪਰ ਐਗਜ਼ੀਕਿਊਟਿੰਗ ਏਜੰਸੀ ਰਾਜ ਸਰਕਾਰ ਹੀ ਹੈ ਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸੇ ਵੀ ਹਾਲ ਕਿਸੇ ਵੀ ਪੰਜਾਬੀ ਦੇ ਹੱਕ ਉੱਤੇ ਡਾਕਾ ਨਹੀਂ ਪੈਣ ਦੇਵੇਗੀ। ਇਸ ਮੌਕੇ ਪਨਸੀਡ ਦੇ ਚੇਅਰਮੈਨ ਮਹਿੰਦਰ ਸਿੰਘ ਸਿੱਧੂ, ਗੁਲਜ਼ਾਰ ਸਿੰਘ ਬੌਬੀ ਮੈਂਬਰ ਐਸ.ਸੀ. ਕਮਿਸ਼ਨ, ਆਪ ਦੇ ਜ਼ਿਲ੍ਹਾ ਪ੍ਰਧਾਨ ਸ਼ਾਮ ਸਿੰਗਲਾ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ, ਸੰਗਰੂਰ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਪ੍ਰੀਤਮ ਸਿੰਘ ਪੀਤੂ, ਨਗਰ ਕੌਂਸਲ ਸੰਗਰੂਰ ਦੇ ਪ੍ਰਧਾਨ ਭੁਪਿੰਦਰ ਸਿੰਘ ਨਹਿਲ, ਮਾਰਕੀਟ ਕਮੇਟੀ ਸੰਗਰੂਰ ਦੇ ਚੇਅਰਮੈਨ ਅਵਤਾਰ ਸਿੰਘ ਈਲਵਾਲ, ਗਊ ਸੇਵਾ ਸੰਮਤੀ ਦੇ ਚੇਅਰਮੈਨ ਅਸ਼ੋਕ ਲੱਖਾ, ਬਲਾਕ ਪ੍ਰਧਾਨ ਚਰਨਜੀਤ ਸਿੰਘ ਚੰਨੀ, ਟਰੇਡ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਅਰੁਣ ਜਿੰਦਲ, ਬਲਾਕ ਪ੍ਰਧਾਨ ਹਰਿੰਦਰ ਬਾਵਾ, ਪਿੰਕੀ ਐਮ.ਸੀ.ਸੰਗਰੂਰ ਸਮੇਤ ਪਤਵੰਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

☛ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਵੱਲੋਂ ਕੇਂਦਰ ਸਰਕਾਰ ਦੇ ਰਾਸ਼ਨ ਕਾਰਡ ਕੱਟਣ ਦੇ ਫ਼ੁਰਮਾਨ ਦੀ ਨਿਖੇਧੀ ☛ ਕੇਂਦਰ ਸਰਕਾਰ ਨੂੰ 15-15 ਲੱਖ ਰੁਪਏ ਹਰ ਭਾਰਤੀ ਨਾਗਰਿਕ ਦੇ ਖਾਤੇ ਵਿੱਚ ਪਾਉਣ ਲਈ ਵੰਗਾਰਿਆ

# ਸੱਚਖੰਡ ਵਾਸੀ ਸੰਤ ਬਾਬਾ ਕਾਲਾ ਸਿੰਘ ਅਤੇ ਸੰਤ ਬਾਬਾ ਤੇਜਾ ਸਿੰਘ ਦੀ ਬਰਸੀ ਮਨਾਈ



**ਚੌਕ ਮਹਿਤਾ, 23 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲੇ ਵਾਲਿਆਂ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਸੁੱਖਾ ਸਿੰਘ ਜੀ ਦੀ ਅਗਵਾਈ ਹੇਠ ਅਤੇ ਇਲਾਕਾ ਨਿਵਾਸੀ ਐਨ ਆਰ ਆਈ ਦੇ ਸਹਿਯੋਗ ਨਾਲ ਬ੍ਰਹਮ ਗਿਆਨੀ 108 ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਵਾਲਿਆਂ ਤੋਂ ਵਰਸੋਏ ਹੋਏ ਸ੍ਰੀ ਮਾਨ 108 ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲੇ ਵਾਲਿਆਂ ਤੋਂ ਵਰਸੋਏ ਸੱਚਖੰਡ ਵਾਸੀ ਸੰਤ ਬਾਬਾ ਕਾਲਾ ਸਿੰਘ ਜੀ ਅਤੇ ਸੰਤ ਬਾਬਾ ਤੇਜਾ ਸਿੰਘ ਜੀ ਦੀ ਮਿੱਠੀ ਯਾਦ ਵਿੱਚ ਸਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ।ਮਿੱਤੀ 17 ਅਗਸਤ 2025 ਦਿਨ ਐਤਵਾਰ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਆਰੰਭ ਕੀਤੇ ਗਏ ਸ੍ਰੀ ਆਖੰਡ ਭੋਗ ਤੋਂ ਉਪਰੰਤ । ਸਾਰੀ ਦਿਹਾੜੀ ਦੀਵਾਨ ਸਜਾਏ ਗਏ ਜਿਸ ਵਿੱਚ ਭਾਈ ਹਰਪ੍ਰੀਤ ਸਿੰਘ ਪ੍ਰਚਾਰਕ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ, ਭਾਈ ਸਤਨਾਮ ਸਿੰਘ ਬਹਿਲਾ ਤਰਸਿੱਕੇ ਵਾਲੇ ਗੁਰਮੱਤ ਵਿਚਾਰਾਂ ਦੀ ਸਾਂਝ ਪਾਈ। ਗੁਰੂ ਜੀ ਲੰਗਰ ਆਟੁਤ ਵਰਤੇਗਾ। ਸੰਤ ਬਾਬਾ ਸੁੱਖਾ ਸਿੰਘ ਜੀ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲੇ ਵਾਲਿਆਂ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਸਮਾਗਮ ਵਿੱਚ ਇਲਾਕੇ ਅਤੇ ਦੇਸਾਂ ਵਿਦੇਸਾਂ ਦੀਆਂ ਸੰਗਤਾਂ ਨੇ ਹਾਜਰੀਆ ਭਰੀਆਂ, ਇਸ ਮੌਕੇ ਤੇ ਸੰਤ ਬਾਬਾ ਸੁੱਖਾ ਸਿੰਘ ਵੱਲੋਂ ਆਏ ਹੋਏ ਜਥਿਆਂ ਅਤੇ ਮਹਾਪੁਰਖਾਂ ਨੂੰ ਸਿਰਪਾਉ ਅਤੇ ਦੁਸਾਲੇ ਦੇਕੇ ਸਨਮਾਨਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਕੌਮੀ ਸਿਧਾਤਾਂ ਅਤੇ ਇਖਲਾਕ ਤੋ ਡਿੱਗ ਚੁੱਕੇ ਧੜੇ ਅਤੇ ਆਗੂ ਸਿੱਖ ਕੌਮ ਦੀ ਨੁਮਾਇੰਦਾ ਜਮਾਤ ਕਦਾਚਿਤ ਨਹੀ ਕਹਿਲਾਅ ਸਕਦੇ : ਮਾਨ



**ਨਵੀਂ ਦਿੱਲੀ, 24 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- "ਬਾਦਲ ਦਲ ਜਾਂ ਉਨ੍ਹਾਂ ਤੋ ਵੱਖ ਹੋਏ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਵਿਚ ਨਵੇ ਬਣੇ ਧੜੇ ਦੇ ਨਾਲ ਸੰਬੰਧਤ ਆਗੂ ਮੋਗਾ ਕਾਨਫਰੰਸ ਸਮੇਂ ਇਕੱਤਰ ਸਨ ।ਜਦੋ ਸ. ਪ੍ਰਕਾਸ ਸਿੰਘ ਬਾਦਲ ਨੇ ਆਪਣੇ ਸਿਆਸੀ ਤੇ ਮਾਲੀ ਹਿੱਤਾ ਨੂੰ ਮੁੱਖ ਰੱਖਕੇ ਸ਼੍ਰੋਮਣੀ ਅਕਾਲੀ ਦਲ ਦੀ ਅਣਖੀਲੀ ਕੌਮੀ ਪੰਥਕ ਪਹਿਚਾਣ ਤੇ ਇਖਲਾਕ ਨੂੰ ਖਤਮ ਕਰਕੇ ਇਸ ਨੂੰ ਬਤੌਰ ਪੰਜਾਬੀ ਪਾਰਟੀ ਸਥਾਪਿਤ ਕਰਕੇ ਬਜਰ ਗੁਨਾਹ ਕੀਤਾ ਸੀ । ਜਿਸ ਮੁਤੱਸਵੀ ਪੰਜਾਬ ਸੂਬੇ ਤੇ ਸਿੱਖ ਕੌਮ ਵਿਰੋਧੀ ਪਾਰਟੀ ਨਾਲ ਅੱਜ ਇਨ੍ਹਾਂ ਦੀ ਦੂਰੀ ਬਣ ਚੁੱਕੀ ਹੈ, ਉਸ ਨਾਲ ਇਨ੍ਹਾਂ ਨੇ ਮਿਲੀਭੁਗਤ ਕਰਕੇ ਆਪਣੀ ਸਿਆਸੀ ਤੇ ਵਪਾਰਕ ਦੁਕਾਨ ਨੂੰ ਚੱਲਦਾ ਕਰ ਰੱਖਿਆ ।ਲੇਕਿਨ ਅੱਜ ਤੱਕ ਕਿਸੇ ਵੀ ਪੰਜਾਬ ਸੂਬੇ, ਪੰਜਾਬੀਆਂ ਤੇ ਸਿੱਖ ਕੌਮ ਦੇ ਗੰਭੀਰ ਮਸਲੇ ਦਾ ਹੱਲ ਨਾ ਕਰਨ ਵਿਚ ਦਿਲਚਸਪੀ ਸੀ ਅਤੇ ਨਾ ਕਰਵਾ ਸਕੇ । ਇਥੋ ਤੱਕ ਸਿੱਖ ਕੌਮ ਦੀ ਪਾਰਲੀਮੈਂਟ ਐਸ.ਜੀ.ਪੀ.ਸੀ ਦੀਆਂ ਬੀਤੇ 14 ਸਾਲਾਂ ਤੋਂ ਚੋਣਾਂ ਨਹੀ ਹੋਣ ਦਿੱਤੀਆ ਅਤੇ ਨਾ ਹੀ ਇਹ ਚੋਣਾਂ ਕਰਵਾਉਣ ਲਈ ਕਦੀ ਮੰਗ ਉਠਾਈ ਗਈ ।ਜਦੋਕਿ ਮੌਜੂਦਾ ਐਸ.ਜੀ.ਪੀ.ਸੀ ਦਾ ਹਾਊਸ 2016 ਤੋ ਹੀ ਗੈਰ ਕਾਨੂੰਨੀ ਤੌਰ ਤੇ ਲੇਮ ਡੱਕ ਵਿਚ ਚੱਲ ਰਿਹਾ ਹੈ ।ਫਿਰ ਅਜਿਹੇ ਸਿੱਖ ਸੰਗਠਨਾਂ ਤੇ ਆਗੂਆਂ ਨੂੰ ਕੀ ਹੱਕ ਬਾਕੀ ਰਹਿ ਜਾਂਦਾ ਹੈ ਕਿ ਉਹ ਆਪੋ ਆਪਣੇ ਧੜੇ ਨੂੰ ਸਿੱਖ ਕੌਮ ਦੀ ਨੁਮਾਇੰਦਾ ਜਮਾਤ ਪ੍ਰਚਾਰਦੇ ਤੇ ਪ੍ਰਸਾਰਦੇ ਫਿਰਨ ?" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਮੌਜੂਦਾ ਸਮੇ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਇਤਿਹਾਸਿਕ ਨਾਮ ਦੀ ਨਿਰੰਤਰ ਦੁਰਵਰਤੋ ਕਰਦੇ ਆ ਰਹੇ ਬਾਦਲ ਦਲੀਆ ਅਤੇ ਨਵੇ ਬਣੇ ਧੜੇ ਦੇ ਆਗੂਆਂ ਤੇ ਜਮਾਤਾਂ ਵੱਲੋ ਸਿੱਖ ਕੌਮ ਵਿਚ ਆਪਣੇ ਸਵਾਰਥੀ ਹਿੱਤਾ ਦੀ ਪੂਰਤੀ ਲਈ ਖੜ੍ਹੇ ਕੀਤੇ ਗਏ ਬਖੇੜੇ ਅਤੇ ਰੌਲ-ਘਚੋਲੇ ਉਤੇ ਉਪਰੋਕਤ ਦੋਵੇ ਧੜਿਆ ਦੇ ਆਗੂਆ ਦੇ ਪ੍ਰਚਾਰ ਨੂੰ ਗੁੰਮਰਾਹਕੁੰਨ ਕਰਾਰ ਦਿੰਦੇ ਹੋਏ ਅਤੇ ਸਿੱਖ ਕੌਮ ਵੱਲੋ ਦੋਵੇ ਧੜਿਆ ਤੇ ਆਗੂਆ ਨੂੰ ਸਿਆਸੀ, ਧਾਰਮਿਕ ਅਤੇ ਸਮਾਜਿਕ ਤੌਰ ਤੇ ਨਕਾਰ ਦਿੱਤੇ ਜਾਣ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਕਿ ਇਸ ਅਸਫਲ ਹੋ ਚੁੱਕੀ ਲੀਡਰਸਿਪ ਵੱਲੋ ਅੱਜ ਤੱਕ ਨਾ ਤਾਂ 30-30 ਸਾਲਾਂ ਤੋ ਬੰਦੀ ਬਣਾਏ ਗਏ ਸਜਾਵਾਂ ਪੂਰੀਆ ਕਰ ਚੁੱਕੀ ਸਿੱਖ ਨੌਜਵਾਨਾਂ ਦੀ ਰਿਹਾਈ ਕਰਵਾਈ ਜਾ ਸਕੀ, ਨਾ ਹੀ ਸਿੱਖ ਕੌਮ ਦੇ ਕਾਤਲਾਂ ਨੂੰ ਸਜਾਵਾਂ ਦਿਵਾਉਣ ਵਿਚ ਕੋਈ ਜਿੰਮੇਵਾਰੀ ਪੂਰੀ ਕੀਤੀ ਗਈ, ਬਲਕਿ ਆਪਣੀਆ ਸਰਕਾਰਾਂ ਸਮੇ ਪੁਲਿਸ ਦੇ ਉੱਚ ਅਹੁਦਿਆ ਉਤੇ ਸਿੱਖ ਕੌਮ ਦੇ ਕਾਤਲ ਪੁਲਿਸ ਅਧਿਕਾਰੀਆ ਨੂੰ ਤਰੱਕੀਆ ਦਿੰਦੇ ਰਹੇ। ਐਸ.ਜੀ.ਪੀ.ਸੀ ਦੀ ਨਿਗਰਾਨੀ ਹੇਠ ਸਾਡੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਲਾਪਤਾ ਹੋਣ ਅਤੇ ਬੇਅਦਬੀਆ ਹੋਣ ਦੇ ਸੱਚ ਨੂੰ ਸਾਹਮਣੇ ਲਿਆਕੇ ਦੋਸ਼ੀਆਂ ਨੂੰ ਸਜਾਵਾਂ ਦਿਵਾਉਣ ਵਿਚ ਵੀ ਅਸਫਲ ਸਾਬਤ ਹੋ ਚੁੱਕੇ ਹਨ । ਪੰਜਾਬੀ ਬੋਲੀ, ਭਾਸਾ ਨੂੰ ਹਿਮਾਚਲ, ਰਾਜਸਥਾਨ, ਹਰਿਆਣਾ, ਜੰਮੂ-ਕਸਮੀਰ ਆਦਿ ਸੂਬਿਆਂ ਵਿਚ ਬਤੌਰ ਦੂਜੀ ਭਾਸ਼ਾ ਦੇ ਵੀ ਲਾਗੂ ਨਹੀ ਕਰਵਾ ਸਕੇ । ਖੇਤੀ ਪ੍ਰਧਾਨ ਪੰਜਾਬ ਸੂਬੇ ਨਾਲ ਸੰਬੰਧਤ ਕਿਸਾਨਾਂ, ਵਪਾਰੀਆ ਦੇ ਉਤਪਾਦਾਂ ਦੀ ਸਹੀ ਕੀਮਤ ਮਿਲਣ ਹਿੱਤ ਪੰਜਾਬ ਦੀਆਂ ਸਰਹੱਦਾਂ ਨੂੰ ਖੁੱਲ੍ਹੇ ਵਪਾਰ ਲਈ ਖੁਲਵਾਉਣ ਦੀ ਜਿੰਮੇਵਾਰੀ ਨਹੀ ਪੂਰੀ ਕਰ ਸਕੇ ।ਪੰਜਾਬ ਦੇ ਕੀਮਤੀ ਪਾਣੀਆਂ ਦੀ ਹੋ ਰਹੀ ਲੁੱਟ ਖਸੁੱਟ, ਬਿਜਲੀ ਪੈਦਾ ਕਰਨ ਵਾਲੇ ਹੈੱਡਵਰਕਸਾਂ ਦਾ ਪੂਰਨ ਕੰਟਰੋਲ ਪੰਜਾਬ ਅਧੀਨ ਕਰਨ ਦੀ ਮੁੱਖ ਜਿੰਮੇਵਾਰੀ ਤੋ ਵੀ ਭੱਜ ਚੁੱਕੇ ਹਨ । ਪੰਜਾਬੀ ਬੋਲਦੇ ਇਲਾਕੇ ਜੋ ਪੰਜਾਬ ਤੋ ਬਾਹਰ ਰਹਿ ਗਏ ਉਨ੍ਹਾਂ ਨੂੰ ਪੰਜਾਬ ਵਿਚ ਸਾਮਿਲ ਕਰਵਾਉਣ ਤੋ ਖੁਦ ਹੀ ਭੱਜਦੇ ਰਹੇ। ਪਾਕਿਸਤਾਨ ਗੁਰਧਾਮਾਂ ਦੀ ਖੁੱਲ੍ਹੀ ਯਾਤਰਾ ਦਾ ਪ੍ਰਬੰਧ ਕਰਨ ਵਿਚ ਕੋਈ ਜਿੰਮੇਵਾਰੀ ਪੂਰਨ ਨਹੀ ਕਰਵਾਈ । ਇਹ ਸਭ ਦੁਖਾਂਤ ਭਰੇ ਇਨ੍ਹਾਂ ਦੇ ਅਮਲ ਤੇ ਕਾਰਵਾਈਆ ਖੁਦ ਹੀ ਪ੍ਰਤੱਖ ਕਰਦੀਆ ਹਨ ਕਿ ਗੁੰਮਰਾਹਕੁੰਨ ਪ੍ਰਚਾਰ ਰਾਹੀ ਇਹ ਦੋਵੇ ਨਕਾਰੇ ਜਾ ਚੁੱਕੇ ਧੜੇ ਆਪਣੇ ਆਪ ਨੂੰ ਸਿੱਖ ਕੌਮ ਦੀ ਨੁਮਾਇੰਦਾ ਜਮਾਤ ਕਹਾਉਣ ਦਾ ਹੱਕ ਪੂਰਨ ਰੂਪ ਵਿਚ ਗੁਆ ਚੁੱਕੇ ਹਨ । ਫਿਰ 2 ਦਸੰਬਰ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋ ਵੀ ਇਹ ਹੁਕਮਨਾਮਾ ਹੋ ਚੁੱਕਿਆ ਹੈ ਕਿ ਇਨ੍ਹਾਂ ਦੀਆਂ ਬਜਰ ਗੁਸਤਾਖੀਆ, ਕੌਮ ਨਾਲ ਧੋਖੇ ਫਰੇਬ ਦੀ ਬਦੌਲਤ ਬਾਦਲ ਦਲੀਆ ਤੇ ਦੂਸਰੇ ਧੜੇ ਦੇ ਆਗੂਆ ਨੂੰ ਕੌਮ ਦੀ ਅਗਵਾਈ ਕਰਨ ਦਾ ਹੁਣ ਕੋਈ ਹੱਕ ਨਹੀ ਰਿਹਾ ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਸੀਸਗੰਜ ਸਾਹਿਬ ਚਾਂਦਨੀ ਚੌਂਕ ਦਿੱਲੀ ਵਿਖੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਦੀ ਹਾਜ਼ਰੀ ਭਰੀ












ਗੁਰਦੁਆਰਾ ਸੀਸਗੰਜ ਸਾਹਿਬ ਚਾਂਦਨੀ ਚੌਂਕ ਦਿੱਲੀ ਵਿਖੇ ਅੱਜ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਦੀ ਹਾਜ਼ਰੀ ਭਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਹਾਜ਼ਰੀ ਭਰਦੀਆਂ ਸਿੱਖ ਸੰਗਤਾਂ।



(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਸੀਸਗੰਜ ਸਾਹਿਬ ਚਾਂਦਨੀ ਚੌਂਕ ਦਿੱਲੀ ਵਿਖੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਦੀ ਹਾਜ਼ਰੀ ਭਰੀ








ਆਵਾਜ਼ਿ ਕੌਮ AWAZE QAUM International Newspaper & WEB TV





ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਵਿਧਾਨ ਸਭਾ ਹਲਕਾ ਦਿੜ੍ਹਬਾ ਦੇ ਪਿੰਡ ਬਣ ਰਹੇ ਨੇ ਵਿਕਾਸ ਦਾ ਧੁਰਾ: ਹਰਪਾਲ ਸਿੰਘ ਚੀਮਾ

# ਪਿੰਡ ਸੰਗਤਪੁਰਾ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ; ਕਈ ਮੌਕੇ ਉੱਤੇ ਹੀ ਕੀਤੀਆਂ ਹੱਲ





**ਦਿੜ੍ਹਬਾ/ ਸੁਨਾਮ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਵਿਧਾਨ ਸਭਾ ਹਲਕਾ ਦਿੜ੍ਹਬਾ ਵਿਕਾਸ ਪੱਖੋਂ ਮਿਸਾਲ ਬਣ ਰਿਹਾ ਹੈ ਤੇ ਇਸ ਹਲਕੇ ਦੇ ਪਿੰਡ ਵਿਕਾਸ ਦਾ ਧੁਰਾ ਬਣੇ ਹੋਏ ਹਨ। ਹਲਕੇ ਦੇ ਪਿੰਡਾਂ ਨੂੰ ਸ਼ਹਿਰਾਂ ਦੀ ਤਰਜ਼ ਉੱਤੇ ਸਹੂਲਤਾਂ ਦੇਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ। ਇਸੇ ਲੜੀ ਤਹਿਤ ਹਲਕੇ ਦੇ ਪਿੰਡ ਸੰਗਤਪੁਰਾਂ ਨੂੰ ਵੱਖੋ ਵੱਖ ਵਿਕਾਸ ਕਾਰਜਾਂ ਲਈ ਹੁਣ ਤੱਕ ਪੰਜ ਕਰੋੜ 15 ਲੱਖ ਰੁਪਏ ਦਿੱਤੇ ਜਾ ਚੁੱਕੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਪਿੰਡ ਸੰਗਤਪੁਰਾ ਵਿਖੇ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਮੌਕੇ ਕੀਤਾ। ਉਨਾਂ ਨੇ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਮੌਕੇ ਉੱਤੇ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਦਿੱਤੇ ਅਤੇ ਕਈ ਸਮੱਸਿਆਵਾਂ ਮੌਕੇ ਉੱਤੇ ਹੀ ਹੱਲ ਕਰਵਾਈਆਂ। ਇਸ ਮੌਕੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਗ੍ਰਾਮ ਪੰਚਾਇਤ, ਸੰਗਤਪੁਰਾ ਦੇ ਮਨਜ਼ੂਰ ਹੋਏ ਵਿਕਾਸ ਕਾਰਜਾਂ ਵਿੱਚ, ਦੋ ਨਹਿਰੀ ਮੋਘਿਆਂ ਲਈ ਅੰਡਰ-ਗਰਾਊਂਡ ਪਾਈਪਲਾਈਨ ਵਾਸਤੇ 02 ਕਰੋੜ 02 ਲੱਖ ਰੁਪਏ, ਪਿੰਡ ਦੀ ਫਿਰਨੀ ਲਈ ਕੰਕਰੀਟ ਸੜਕ 47 ਲੱਖ ਰੁਪਏ, ਹੈਲਥ ਸੈਂਟਰ ਲਈ 34 ਲੱਖ 95 ਹਜ਼ਾਰ, ਵਿਸ਼ਵਕਰਮਾ ਧਰਮਸ਼ਾਲਾ ਲਈ 05 ਲੱਖ, ਸ਼ਿਵ ਧਰਮਸ਼ਾਲਾ ਲਾਈ 05 ਲੱਖ, ਕਬਰਸਤਾਨ ਲਈ 05 ਲੱਖ ਪਹਿਲਾਂ ਤੇ 02 ਲੱਖ ਹੁਣ, ਸਮਸ਼ਾਨਘਾਟ ਲਈ 05 ਲੱਖ, ਮਜ਼੍ਹਬੀ ਧਰਮਸ਼ਾਲਾ ਲਈ 05,50,000, ਰਾਮਦਾਸੀਆ ਧਰਮਸ਼ਾਲਾ ਲਈ 04,50,000 ਪਹਿਲਾਂ ਤੇ 02,00,000 ਹੁਣ ਅਤੇ ਮੋਟਰ ਪੀਣ ਵਾਲੇ ਪਾਣੀ ਵਾਸਤੇ 04 ਲੱਖ ਸਾਰੀਆਂ ਧਰਮਸ਼ਾਲਾ ਲਈ, ਸ਼ਾਮਲ ਹਨ। ਇਸ ਤੋਂ ਇਲਾਵਾ ਲਦਾਲ ਲਿੰਕ ਸੜਕ ਦਾ ਟੈਂਡਰ ਵੀ ਲੱਗ ਚੁੱਕਾ ਹੈ। ਸ. ਚੀਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਜਿਹੜੇ ਵਾਅਦੇ ਲੋਕਾਂ ਨਾਲ ਕੀਤੇ ਸਨ, ਉਹ ਪੜਾਅਵਾਰ ਪੂਰੇ ਕੀਤੇ ਜਾ ਰਹੇ ਹਨ। ਸੜਕਾਂ, ਗਲੀਆਂ, ਸਟਰੀਟ ਲਾਈਟਾਂ, ਪਾਰਕਾਂ, ਸ਼ਮਸ਼ਾਨਘਾਟਾਂ ਤੇ ਕਬਰਸਤਾਨਾਂ, ਪਾਣੀ ਦੀ ਨਿਕਾਸੀ ਅਤੇ ਸਕੂਲਾਂ ਸਬੰਧੀ ਵੱਡੇ ਪੱਧਰ ਉਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਹਨਾਂ ਕਿਹਾ ਕਿ ਹਲਕੇ ਦੇ ਵਿਕਾਸ ਵਿਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਹਲਕੇ ਦੀਆਂ ਸੜਕਾਂ ਦੀ ਕਾਇਆ ਕਲਪ ਵੱਲ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ ਤੇ ਹਲਕੇ ਦੀ ਕੋਈ ਸੜਕ ਅਜਿਹੀ ਨਹੀਂ ਰਹਿਣ ਦਿੱਤੀ ਜਾਵੇਗੀ, ਜਿਸ ਦੀ ਕਾਇਆ ਕਲਪ ਨਾ ਹੋਈ ਹੋਵੇ। ਇਸ ਤੋਂ ਇਲਾਵਾ ਪੰਜਾਬ ਸਰਕਾਰ ਦੀਆਂ ਸਾਰੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਹਰ ਇਕ ਯੋਗ ਲਾਭਪਾਤਰੀ ਨੂੰ ਦਿੱਤਾ ਜਾ ਰਿਹਾ ਹੈ। 300 ਯੂਨਿਟ ਮੁਫ਼ਤ ਬਿਜਲੀ ਦੇਣ ਦੇ ਇਤਿਹਾਸਕ ਫੈਸਲੇ ਨਾਲ ਲੋਕਾਂ ਨੂੰ ਬਹੁਤ ਲਾਭ ਹੋਇਆ ਹੈ। ਵੱਡੀ ਗਿਣਤੀ ਸਰਕਾਰੀ ਸੇਵਾਵਾਂ ਦਾ ਲਾਭ ਹੁਣ ਲੋਕਾਂ ਨੂੰ ਘਰਾਂ ਵਿੱਚ ਬੈਠੇ ਹੀ ਮਿਲ ਰਿਹਾ ਹੈ। ਪੰਜਾਬ ਸਰਕਾਰ ਦਾ ਟੀਚਾ ਹੈ ਕਿ ਪੰਜਾਬ ਦੇ ਨਹਿਰੀ ਪਾਣੀ ਦੀ ਇਕ ਇਕ ਬੂੰਦ ਕਿਸਾਨਾਂ ਦੇ ਖੇਤਾਂ ਤਕ ਪੁਜਦੀ ਕੀਤੀ ਜਾਵੇ। ਇਸ ਸਦਕਾ ਜਿੱਥੇ ਧਰਤੀ ਹੇਠਲੇ ਪਾਣੀ ਦੀ ਬੱਚਤ ਹੋਵੇਗੀ, ਉੱਥੇ ਕਿਸਾਨਾਂ ਦੇ ਪੈਸੇ ਦੀ ਬੱਚਤ ਹੋਵੇਗੀ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਅਥਾਹ ਵਾਧਾ ਹੋਵੇਗਾ। ਇਸੇ ਲੜੀ ਤਹਿਤ ਹਰ ਖੇਤ ਤਕ ਨਹਿਰੀ ਪਾਣੀ ਪੁੱਜਦਾ ਕਰਨ ਲਈ ਜ਼ਮੀਨਦੋਜ਼ ਪਾਈਪਾਂ ਪਾਉਣ ਅਤੇ ਖਾਲੇ ਬਣਾਉਣ ਦਾ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ। ਕੈਬਨਿਟ ਮੰਤਰੀ ਨੇ ਲੋਕ ਨੁਮਾਇੰਦਿਆਂ ਨੂੰ ਕਿਹਾ ਕਿ ਇਹ ਲੋਕਾਂ ਦਾ ਪੈਸਾ ਹੈ ਤੇ ਪੂਰਨ ਇਮਾਨਦਾਰੀ ਨਾਲ ਲੋਕਾਂ ਦੇ ਕਾਰਜਾਂ 'ਤੇ ਹੀ ਲੱਗਣਾ ਚਾਹੀਦਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ-ਪੈਗੰਬਰਾਂ ਅਤੇ ਦੇਵੀ-ਦੇਵਤਿਆਂ ਦੀ ਪਵਿੱਤਰ ਧਰਤੀ ਹੈ, ਜਿੱਥੋਂ ਦੇ ਲੋਕ ਗੈਰਤ ਨਾਲ ਰਹਿੰਦੇ ਹਨ। ਪਰ ਨਸ਼ਿਆਂ ਦੀ ਭੈੜੀ ਅਲਾਮਤ ਨੇ ਸੂਬੇ ਅਤੇ ਸਮਾਜ ਨੂੰ ਆਪਣੀ ਗ੍ਰਿਫਤ ਵਿੱਚ ਲੈ ਲਿਆ ਸੀ। ਪੰਜਾਬ ਕੌਮਾਂਤਰੀ ਸਰਹੱਦ ਨਾਲ ਲਗਦਾ ਹੋਣ ਕਰ ਕੇ ਨਸ਼ੇ ਦੇ ਤਸਕਰਾਂ ਲਈ ਇਹ ਡਰੱਗ ਰੂਟ ਬਣਿਆ ਹੋਇਆ ਸੀ, ਜਿਸ ਨੂੰ ਰੋਕਣ ਲਈ ਪੰਜਾਬ ਸਰਕਾਰ ਨੇ ਸਖ਼ਤ ਕਦਮ ਚੁੱਕੇ ਹਨ। ਇਸ ਮਸਲੇ 'ਤੇ ਸਾਰੇ ਸਮਾਜ ਨੂੰ ਇਕਜੁਟ ਹੋਣਾ ਚਾਹੀਦਾ ਹੈ। ਪੰਜਾਬ ਵਿੱਚ ਨਸ਼ਿਆਂ ਦਾ ਕਾਰੋਬਾਰ ਕਰਨ ਵਿੱਚ ਲੱਗੇ ਹੋਏ ਵਿਅਕਤੀਆਂ ਨੂੰ ਵੱਡੇ ਪੱਧਰ 'ਤੇ ਕਾਬੂ ਕੀਤਾ ਜਾ ਰਿਹਾ ਹੈ। ਪੰਜਾਬ ਸਰਕਾਰ ਨਸ਼ਿਆਂ ਦੀ ਲਾਹਨਤ ਨੂੰ ਜੜੋਂ ਖਤਮ ਕਰਨ ਲਈ ਦ੍ਰਿੜ੍ਹ ਹੈ। ਇਸ ਮੌਕੇ ਕੈਬਨਿਟ ਮੰਤਰੀ ਦੇ ਓ.ਐੱਸ.ਡੀ. ਤਪਿੰਦਰ ਸਿੰਘ ਸੋਹੀ ਸਮੇਤ ਵਖੋ ਵੱਖ ਵਿਭਾਗਾਂ ਦੇ ਅਧਿਕਾਰੀ, ਅਹੁਦੇਦਾਰ, ਪਤਵੰਤੇ ਅਤੇ ਪਿੰਡ ਵਾਸੀ ਹਾਜ਼ਰ ਸਨ।

**ਹਲਕੇ ਦੇ ਪਿੰਡ ਸੰਗਤਪੁਰਾ ਨੂੰ ਵਿਕਾਸ ਕਾਰਜਾਂ ਲਈ ਕਰੀਬ 05 ਕਰੋੜ 15 ਲੱਖ ਰੁਪਏ ਮਿਲੇ**

ਆਵਾਜ਼ਿ ਕੌਮ AWAZE QAUM International Newspaper & WEB TV

ਮੁੱਖ ਮੰਤਰੀ ਨੇ ਸਰਕਾਰੀ ਫੰਡਾਂ ਦੀ ਵਰਤੋਂ ਨੂੰ ਅਨੁਕੂਲ ਬਣਾਉਣ ਲਈ ਪੇਂਡੂ ਸੜਕਾਂ ਦੀ ਉਸਾਰੀ ਲਈ ਏਆਈ ਦੀ ਵਰਤੋਂ ਦੀ ਵਕਾਲਤ ਕੀਤੀ

# ਪੰਜਾਬ ਮੰਡੀ ਬੋਰਡ ਦੇ ਸਕੱਤਰ ਵੱਲੋਂ ਸੰਗਰੂਰ ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਨਿਰੀਖਣ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਵਿਕਾਸ ਪ੍ਰੋਜੈਕਟਾਂ ਵਿੱਚ ਗੁਣਵੱਤਾ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਤਹਿਤ ਪੰਜਾਬ ਮੰਡੀ ਬੋਰਡ ਦੇ ਸਕੱਤਰ, ਸ੍ਰੀ ਰਾਮਵੀਰ ਨੇ ਅੱਜ ਸੰਗਰੂਰ ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ। ਉਨ੍ਹਾਂ ਦੇ ਨਾਲ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਸ੍ਰੀ ਦਲਵੀਰ ਸਿੰਘ ਢਿੱਲੋਂ, ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਸ੍ਰੀ ਰਾਜਵੰਤ ਸਿੰਘ ਘੁੱਲੀ, ਪੰਜਾਬ ਮੰਡੀ ਬੋਰਡ ਦੇ ਮੁੱਖ ਇੰਜੀਨੀਅਰ ਸ੍ਰੀ ਗੁਰਿੰਦਰ ਸਿੰਘ ਚੀਮਾ, ਅਤੇ ਹੋਰ ਅਧਿਕਾਰੀ ਮੌਜੂਦ ਸਨ। ਆਪਣੇ ਦੌਰੇ ਦੌਰਾਨ, ਉਨ੍ਹਾਂ ਨੇ ਧੂਰੀ ਵਿੱਚ ਨਵੇਂ ਸਬ-ਡਿਵੀਜ਼ਨਲ ਹਸਪਤਾਲ ਅਤੇ ਜੱਚਾ-ਬੱਚਾ ਹਸਪਤਾਲ ਦੇ ਨਿਰਮਾਣ, ਵੱਖ-ਵੱਖ ਲਿੰਕ ਸੜਕਾਂ ਅਤੇ ਪਿੰਡ ਸਤੌਜ ਵਿੱਚ ਅਨਾਜ ਮੰਡੀ ਦੇ ਚੱਲ ਰਹੇ ਕੰਮ ਦਾ ਨਿਰੀਖਣ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਕਾਰੀ ਫੰਡਾਂ ਦੀ ਵਰਤੋਂ ਨੂੰ ਅਨੁਕੂਲ ਬਣਾਉਣ ਲਈ ਪੇਂਡੂ ਸੜਕਾਂ ਦੀ ਲੋੜ-ਅਧਾਰਤ ਉਸਾਰੀ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਦੀ ਵਰਤੋਂ ਦੀ ਵਕਾਲਤ ਕੀਤੀ ਹੈ। ਰਾਜ ਭਰ ਵਿੱਚ ਕੀਤੇ ਗਏ ਸਮਾਰਟ ਸੜਕ ਸਰਵੇਖਣਾਂ ਨੇ ਸਿੱਖਿਆ, ਪੁਲਿਸਿੰਗ ਅਤੇ ਖੇਤੀਬਾੜੀ ਵਰਗੇ ਖੇਤਰਾਂ ਨੂੰ ਬਦਲਣ ਲਈ ਤਕਨਾਲੋਜੀ ਦੀ ਵਰਤੋਂ ਕਰਕੇ 383 ਕਰੋੜ ਦੀ ਬਚਤ ਕੀਤੀ ਹੈ। ਉਨ੍ਹਾਂ ਨੇ ਪੰਜਾਬ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਸਾਰੇ ਵਿਕਾਸ ਪ੍ਰੋਜੈਕਟਾਂ ਵਿੱਚ ਗੁਣਵੱਤਾ ਨੂੰ ਤਰਜੀਹ ਦੇਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਆਮ ਲੋਕਾਂ ਲਈ ਸੁਚਾਰੂ ਆਵਾਜਾਈ ਦੀ ਸਹੂਲਤ ਲਈ ਪੇਂਡੂ ਸੜਕਾਂ ਨੂੰ ਮਜ਼ਬੂਤ ਅਤੇ ਅਪਗ੍ਰੇਡ ਕਰਨ ਦੀ ਤੁਰੰਤ ਲੋੜ 'ਤੇ ਜ਼ੋਰ ਦਿੱਤਾ। ਉਹਨਾਂ ਕਿਹਾ ਕਿ ਸੜਕਾਂ ਦੇ ਨਿਰਮਾਣ ਲਈ ਰਣਨੀਤੀ ਨੂੰ ਬਾਰੀਕੀ ਨਾਲ ਯੋਜਨਾਬੱਧ ਕੀਤਾ ਗਿਆ ਹੈ, ਜਿਸ ਵਿੱਚ ਉਨ੍ਹਾਂ ਸੜਕਾਂ ਨੂੰ ਤਰਜੀਹ ਦਿੱਤੀ ਗਈ ਹੈ ਜਿਨ੍ਹਾਂ ਦੀ ਮੁਰੰਮਤ ਜਾਂ ਮੁੜ ਨਿਰਮਾਣ ਛੇ ਸਾਲਾਂ ਤੋਂ ਵੱਧ ਸਮੇਂ ਵਿੱਚ ਨਹੀਂ ਕੀਤਾ ਗਿਆ ਹੈ। ਸ੍ਰੀ ਰਾਮਵੀਰ ਨੇ ਕਿਹਾ ਕਿ ਤਕਨਾਲੋਜੀ, ਪਾਰਦਰਸ਼ਤਾ ਅਤੇ ਜਵਾਬਦੇਹੀ ਪੰਜਾਬ ਦੇ ਪ੍ਰਸ਼ਾਸਨ ਨੂੰ ਹੋਰ ਕਾਰਗਰ ਬਣਾ ਰਹੇ ਹਨ। ਪਹਿਲਾਂ, ਬਿਨਾਂ ਸਹੀ ਜਾਂਚ ਦੇ ਸੜਕਾਂ ਦੀ ਮੁਰੰਮਤ 'ਤੇ ਕਰੋੜਾਂ ਰੁਪਏ ਖਰਚ ਕੀਤੇ ਜਾਂਦੇ ਸਨ। ਪਹਿਲੀ ਵਾਰ, ਰਾਜ ਭਰ ਵਿੱਚ ਵੀਡੀਓਗ੍ਰਾਫੀ ਦੇ ਨਾਲ ਇੱਕ ਵਿਆਪਕ ਏਆਈ-ਅਧਾਰਤ ਸਰਵੇਖਣ ਕੀਤਾ ਗਿਆ, ਜਿਸ ਵਿੱਚ 3,369 ਸੜਕਾਂ ਦੀ ਜਾਂਚ ਕੀਤੀ ਗਈ। ਇਹਨਾਂ ਵਿੱਚੋਂ 843 ਚੰਗੀ ਹਾਲਤ ਵਿੱਚ ਪਾਈਆਂ ਗਈਆਂ, ਜਿਸ ਨਾਲ ?383 ਕਰੋੜ ਦੀ ਬੱਚਤ ਹੋਈ। ਇਹ ਬੱਚਤ ਹੁਣ ਲੋਕ ਭਲਾਈ ਪ੍ਰੋਜੈਕਟਾਂ ਉੱਤੇ ਲਗਾਈ ਜਾਵੇਗੀ, ਬੇਲੋੜੇ ਟੈਂਡਰਾਂ ਅਤੇ ਭ੍ਰਿਸ਼ਟ ਅਭਿਆਸਾਂ ਨੂੰ ਖਤਮ ਕੀਤਾ ਜਾਵੇਗਾ। ਉਨ੍ਹਾਂ ਐਲਾਨ ਕੀਤਾ ਕਿ ਗੁਣਵੱਤਾ ਅਤੇ ਪਾਰਦਰਸ਼ਤਾ ਨੂੰ ਬਰਕਰਾਰ ਰੱਖਣ ਲਈ ਰਾਜ ਭਰ ਵਿੱਚ ਇਸੇ ਤਰ੍ਹਾਂ ਦੇ ਨਿਰੀਖਣ ਕੀਤੇ ਜਾਣਗੇ। ਉਨ੍ਹਾਂ ਅੱਗੇ ਨਿਰਦੇਸ਼ ਦਿੱਤੇ ਕਿ ਸੁਰੱਖਿਆ ਅਤੇ ਪਹੁੰਚਯੋਗਤਾ ਨੂੰ ਯਕੀਨੀ ਬਣਾਉਣ ਲਈ ਸੜਕਾਂ ਦੇ ਨਾਲ-ਨਾਲ ਬਰਮ (ਫੁੱਟਪਾਥ) ਬਣਾਏ ਜਾਣੇ ਚਾਹੀਦੇ ਹਨ। ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਠੇਕੇਦਾਰਾਂ ਨੂੰ ਵਿਕਾਸ ਅਤੇ ਨਿਰਮਾਣ ਕਾਰਜਾਂ ਵਿੱਚ ਉੱਚ ਮਿਆਰ ਬਣਾਈ ਰੱਖਣ ਦੀ ਅਪੀਲ ਕੀਤੀ ਹੈ। ਠੇਕੇਦਾਰਾਂ ਨੂੰ ਹੁਣ ਪ੍ਰੋਜੈਕਟ ਪੂਰਾ ਹੋਣ ਤੋਂ ਬਾਅਦ ਪੰਜ ਸਾਲਾਂ ਲਈ ਸੜਕਾਂ ਅਤੇ ਇਮਾਰਤਾਂ ਦੀ ਦੇਖਭਾਲ ਕਰਨ ਦੀ ਲੋੜ ਹੈ, ਜਿਸ ਨਾਲ ਲੰਬੇ ਸਮੇਂ ਦੀ ਜਵਾਬਦੇਹੀ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮੁੱਖ ਮੰਤਰੀ ਨੇ ਪੇਂਡੂ ਸੜਕਾਂ ਦੇ ਰਣਨੀਤਕ ਵਿਕਾਸ ਲਈ ਏਆਈ ਦੀ ਵਰਤੋਂ ਨੂੰ ਮਨਜ਼ੂਰੀ ਦੇ ਦਿੱਤੀ ਹੈ, ਉੱਚ-ਗੁਣਵੱਤਾ ਵਾਲਾ ਬੁਨਿਆਦੀ ਢਾਂਚਾ ਪ੍ਰਦਾਨ ਕਰਦੇ ਹੋਏ ਸਰੋਤਾਂ ਦੀ ਕੁਸ਼ਲ ਵਰਤੋਂ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਇਹ ਨਵੀਨਤਾਕਾਰੀ ਪਹੁੰਚ ਲਾਗਤਾਂ ਨੂੰ ਮਹੱਤਵਪੂਰਨ ਤੌਰ 'ਤੇ ਘਟਾ ਕੇ ਸੜਕ ਨਿਰਮਾਣ ਵਿੱਚ ਕ੍ਰਾਂਤੀ ਲਿਆਉਣ ਲਈ ਤਿਆਰ ਹੈ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਭਰ ਵਿੱਚ ਸੰਪਰਕ ਵਧਾਉਣ ਲਈ ਪੇਂਡੂ ਸੜਕਾਂ ਨੂੰ ਅਪਗ੍ਰੇਡ, ਮਜ਼ਬੂਤ ਅਤੇ ਚੌੜਾ ਕਰਨ ਦਾ ਫੈਸਲਾ ਕੀਤਾ ਹੈ। ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਆਮ ਲੋਕਾਂ ਨੂੰ ਉਸਾਰੀ ਪ੍ਰੋਜੈਕਟਾਂ ਵਿੱਚ ਵਰਤੀ ਜਾਣ ਵਾਲੀ ਸਮੱਗਰੀ ਦੀ ਗੁਣਵੱਤਾ ਬਾਰੇ ਇਮਾਨਦਾਰ ਫੀਡਬੈਕ ਦੇਣ ਦੀ ਅਪੀਲ ਕੀਤੀ, ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ ਸਰਕਾਰੀ ਫੰਡ ਲੋਕਾਂ ਦੇ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

# ਜ਼ਿਲ੍ਹੇ ਦੇ ਵਿਧਾਇਕਾਂ ਨੇ ਕੇਂਦਰ ਸਰਕਾਰ ਦੇ ਰਾਸ਼ਨ ਕਾਰਡ ਪੰਜਾਬ ਦੇ 55 ਲੱਖ ਗ਼ਰੀਬ ਲੋਕਾਂ ਦੇ ਰਾਸ਼ਨ ਕੱਟਣ ਦੇ ਫੁਰਮਾਨ ਦੀ ਕੀਤੀ ਸਖ਼ਤ ਨਿਖੇਧੀ



**ਫ਼ਿਰੋਜ਼ਪੁਰ, 24 ਅਗਸਤ (ਮਨੋਹਰ ਲਾਲ)** :— ਸਰਕਟ ਹਾਊਸ ਵਿਖੇ ਪ੍ਰੈੱਸ ਕਾਨਫ਼ਰੰਸ ਕਰਦਿਆਂ ਜਿਲੇ ਦੇ ਚਾਰੇ ਵਿਧਾਇਕਾਂ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਦਹੀਯਾ, ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ ਅਤੇ ਵਿਧਾਇਕ ਜ਼ੀਰਾ ਨਰੇਸ਼ ਕਟਾਰੀਆ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ, ਪੰਜਾਬ ਦੇ ਕਰੀਬ 55 ਲੱਖ ਲੋੜਵੰਦ ਤੇ ਗਰੀਬ ਲੋਕਾਂ ਦੇ ਰਾਸ਼ਨ ਉੱਤੇ ਡਾਕਾ ਮਾਰਨਾ ਚਾਹੁੰਦੀ ਹੈ ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸੇ ਦੇ ਵੀ ਹਿੱਸੇ ਦਾ ਰਾਸ਼ਨ ਖੋਹਣ ਨਹੀਂ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਨੇ ਪਹਿਲਾਂ ਕੇ.ਵਾਈ.ਸੀ. ਤੇ ਵੈਰੀਫਿਕੇਸ਼ਨ ਦੇ ਨਾਂ ਉਤੇ 23 ਲੱਖ ਲੋਕਾਂ ਦਾ ਰਾਸ਼ਨ ਰੋਕ ਰੱਖਿਆ ਹੈ ਤੇ ਹੁਣ ਪੰਜਾਬ ਸਰਕਾਰ ਨੂੰ ਨਵਾਂ ਤਾਨਾਸ਼ਾਹੀ ਫੁਰਮਾਨ ਜਾਰੀ ਕਰਦਿਆਂ 08 ਲੱਖ 02 ਹਜ਼ਾਰ 500 ਰਾਸ਼ਨ ਕਾਰਡ (ਕਰੀਬ 32 ਲੱਖ ਲੋਕ) ਕੱਟਣ ਲਈ ਕਿਹਾ ਹੈ। ਇਸ ਤਰ੍ਹਾਂ ਕੇਂਦਰ ਸਰਕਾਰ ਪੰਜਾਬ ਦੇ ਕਰੀਬ 55 ਲੱਖ ਲੋੜਵੰਦ ਲੋਕਾਂ ਦਾ ਰਾਸ਼ਨ ਖੋਹਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨੈਸ਼ਨਲ ਫੂਡ ਸਕਿਉਰਿਟੀ ਐਕਟ ਅਧੀਨ ਕਰੀਬ 01 ਕਰੋੜ 53 ਲੱਖ ਲਾਭਪਾਤਰੀ ਹਨ ਤੇ 01 ਕਰੋੜ 29 ਲੱਖ ਲਾਭਪਾਤਰੀਆਂ ਸਬੰਧੀ ਵੈਰੀਫਿਕੇਸ਼ਨ ਹੋ ਚੁੱਕੀ ਹੈ ਤੇ ਬਾਕੀਆਂ ਸਬੰਧੀ ਇਹ ਪ੍ਰਕਿਰਿਆ ਜਾਰੀ ਹੈ। ਪੰਜਾਬ ਸਰਕਾਰ ਨੇ ਇਸ ਕਾਰਜ ਬਾਬਤ 06 ਮਹੀਨੇ ਦਾ ਸਮਾਂ ਹੋਰ ਮੰਗਿਆ ਹੈ। ਜੇਕਰ ਕੇਂਦਰ ਨੂੰ ਕਿਸੇ ਕਿਸਮ ਦੀ ਕੋਈ ਕਮੀ ਨਜ਼ਰ ਆਉਂਦੀ ਹੈ ਤਾਂ ਪੰਜਾਬ ਸਰਕਾਰ, ਜੋ ਕਿ ਨੈਸ਼ਨਲ ਫੂਡ ਸਕਿਉਰਿਟੀ ਐਕਟ ਅਧੀਨ ਐਗਜ਼ੀਕਿਊਟਿੰਗ ਏਜੰਸੀ ਹੈ, ਦੇ ਨਾਲ ਰਾਬਤਾ ਕਰ ਕੇ ਮਸਲਾ ਹੱਲ ਕੀਤਾ ਜਾ ਸਕਦਾ ਹੈ। ਇੱਕ ਪਾਸੜ ਤਾਨਾਸ਼ਾਹੀ ਫੁਰਮਾਨ ਜਾਰੀ ਕਰਨਾ ਬਹੁਤ ਗਲਤ ਹੈ ਤੇ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਹੈ। ਵਿਧਾਇਕਾਂ ਨੇ ਕਿਹਾ ਕਿ ਰਾਸ਼ਨ ਕਾਰਡ ਕੱਟਣ ਲਈ ਜਿਹੜੇ ਮਾਪਦੰਡ ਕੇਂਦਰ ਵੱਲੋਂ ਅਪਣਾਏ ਜਾ ਰਹੇ ਹਨ, ਉਹ ਮਾਪਦੰਡ ਪੰਜਾਬ ਉੱਤੇ ਢੁਕਵੇਂ ਹੀ ਨਹੀਂ ਹਨ, ਜਿਨ੍ਹਾਂ ਵਿੱਚ ਕਿਸੇ ਪਰਿਵਾਰ ਦੇ ਬੱਚੇ ਵੱਲੋਂ ਨੌਕਰੀ ਕੀਤੇ ਜਾਣਾ ਤੇ 02।5 ਏਕੜ ਤੋਂ ਵੱਧ ਜ਼ਮੀਨ ਹੋਣਾ ਸ਼ਾਮਲ ਹਨ। ਜੇਕਰ ਫ਼ਸਲ ਚੰਗੀ ਹੋ ਜਾਵੇ ਤਾਂ 02।5 ਏਕੜ ਜ਼ਮੀਨ ਦੇ ਵਿਚੋਂ ਆਮਦਨ ਕਰੀਬ 01 ਲੱਖ 75 ਹਜ਼ਾਰ ➡ਪਏ ਬਣਦੀ ਹੈ ਤੇ ਚਾਰ ਜੀਆਂ ਦੇ ਟੱਬਰ ਦਾ ਇਸ ਆਮਦਨ ਨਾਲ ਗੁਜ਼ਾਰਾ ਨਹੀਂ ਹੋ ਸਕਦਾ। ਪੰਜਾਬ ਵਿੱਚ ਭਾਜਪਾ ਵੱਲੋਂ ਲੋਕ ਭਲਾਈ ਸਕੀਮਾਂ ਲੋਕਾਂ ਤੱਕ ਪੁੱਜਦੀਆਂ ਕਰਨ ਦੇ ਨਾਂ ਉੱਤੇ ਲਾਏ ਕੈਂਪਾਂ ਬਾਬਤ ਕਾਰਵਾਈ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਨੇ ਕਿਹਾ ਕਿ ਪੁਲੀਸ ਨੂੰ ਉਨ੍ਹਾਂ ਕੈਂਪਾਂ ਵਿੱਚ ਲੋਕਾਂ ਤੋਂ ਪੈਸੇ ਲਏ ਜਾਣ ਅਤੇ ਲੋਕਾਂ ਤੇ ਬੈਂਕ ਖਾਤਿਆਂ ਦੇ ਵੇਰਵੇ ਲਏ ਜਾਣ ਦੀਆਂ ਸ਼ਿਕਾਇਤਾਂ ਮਿਲੀਆਂ ਸਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਆਮ ਵਿਅਕਤੀ ਦੇ ਖਾਤੇ ਵਿੱਚੋਂ ਪੈਸੇ ਨਿਕਲ ਗਏ ਤਾਂ ਕੌਣ ਜ਼ਿੰਮੇਵਾਰ ਹੋਵੇਗਾ। ਉਨ੍ਹਾਂ ਕਿਹਾ ਕਿ ਰੋਜ਼ਾਨਾ ਹਰ ਇਨਸਾਨ ਨੂੰ ਆਰ.ਬੀ.ਆਈ. ਸਮੇਤ ਵੱਖ—ਵੱਖ ਬੈਂਕਾਂ ਵੱਲੋਂ ਫੋਨ ਉੱਤੇ ਸੁਨੇਹੇ ਆਉਂਦੇ ਹਨ ਕਿ ਕਿਸੇ ਦੇ ਨਾਲ ਵੀ ਬੈਂਕ ਖਾਤੇ ਦੇ ਵੇਰਵੇ ਸਾਂਝੇ ਨਾ ਕੀਤੇ ਜਾਣ। ਉਨ੍ਹਾਂ ਸਵਾਲ ਕੀਤਾ ਕਿ ਜੇਕਰ ਇਨ੍ਹਾਂ ਕੈਂਪਾਂ ਵਿੱਚ ਬੈਂਕ ਖਾਤਿਆਂ ਦੇ ਵੇਰਵੇ ਦੇਣ ਵਾਲਿਆਂ ਦੇ ਖਾਤਿਆਂ ਵਿੱਚੋਂ ਪੈਸੇ ਨਿਕਲ ਜਾਣ ਤਾਂ ਕੀ ਭਾਜਪਾ ਉਸ ਘਟਨਾ ਸਬੰਧੀ ਜ਼ਿੰਮੇਵਾਰੀ ਲਵੇਗੀ। ਉਨ੍ਹਾਂ ਅੱਗੇ ਕਿਹਾ ਕਿ ਕੇਂਦਰ ਕੋਲ ਆਧਾਰ ਕਾਰਡ ਤੇ ਪੈਨ ਕਾਰਡ ਜ਼ਰੀਏ ਦੇਸ਼ ਵਾਸੀਆਂ ਦੇ ਵੇਰਵੇ ਮੌਜੂਦ ਹਨ ਤੇ ਕੇਂਦਰ ਦੀ ਭਾਜਪਾ ਸਰਕਾਰ ਜੇਕਰ ਲੋਕਾਂ ਦਾ ਭਲਾ ਕਰਨ ਦੀ ਐਨੀ ਇੱਛਾ ਰੱਖਦੀ ਹੈ ਤਾਂ ਪਹਿਲਾਂ ਸਾਰੇ ਦੇਸ਼ ਵਾਸੀਆਂ ਦੇ ਖਾਤਿਆਂ ਵਿੱਚ ਕੀਤੇ ਵਾਅਦੇ (ਜੁਮਲੇ) ਮੁਤਾਬਕ 15—15 ਲੱਖ ➡ਪਏ (ਡੀ.ਟੀ.ਪੀ.) ਟਰਾਂਸਫਰ ਕਰ ਦੇਵੇ, ਜਿਹੜੇ ਕਿ ਪਿਛਲੇ ਕਰੀਬ 11 ਸਾਲ ਤੋਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲ ਬਕਾਇਆ ਹਨ। ਉਨ੍ਹਾਂ ਪੰਜਾਬ ਸਰਕਾਰ ਦੀ ਪੰਜਾਬ ਦੇ ਲੋਕਾਂ ਦੇ ਹੱਕਾਂ ਦੀ ਰਾਖੀ ਪ੍ਰਤੀ ਆਪਣੀ ਵਚਨਬੱਧਤਾ ਦਹੁਰਾਉਂਦਿਆਂ ਕਿਹਾ ਕਿ ਬੇਸ਼ਕ ਨੈਸ਼ਨਲ ਫੂਡ ਸਕਿਉਰਿਟੀ ਐਕਟ ਤਹਿਤ ਕੇਂਦਰ ਸਰਕਾਰ, ਰਾਜ ਸਰਕਾਰ ਦੇ ਨਾਲ ਮਿਲ ਕੇ ਲੋੜਵੰਦਾਂ ਨੂੰ ਰਾਸ਼ਨ ਵੰਡਦੀ ਹੈ ਪਰ ਐਗਜ਼ੀਕਿਊਟਿੰਗ ਏਜੰਸੀ ਰਾਜ ਸਰਕਾਰ ਹੀ ਹੈ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸੇ ਵੀ ਹਾਲ ਕਿਸੇ ਵੀ ਪੰਜਾਬੀ ਦੇ ਹੱਕ ਉੱਤੇ ਡਾਕਾ ਨਹੀਂ ਪੈਣ ਦੇਵੇਗੀ। ਇਸ ਮੌਕੇ ਹਰਜਿੰਦਰ ਸਿੰਘ ਘਾਂਗਾ, ਜ਼ਿਲਾ ਪ੍ਰਧਾਨ ਫਿਰੋਜ਼ਪੁਰ, ਡਾ ਨਿਰਵੈਰ ਸਿੰਘ ਸਿੰਧੀ ਜ਼ਿਲਾ ਮੀਡੀਆ ਇੰਚਾਰਜ ਫਿਰੋਜ਼ਪੁਰ, ਗੁਰਜੀਤ ਸਿੰਘ ਭੁੱਲਰ ਜ਼ਿਲ੍ਹਾ ਸੈਕਟਰੀ ਫਿਰੋਜ਼ਪੁਰ, ਜਸਵੰਤ ਸਿੰਘ ਸੋਢੀ ਮੈਂਬਰ ਪਲੈਨਿੰਗ ਬੋਰਡ, ਬੇਅੰਤ ਸਿੰਘ ਹਕੂਮਤ ਸਿੰਘ ਵਾਲਾ ਚੇਅਰਮੈਨ ਮਾਰਕੀਟ ਕਮੇਟੀ ਫਿਰੋਜ਼ਪੁਰ ਛਾਉਣੀ, ਬਖਸ਼ੀਸ ਸਿੰਘ ਸੰਧੂ, ਪਰਗਟ ਸਿੰਘ ਮੱਲ ਦਫ਼ਤਰ ਇੰਚਾਰਜ, ਕੁਲਦੀਪ ਸਿੰਘ ਚੀਮਾਂ ਸ਼ੋਸ਼ਲ ਮੀਡੀਆ ਇੰਚਾਰਜ ਆਦਿ ਅਹੁਦੇਦਾਰ ਅਤੇ ਵਰਕਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਦੀ ਰੂਰਲ ਕੈਮਿਸਟ ਐਸਸੀਏਸ਼ਨ ਬਠਿੰਡਾ ਦੇ ਬਲਾਕ ਤਲਵੰਡੀ ਸਾਬੋ ਦੀ ਹੋਈ ਮਹੀਨਾਵਾਰ ਮੀਟਿੰਗ



ਤਲਵੰਡੀ ਸਾਬੋ, 24 ਅਗਸਤ (ਗੁਰਜੰਟ ਸਿੰਘ ਨਥੇਹਾ)- ਦੀ ਰੂਰਲ ਕੈਮਿਸਟ ਐਸੋਸੀਏਸ਼ਨ ਬਠਿੰਡਾ ਰਜਿ.ਨੰ.85 ਦੀ ਮੀਟਿੰਗ ਬਲਾਕ ਤਲਵੰਡੀ ਸਾਬੋ ਦੇ ਪ੍ਰਧਾਨ ਜਸਵਿੰਦਰ ਸਿੰਘ ਮਲਕਾਣਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸਰਕਾਰ ਵੱਲੋਂ ਜਾਰੀ ਕੀਤੀ ਗਈ ਮੁਹਿਮ ਯੁੱਧ ਨਸ਼ਿਆਂ ਵਿਰੁਧ ਨੂੰ ਵੱਧ ਤੋਂ ਵੱਧ ਸਾਥ ਦੇਣ ਦੀ ਸਾਥੀਆਂ ਨੂੰ ਅਪੀਲ ਕੀਤੀ ਗਈ ਅਤੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਕਰਨ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਪ੍ਰਧਾਨ ਜਸਵਿੰਦਰ ਸਿੰਘ ਮਲਕਾਣਾ, ਪ੍ਰੈਸ ਸਕੱਤਰ ਬਲਕਾਰ ਸਿੰਘ ਜੱਜਲ, ਖਜ਼ਾਨਚੀ ਵਿਜੇ ਕੁਮਾਰ, ਸਹਾਇਕ ਪ੍ਰੈਸ ਸਕੱਤਰ ਪਰਵਿੰਦਰ ਸਿੰਘ ਗਿਆਨਾ,ਗਗਨਦੀਪ ਸਿੰਘ ਸੀਂਗੋ, ਸ਼ਿਵਰਾਜ ਸਿੰਘ ਸੀਂਗੋ, ਜੋਗਿੰਦਰ ਸਿੰਘ ਨਥੇਹਾ, ਨਵਦੀਪ ਸਿੰਘ ਨਥੇਹਾ, ਪਰਮਜੀਤ ਸਿੰਘ ਮਾਹੀਨੰਗਲ, ਗੁਰਦੀਪ ਸਿੰਘ ਗਿਆਨਾ, ਅਵਤਾਰ ਸਿੰਘ ਕੌਰੇਆਣਾ, ਹਨੀ ਮਲਕਾਣਾ, ਸੁਰਜੀਤ ਸਿੰਘ ਚੱਠਾ ਸੇਖੂ, ਮੰਦਰ ਸਿੰਘ ਫੁਲੋਖਾਰੀ, ਸ਼ਿਵਰਾਜ ਸਿੰਘ ਸੁਖਲੱਧੀ, ਬੂਟਾ ਸਿੰਘ ਜੀਵਨ ਸਿੰਘ ਵਾਲਾ, ਅੰਮ੍ਰਿਤਪਾਲ ਸਿੰਘ ਕਲਾਲਵਾਲਾ ਅਤੇ ਪਰਮਜੀਤ ਸਿੰਘ ਚੱਠੇਵਾਲਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਹਾੜਾ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ




ਆਵਾਜ਼ਿ ਕੌਮ AWAZE QAUM International Newspaper & WEB TV

**ਨਵੀਂ ਦਿੱਲੀ, 24 ਅਗਸਤ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਹਾੜਾ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਮੇਟੀ ਦੇ ਪ੍ਰਬੰਧ ਅਧੀਨ ਵੱਖ-ਵੱਖ ਗੁਰੂ ਘਰਾਂ ਵਿਚ ਗੁਰਮਤਿ ਸਮਾਗਮ ਆਯੋਜਿਤ ਕੀਤੇ ਗਏ। ਇਹਨਾਂ ਸਮਾਗਮਾਂ ਵਿਚ ਰਾਗੀ ਸਿੰਘਾਂ ਨੇ ਗੁਰੂ ਕੀ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਮੁੱਖ ਸਮਾਗਮ ਗੁਰਦੁਆਰਾ ਮੋਤੀ ਬਾਗ ਸਾਹਿਬ ਵਿਖੇ ਹੋਇਆ। ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਚੈਅਰਮੈਨ ਜਸਪ੍ਰੀਤ ਸਿੰਘ ਕਰਮਸਰ ਨੇ ਸਮੁੱਚੀਆਂ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ। ਉਹਨਾਂ ਕਿਹਾ ਕਿ ਅਸੀਂ ਵਡਭਾਗੇ ਹਾਂ ਕਿ ਗੁਰੂ ਅਰਜਨ ਦੇਵ ਜੀ ਨੇ 1604 ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਕਰਵਾਇਆ ਤੇ ਫਿਰ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਸਮੁੱਚੀ ਸਿੱਖ ਕੌਮ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲਾਇਆ। ਉਹਨਾਂ ਕਿਹਾ ਕਿ ਗੁਰੂ ਦੇ ਲੜ ਲੱਗ ਕੇ ਹੀ ਅੱਜ ਸਮੁੱਚੀ ਕੌਮ ਤਰੱਕੀ ਕਰ ਰਹੀ ਹੈ ਤੇ ਸਾਰੀ ਦੁਨੀਆਂ ਵਿਚ ਸਿੱਖ ਆਪਣੀਆਂ ਪ੍ਰਾਪਤੀਆਂ ਦੇ ਲੋਹੇ ਮੰਨਵਾ ਰਹੇ ਹਨ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਦੀ ਗੱਲ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਜਿਹਨਾਂ ਨੇ ਹਾਲੇ ਤੱਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਆਰੰਭ ਨਹੀਂ ਕੀਤੇ, ਉਹ ਜਲਦੀ ਤੋਂ ਜਲਦੀ ਆਰੰਭ ਕਰਨ। ਉਹਨਾਂ ਕਿਹਾ ਕਿ ਸਹਿਜ ਪਾਠਾਂ ਦੀ ਲੜੀ ਦੀ ਸਮਾਪਤੀ 25 ਨਵੰਬਰ ਨੂੰ ਲਾਲ ਕਿਲ੍ਹੇ 'ਤੇ ਕੀਤੀ ਜਾਵੇਗੀ। ਉਹਨਾਂ ਕਿਹਾ ਮੁੜ ਦੁਹਰਾਇਆ ਕਿ ਜਿਹਨਾਂ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਚਾਹੀਦੇ ਹਨ ਜਾਂ ਸੈਂਚੀਆਂ ਚਾਹੀਦੀਆਂ ਹਨ, ਉਹ ਦਿੱਲੀ ਗੁਰਦੁਆਰਾ ਕਮੇਟੀ ਦੇ ਦਫਤਰ ਨਾਲ ਸੰਪਰਕ ਕਰਨ, ਸੰਗਤਾਂ ਨੂੰ ਇਹ ਉਪਲਬਧ ਕਰਵਾਏ ਜਾਣਗੇ। ਸਰਦਾਰ ਕਾਲਕਾ, ਸਰਦਾਰ ਕਾਹਲੋਂ ਅਤੇ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਸ਼ਤਾਬਦੀ ਨੂੰ ਸਮਰਪਿਤ ਸਰਬ ਧਰਮ ਸੰਮੇਲਨ 20 ਸਤੰਬਰ ਨੂੰ ਦਿੱਲੀ ਵਿਚ ਕਰਵਾਇਆ ਜਾਵੇਗਾ। ਉਹਨਾਂ ਕਿਹਾ ਕਿ ਅਕਤੂਬਰ ਮਹੀਨੇ ਵਿਚ ਸੈਮੀਨਾਰ ਤੇ ਹੋਰ ਪ੍ਰੋਗਰਾਮ ਹੋਣਗੇ ਅਤੇ ਨਵੰਬਰ ਮਹੀਨੇ ਵਿਚ 13 ਨਵੰਬਰ ਤੋਂ ਲੈ ਕੇ 26 ਨਵੰਬਰ ਤੱਕ ਲਗਾਤਾਰ ਸਮਾਗਮ ਹੋਣਗੇ ਜਿਹਨਾਂ ਰਾਹੀਂ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸਮਾਗਮ ਮਨਾਏ ਜਾਣਗੇ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਅਮਰੀਕਾ ਵਿਚ ਸਿੱਖ ਨੌਜਵਾਨ ਦੀ ਸੜਕ ਹਾਦਸੇ ਵਿਚ ਗ੍ਰਿਫਤਾਰੀ ਮਗਰੋਂ ਦੇ ਹਾਲਾਤ ਦੀ ਗੱਲ ਕਰਦਿਆਂ ਕਿਹਾ ਕਿ ਬਿਨਾਂ ਸ਼ੱਕ ਸੜਕ ਹਾਦਸੇ ਵਿਚ ਕਿਸੇ ਦੀ ਵੀ ਜਾਨ ਜਾਣਾ ਮੰਦਭਾਗਾ ਹੈ ਪਰ ਜਿਸ ਤਰੀਕੇ ਗ੍ਰਿਫਤਾਰੀ ਤੋਂ ਬਾਅਦ ਸਿੱਖ ਨੌਜਵਾਨ ਨੂੰ ਨੰਗੇ ਸਿਰ ਰੱਖਿਆ ਗਿਆ ਤੇ ਜਿਵੇਂ ਉਸਦੀ ਵੀਡੀਓ ਵਾਇਰਲ ਹੋ ਰਹੀਆਂ ਹਨ, ਉਹ ਸਮੁੱਚੀਆਂ ਸੰਗਤਾਂ ਨੂੰ ਅਪੀਲ ਕਰਦੇ ਹਨ ਕਿ ਇਸ ਮਾਮਲੇ 'ਤੇ ਸੋਸ਼ਲ ਮੀਡੀਆ 'ਤੇ ਇਕ ਲਹਿਰ ਚਲਾਈ ਜਾਵੇ ਤਾਂ ਜੋ ਅਮਰੀਕਾ ਸਰਕਾਰ ਇਸ ਨੌਜਵਾਨ ਨੂੰ ਘੱਟ ਤੋਂ ਘੱਟ ਸਜ਼ਾ ਦੇਣ ਵਾਸਤੇ ਮਜਬੂਰ ਹੋਵੇ। ਉਹਨਾਂ ਕਿਹਾ ਕਿ ਬੇਸ਼ੱਕ ਸੜਕ ਹਾਦਸੇ ਵਿਚ ਨੌਜਵਾਨ ਦੀ ਗਲਤੀ ਹੋਵੇ ਪਰ ਉਸਨੂੰ ਇੰਨੀ ਭਾਰੀ ਸਜ਼ਾ ਨਹੀਂ ਮਿਲਣੀ ਚਾਹੀਦੀ ਕਿ ਉਸਦੀ ਜ਼ਿੰਦਗੀ ਹੀ ਖ਼ਤਮ ਹੋ ਜਾਵੇ।

**ਅਮਰੀਕਾ 'ਚ ਗ੍ਰਿਫਤਾਰ ਸਿੱਖ ਨੌਜਵਾਨ ਦੇ ਹੱਕ 'ਚ ਸੋਸ਼ਲ ਮੀਡੀਆ 'ਤੇ ਲਹਿਰ ਸਿਰਜਣ ਦਾ ਸੱਦਾ**

### ਨਾਈਟ ਕ੍ਰਿਕਟ ਟੂਰਨਾਮੈਂਟ ਵਿਚ ਡੀਐਸਪੀ ਨੇ

# ਵਿਸ਼ੇਸ਼ ਮਹਿਮਾਨ ਵਜੋਂ ਕੀਤੀ ਸ਼ਿਰਕਤ




ਆਵਾਜ਼ਿ ਕੌਮ AWAZE QAUM International Newspaper & WEB TV

**ਤਲਵੰਡੀ ਸਾਬੋ, 24 ਅਗਸਤ (ਗੁਰਜੰਟ ਸਿੰਘ ਨਥੇਹਾ)**- ਰਾਮਾਂ-ਤਲਵੰਡੀ ਰੋਡ ਸਥਿਤ "ਪੰਜਾਬ ਕ੍ਰਿਕਟ ਅਕੈਡਮੀ" ਵਿਖੇ ਚੱਲ ਰਹੇ ਨਾਈਟ ਕ੍ਰਿਕਟ ਲੀਗ ਟੂਰਨਾਮੈਂਟ ਵਿਚ ਬੀਤੀ ਰਾਤ ਡੀਐਸਪੀ ਤਲਵੰਡੀ ਸਾਬੋ ਰਾਜੇਸ਼ ਸਨੇਹੀ ਨੇ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੇ ਤਹਿਤ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਦੌਰਾਨ ਰਣਧੀਰ ਸਿੰਘ ਏਐਸਆਈ ਅਤੇ ਹੋਰ ਪੁਲਿਸ ਮੁਲਾਜ਼ਮ ਵੀ ਉਹਨਾਂ ਨਾਲ ਮੌਜੂਦ ਰਹੇ। ਪ੍ਰਬੰਧਨ ਵੱਲੋਂ ਡੀਐਸਪੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਡੀਐਸਪੀ ਰਾਜੇਸ਼ ਸਨੇਹੀ ਨੇ ਟੂਰਨਾਮੈਂਟ ਦੇ ਖਿਡਾਰੀਆਂ ਨਾਲ ਜਾਣ ਪਛਾਣ ਕੀਤੀ ਅਤੇ ਉਹਨਾਂ ਦੀ ਹੌਂਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਹੋਰ ਨੌਜਵਾਨਾਂ ਨੂੰ ਵੀ ਨਸ਼ਿਆਂ ਤੋਂ ਬਚਾਉਣ ਲਈ ਪ੍ਰੇਰਿਤ ਕਰਨ। ਉਹਨਾਂ ਅਕੈਡਮੀ ਪ੍ਰਬੰਧਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪ੍ਰਬੰਧਨ ਨੇ ਗਰਾਊਂਡ ਦੀ ਉਸਾਰੀ ਕਰਕੇ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਨੂੰ ਸਫਲ ਬਣਾਉਣ ਲਈ ਬਹੁਤ ਵੱਡਾ ਉਪਰਾਲਾ ਕੀਤਾ ਹੈ। ਉਹਨਾਂ ਪ੍ਰਬੰਧਨ ਦੀ ਆਪਣੀ ਤਰਫੋਂ ਸੰਭਵ ਸਹਾਇਤਾ ਕਰਨ ਦਾ ਭਰੋਸਾ ਦਿੱਤਾ ਅਤੇ ਸਰਕਾਰ ਤੋਂ ਵੀ ਮੰਗ ਕੀਤੀ ਕਿ "ਯੁੱਧ ਨਸ਼ਿਆਂ ਵਿਰੁੱਧ" ਵਿਰੁੱਧ ਮੁਹਿੰਮ ਤਹਿਤ ਸਪੋਰਟਸ ਕਲੱਬਾਂ ਦੀ ਲੋੜੀਂਦੀ ਮਦਦ ਕੀਤੀ ਜਾਵੇ। ਗੌਰਤਲਬ ਹੈ ਕਿ ਉਕਤ ਨਾਈਟ ਕ੍ਰਿਕਟ ਲੀਗ ਟੂਰਨਾਮੈਂਟ ਦਾ ਉਦਘਾਟਨ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਤਲਵੰਡੀ ਸਾਬੋ ਦੇ ਇੰਚਾਰਜ ਸ੍ਰ. ਰਵੀਪ੍ਰੀਤ ਸਿੰਘ ਸਿੱਧੂ ਵੱਲੋਂ ਆਪਣੀ ਵਰਕਰਾਂ ਦੀ ਟੀਮ ਦੀ ਮੌਜੂਦਗੀ ਵਿੱਚ ਕੀਤਾ ਗਿਆ ਸੀ ਅਤੇ ਪ੍ਰਾਚੀਨ ਉਦਾਸੀਨ ਮਾਰਗ ਮੰਡਲ ਸੰਸਥਾ ਦੇ ਮੀਡੀਆ ਸਲਾਹਕਾਰ ਅਤੇ ਡੇਰਾ ਸਿੱਧ ਬਾਬਾ ਹੀਰਾ ਦਾਸ ਜੀ ਜੱਜਲ ਦੇ ਗੱਦੀਨਸ਼ੀਨ ਸੰਤ ਗਿਆਨ ਦਾਸ ਨੇ ਵੀ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਪ੍ਰਬੰਧਨ ਅਤੇ ਖਿਡਾਰੀਆਂ ਨੂੰ ਅਸ਼ੀਰਵਾਦ ਪ੍ਰਦਾਨ ਕੀਤਾ ਸੀ। ਇਸ ਮੌਕੇ ਪ੍ਰਬੰਧਨ ਕਮੇਟੀ ਦੇ ਰਮਨਦੀਪ ਸਿੰਘ ਸੁਖਲੱਧੀ, ਬਿੱਟੂ ਸਿੰਗਲਾ, ਰਾਜੀਵ ਸਿੰਗਲਾ, ਪ੍ਰਸ਼ਾਂਤ ਗੁਪਤਾ, ਲਵਲੀ ਗੋਇਲ, ਹੈਪੀ, ਗੌਰਵ, ਸੌਰਵ, ਰੋਹਨ ਅਰੋੜਾ, ਮੰਗਤ ਰਾਏ ਬੰਗੀ, ਡਿੱਕੀ ਮਿੱਤਲ, ਦੀਪਕ ਕੁਮਾਰ ਬਬਲਾ, ਅਨਿਲ ਕੁਮਾਰ ਜੈਨ, ਮੋਹਿਤ ਜੈਨ, ਤਰਸੇਮ ਸਿੰਗਲਾ ਕ੍ਰਿਕਟ ਟੀਮਾਂ ਅਤੇ ਵੱਡੀ ਗਿਣਤੀ ਵਿਚ ਲੋਕ ਹਾਜ਼ਰ ਸਨ।

**ਗਰਾਉਂਡ ਦੀ ਉਸਾਰੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਨੂੰ ਸਫਲ ਬਣਾਉਣ ਲਈ ਬਹੁਤ ਵੱਡਾ ਉਪਰਾਲਾ- ਸਨੇਹੀ**

### ਯਾਦਗਾਰੀ ਹੋ ਨਿਬੜਿਆ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਦੇ ਜਨਮ ਦਿਨ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਵਿਚ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਨੇ ਭਰੀ ਹਾਜ਼ਰੀ

## ਭਾਰੀ ਗਿਣਤੀ ਵਿਚ ਸੰਗਤਾਂ ਦੀ ਆਇਆ ਹੜ





**ਫ਼ਿਰੋਜ਼ਪੁਰ, 24 ਅਗਸਤ (ਮਨੋਹਰ ਲਾਲ)** :—ਯਾਦਗਾਰੀ ਹੋ ਨਿਬੜਿਆ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਅਮਰਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਦੇ ਜਨਮ ਦਿਨ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਵਿਚ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਨੇ ਹਾਜ਼ਰੀ ਲੁਆਈ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਗਤਾਂ ਦਾ ਜਿਵੇਂ ਹੜ੍ਹ ਆ ਗਿਆ ਹੋਵੇ, ਸਾਰਾ ਦਿਨ ਭਾਰੀ ਬਾਰਿਸ਼ ਪੈਂਦੀ ਰਹੀ, ਪਰ ਭਾਰੀ ਗਿਣਤੀ ਵਿਚ ਸੰਗਤਾਂ ਆਉਂਦੀਆਂ ਰਹੀਆਂ। ਇਸ ਮੌਕੇ ਤੇ ਸਭ ਤੋਂ ਪਹਿਲਾਂ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਭਾਰੀ ਗਿਣਤੀ ਵਿਚ ਰਾਗੀ, ਕਥਾਵਾਚਕ ਜਥਿਆਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਭਾਈ ਹਰਨੇਕ ਸਿੰਘ ਤੰਬੂ ਵਾਲੇ, ਬਾਬਾ ਕੁਲਦੀਪ ਸਿੰਘ ਬੀੜ ਬ੍ਰਾਹਮਣ ਠਾਠ ਨਾਨਕਸਰ, ਗਿਆਨੀ ਸੁਖਜੀਤ ਸਿੰਘ ਖਾਲਸਾ ਫ਼ਿਰੋਜ਼ਪੁਰ ਵਾਲੇ, ਗਿਆਨੀ ਜੰਗ ਸਿੰਘ ਕਥਾਵਾਚਕ, ਸਿੰਘ ਸਾਹਿਬ ਗਿਆਨੀ ਰਣਜੀਤ ਸਿੰਘ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਗਿਆਨੀ ਰਵਿੰਦਰ ਸਿੰਘ ਜ਼ੋਨੀ, ਬਾਬਾ ਜ਼ੋਰਾ ਸਿੰਘ ਤਲਵੰਡੀ ਭਾਈ, ਬਾਬਾ ਕਰਨੈਲ ਸਿੰਘ ਲੰਗਰਾਂ ਵਾਲੇ, ਭਾਈ ਗੁਲਜਾਰ ਸਿੰਘ ਖਾਲਸਾ ਪੰਥਕ ਅਕਾਲੀ ਲਹਿਰ, ਸੰਤ ਬਾਬਾ ਹਰਭਜਨ ਸਿੰਘ ਡੇਰਾ ਕਾਰ ਸੇਵਾ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਪਹੁੰਚੇ ਚਰਨਜੀਤ ਸਿੰਘ ਸਪੁੱਤਰ ਜਥੇਦਾਰ ਅਵਤਾਰ ਸਿੰਘ ਸੁਰ ਸਿੰਘ ਵਾਲਾ ਦਲ ਪੰਥ, ਭਾਈ ਰਛਪਾਲ ਸਿੰਘ ਝੋਕ ਮੋਹੜੇ ਦਮਦਮੀ ਟਕਸਾਲ, ਭਾਈ ਦਲੇਰ ਸਿੰਘ ਡੋਡ ਪ੍ਰਧਾਨ ਸਿੱਖ ਸਟੂਡੈਂਟਸ, ਮਹੰਤ ਗੋਪਾਲ ਸਿੰਘ ਡੇਰਾ ਅਲੀ ਕੇ, ਬਾਬਾ ਕਰਨੈਲ ਸਿੰਘ ਸਾਦਿਕ ਨੇ ਹਾਜ਼ਰੀ ਲੁਆਈ। ਇਸ ਮੌਕੇ ਤੇ ਬਾਂਗੜ ਹਸਪਤਾਲ ਫ਼ਿਰੋਜ਼ਪੁਰ ਵੱਲੋਂ ਮੈਡੀਕਲ ਕੈਂਪ ਲਾਇਆ ਗਿਆ ਅਤੇ ਮਰੀਜਾਂ ਨੂੰ ਮੁਫਤ ਦਵਾਈਆਂ ਦਿੱਤੀਆਂ। ਇਸ ਮੌਕੇ ਤੇ ਖੂਨਦਾਨ ਕੈਂਪ ਬਾਬਾ ਫਰੀਦ ਸੇਵਾ ਸੁਸਾਇਟੀ ਵੱਲੋਂ ਲਾਇਆ ਗਿਆ ਅਤੇ ਸੰਗਤਾਂ ਨੇ ਖੂਨਦਾਨ ਵੀ ਦਿੱਤਾ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਅਤੇ ਉੱਘੀਆਂ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਰਜਨੀਸ਼ ਦਹੀਆ ਵਿਧਾਇਕ ਦਿਹਾਤੀ, ਅਨੁਮੀਤ ਸਿੰਘ ਹੀਰਾ ਸੋਢੀ, ਗੁਰਪ੍ਰੀਤ ਸਿੰਘ ਸੇਖੋਂ ਵੀ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ। ਇਸ ਮੌਕੇ ਭਾਈ ਹਰਪਿੰਦਰ ਸਿੰਘ ਤੂਤ ਗੁਰਦੁਆਰਾ ਛੱਪੜੀ ਸਾਹਿਬ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਭਾਈ ਹਰਜੀਤ ਸਿੰਘ ਤੂਤ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ ਅਤੇ ਗ੍ਰੰਥੀ ਦੀ ਸੇਵਾ ਬਾਬਾ ਗੁਰਦੇਵ ਸਿੰਘ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ, ਮਿਠਾਈਆਂ ਦਾ ਲੰਗਰ ਅਤੁੱਟ ਵਰਤਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

# ਨਿੱਜੀ ਸਕੂਲਾਂ ਵਿਚ 5 ਫੀਸਦੀ ਕੋਟੇ ਦੀਆਂ ਰਾਖਵੀਆਂ ਸੀਟਾਂ ਦਾ ਮੁੱਦਾ

## ਸੀਟਾਂ ਦੀ ਬਹਾਲੀ ਦਾ ਸਟੇਟਸ ਪਤਾ ਕਰਨ ਲਈ ਅਨੁਸੂਚਿਤ ਜਾਤੀ ਕਮਿਸ਼ਨ ਤੱਕ ਕੀਤੀ ਪਹੁੰਚ–ਸਤਨਾਮ ਸਿੰਘ ਗਿੱਲ



ਫ਼ਿਰੋਜ਼ਪੁਰ, 24 ਅਗਸਤ (ਮਨੋਹਰ ਲਾਲ) :— ਨਿੱਜੀ ਸਕੂਲਾਂ 'ਚ ਕੋਟੇ ਦੀਆਂ ਸੀਟਾਂ ਦੀ ਬਹਾਲੀ ਲਈ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਦਖਲ਼ ਦੀ ਸੰਭਾਵਨਾ ਪੈਦਾ ਕਰਨ ਲਈ ਪਟੀਸ਼ਨਰ ਸਤਨਾਮ ਸਿੰਘ ਗਿੱਲ ਨੇ ਕਮਿਸ਼ਨ ਤੱਕ ਪਹੁੰਚ ਕਰ ਲਈ ਹੈ। ਐਲਾਨੀਆਂ ਤੌਰ ਤੇ ਖੁਲਾਸਾ ਕਰਦਿਆਂ ਸਤਨਾਮ ਸਿੰਘ ਗਿੱਲ ਨੇ ਕਿਹਾ ਕਿ ਅਨੁਸੂਚਿਤ ਜਾਤੀ ਵਰਗ ਦੇ ਬੱਚਿਆਂ ਨੂੰ 5 ਫੀਸਦੀ ਕੋਟੇ ਦੀਆਂ ਸੀਟਾਂ ਦੀ ਬਹਾਲੀ ਲਈ ਸਕੂਲਾਂ ਦੇ ਨਿਰੀਖਣ ਕਰਨ ਲਈ ਸਾਡੇ ਵਫਦ ਨੇ ਕਮਿਸ਼ਨ ਤੱਕ ਪੱਤਰ ਵਿਹਾਰ ਕਰਕੇ ਪਹੁੰਚ ਕੀਤੀ ਹੈ। ਇਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦੇ ਹੋਏ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਤੇ ਮਾਣਯੋਗ ਪੰਜਾਬ ਐਂਡ ਹਰਿਆਣਾ ਹਾਈ ਕੋਰਟ 'ਚ ਪਟੀਸ਼ਨਰ ਸਤਨਾਮ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਦੇ ਸਮੂਹ ਨਿੱਜੀ ਸਕੂਲਾਂ 'ਚ 25 ਫੀਸਦੀ ਕੋਟੇ ਦੀਆਂ ਰਾਖਵੀਆਂ ਸੀਟਾਂ ਜੋ ਕਿ ਆਰਥਿਕ ਪੱਖੋਂ ਕਮਜ਼ੋਰ ਪ੍ਰੀਵਾਰਾਂ ਦੇ ਬੱਚਿਆਂ ਲਈ ਰੱਖੀਆਂ ਸਨ ਉਨਾਂ ਚੋਂ 5 ਫੀਸਦੀ ਕੋਟੇ ਦੀਆਂ ਸੀਟਾਂ ਦੀ ਬਹਾਲੀ ਦਾ ਸਟੇਟਸ ਪਤਾ ਕਰਨ ਲਈ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਤਕ ਪਹੁੰਚ ਕੀਤੀ ਗਈ ਹੈ। ਉਨਾ ਦੱਸਿਆ ਕਿ ਸਾਡੇ ਧਿਆਨ 'ਚ ਆਇਆ ਹੈ ਕਿ ਨਿੱਜੀ ਸਕੂਲ ਪੰਜਾਬ ਸਰਕਾਰ ਦੁਆਰਾ ਰੱਖੀਆਂ ਗਈਆਂ ਕੋਟੇ ਦੀਆਂ ਸੀਟਾਂ ਵਿੱਤੀ ਲਾਂਭ ਖਾਤਰ ਰਸੂਖਦਾਰਾਂ ਅਤੇ ਅਮੀਰ ਲੋਕਾਂ ਨੂੰ ਵੇਚਣ ਦਾ ਸੰਗੀਨ ਅਪਰਾਧ ਕਰ ਰਹੇ ਹਨ। ਉਨ੍ਹਾ ਕਿਹਾ ਕਿ ਸਕੂਲਾਂ ਨੂੰ ਜਾਂਚ ਦੇ ਘੇਰੇ ਹੇਠ ਲਿਆਉਣ ਲਈ ਘੱਟ ਗਿਣਤੀ ਲੋਕ ਭਲਾਈ ਸੰਸਥਾ ਡਾਇਰੈਕਟਰ ਵਿਜੀਲੈਂਸ ਬਿਊਰੋ ਨੂੰ ਸ਼ਿਕਾਇਤ ਭੇਜ ਚੁੱਕੀ ਹੈ ਹੁਣ ਅਸੀਂ ਇਸ ਹਫਤੇ ਖੁਦ ਵਿਜੀਲੈਂਸ ਦਫਤਰ ਪਹੁੰਚ ਕਰਕੇ ਕਾਰਵਾਈ ਨੂੰ ਅਮਲ 'ਚ ਲਿਆਉਂਣ ਲਈ ਲੋੜੀਂਦੇ ਯਤਨ ਕਰਾਂਗੇ।

ਯਾਦਗਾਰੀ ਹੋ ਨਿਬੜਿਆ ਬਾਬੇ ਕੇ ਫਾਰਮ ਇੰਗਲੈਂਡ ਦੀ ਧਰਤੀ ਤੇ ਬ੍ਰਹਮ ਗਿਆਨੀ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ

# 82ਵੀਂ ਬਰਸੀ ਸਮਾਗਮਾਂ ਵਿਚ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਖ ਪਹੁੰਚੇ












ਫ਼ਿਰੋਜ਼ਪੁਰ, 24 ਅਗਸਤ (ਮਨੋਹਰ ਲਾਲ) :— ਯਾਦਗਾਰੀ ਹੋ ਨਿਬੜਿਆ ਬਾਬੇ ਕੇ ਫਾਰਮ ਸਟਰੇਟ ਫੋਰਡ ਅਵੋਨ ਇੰਗਲੈਂਡ ਦੀ ਧਰਤੀ ਤੇ ਬ੍ਰਹਮ ਗਿਆਨੀ ਬਾਬਾ ਨੰਦ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ 82ਵੀਂ ਬਰਸੀ ਜੋ ਕਿ 16 ਅਗਸਤ ਤੋਂ 24 ਅਗਸਤ ਤੱਕ ਚੱਲ ਰਹੇ ਸਮਾਗਮਾਂ ਵਿਚ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਨੇ ਹਾਜ਼ਰੀ ਲੁਆਈ, ਉਥੇ ਭਾਰੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਸਭ ਤੋਂ ਪਹਿਲਾਂ ਅੱਜ ਅਖੀਰਲੇ ਦਿਨ 21 ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਥੇ ਇਹ ਦਸਣਯੋਗ ਹੈ ਕਿ ਇਥੇ ਚਾਰ ਲੜੀਆਂ ਦੇ ਭੋਗ ਆਰੰਭ ਹੋਏ, ਜਿਨ੍ਹਾਂ ਵਿਚ ਪਹਿਲੀ ਲੜੀ 16 ਅਗਸਤ ਤੋਂ 18 ਅਗਸਤ ਅਤੇ ਦੂਸਰੀ ਲੜੀ 20 ਅਗਸਤ ਤੋਂ 22 ਅਗਸਤ ਤੱਕ ਅਤੇ ਚੋਥੀ ਲੜੀ 22 ਅਗਸਤ ਤੋਂ 24 ਅਗਸਤ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਮੌਕੇ ਤੇ ਸੰਤਾਂ ਮਹਾਂਪੁਰਸ਼ਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਬਾਬੇ ਕੇ ਫਾਰਮ ਦੇ ਪ੍ਰਬੰਧਕ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਜ਼ਸਵੰਤ ਸਿੰਘ ਸੈਂਭੀ, ਸਵਰਨ ਸਿੰਘ ਸੈਂਭੀ, ਧਰਮ ਸਿੰਘ ਘਟੋੜਾ, ਬਲਕਾਰ ਸਿੰਘ ਵੜੈਚ, ਅਮਰੀਕ ਸਿੰਘ ਮੀਕਾ, ਗੁਰਪ੍ਰੀਤ ਸਿੰਘ ਗੋਪੀ, ਨਰਿੰਦਰ ਸਿੰਘ ਧੰਜਲ, ਰਘਬੀਰ ਸਿੰਘ, ਸੁਖਵਿੰਦਰ ਸਿੰਘ ਸੁਖੀ ਨੇ 9 ਦਿਨ ਸੰਗਤਾਂ ਦੀ ਸੇਵਾ ਕੀਤੀ। ਇਸ ਤੋਂ ਇਲਾਵਾ ਬੀਬੀਆਂ ਨੇ ਵੀ 9 ਦਿਨ ਸੰਗਤਾਂ ਲਈ ਰਾਤ—ਦਿਨ ਲੰਗਰਾਂ ਵਿਚ ਸੇਵਾ ਕੀਤੀ, ਜਿਨ੍ਹਾਂ ਵਿਚ ਬੀਬੀ ਨਿੰਦਰ ਕੌਰ, ਬੀਬੀ ਜ਼ਸਬੀਰ ਕੌਰ, ਬੀਬੀ ਨਰੰਜਨ ਕੌਰ, ਬੀਬੀ ਨਰਿੰਦਰ ਕੌਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਬੀਬੀਆਂ ਨੇ ਲੰਗਰਾਂ ਵਿਚ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ, ਮਿਠਾਈਆਂ ਦੇ ਲੰਗਰ ਅਤੇ ਹੋਰ ਹਰ ਪ੍ਰਕਾਰ ਦੇ ਲੰਗਰ ਅਤੁੱਟ ਵਰਤਾਏ ਗਏ।

## ਭਾਰੀ ਗਿਣਤੀ ਵਿਚ ਸੰਗਤਾਂ ਪਹੁੰਚੀਆਂ

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਲੈ ਕੇ ਕਰਵਾਏ ਸਮਾਗਮ



ਫ਼ਿਰੋਜ਼ਪੁਰ, 24 ਅਗਸਤ (ਮਨੋਹਰ ਲਾਲ) :— ਪਿੰਡ ਤੂਤ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਬਾਬਾ ਬੋਹੜ ਸਿੰਘ ਜੀ ਵੱਲੋਂ ਗੁਰਦੁਆਰਾ ਬਾਬਾ ਹਿੰਮਤ ਸਿੰਘ ਬਾਠ ਤੂਤ ਵਿਖ਼ੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਲੈਕੇ ਸਮਾਗਮ ਕਰਵਾਇਆ ਗਿਆ। ਇਲਾਕੇ ਦੀਆਂ ਸੰਗਤਾਂ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਹੁਮ—ਹੁਮਾ ਕੇ ਪ੍ਰਕਾਸ਼ ਦਿਹਾੜੇ ਤੇ ਪਹੁੰਚਿਆਂ। ਸੰਗਤਾਂ ਨੇ ਕਥਾ, ਕੀਰਤਨ ਪੰਥਿਕ ਵਿਚਾਰਾਂ ਦਾ ਅਨੰਦ ਮਾਣਿਆ। ਇਸ ਪ੍ਰੋਗਰਾਮ ਵਿੱਚ ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਅਤੇ ਪੰਥਕ ਕੌਂਸਿਲ ਦੇ ਚੇਅਰਪਰਸਨ ਸਤਿਕਾਰ ਯੋਗ ਬੀਬੀ ਸਤਵੰਤ ਕੌਰ ਵੱਲੋਂ ਹਾਜ਼ਰੀ ਲਵਾਈ ਗਈ, ਸੰਗਤਾਂ ਵੱਲੋਂ ਬਹੁਤ ਮਾਨ ਸਤਿਕਾਰ ਦਿੱਤਾ ਗਿਆ। ਜ਼ਿਲ੍ਹਾ ਫਿਰੋਜ਼ਪੁਰ ਦੇ ਆਗੂ ਮੈਂਬਰ ਜਥੇਦਾਰ ਕਰਨੈਲ ਸਿੰਘ ਭਾਵੜਾ, ਭਾਈ ਜਸਪਾਲ ਸਿੰਘ ਮੈਨੇਜਰ, ਪ੍ਰਮਿੰਦਰ ਸਿੰਘ ਖੁੱਲਰ, ਵਕੀਲ ਸਿੰਘ ਡੋਡ, ਡਾਕਟਰ ਮੁਖਤਿਆਰ ਸਿੰਘ ਭੁੱਲਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਜੀ 26 ਅਗਸਤ ਨੂੰ ਸ੍ਰੀ ਹਜ਼ੂਰ ਸਾਹਿਬ ਨਾਂਦੇੜ - ਸੀਐਸਐਮਟੀ ਮੁੰਬਈ ਵੰਦੇ ਭਾਰਤ ਐਕਸਪ੍ਰੈਸ ਨੂੰ ਦਿਖਾਉਣਗੇ ਹਰੀ ਝੰਡੀ: ਬੱਲ ਮਲਕੀਤ ਸਿੰਘ







ਚੌਕ ਮਹਿਤਾ,24 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)- ਮਹਾਰਾਸ਼ਟਰ ਅਤੇ ਸਿੱਖ ਭਾਈਚਾਰੇ ਲਈ ਇੱਕ ਇਤਿਹਾਸਕ ਵਿਕਾਸ ਵਿੱਚ, ਸ੍ਰੀ ਹਜ਼ੂਰ ਸਾਹਿਬ ਨਾਂਦੇੜ ਨੂੰ ਮੁੰਬਈ ਸੀਐਸਐਮਟੀ ਨਾਲ ਜੋੜਨ ਵਾਲੀ ਪ੍ਰਤਿਸ਼ਠਾਵਾਨ ਵੰਦੇ ਭਾਰਤ ਐਕਸਪ੍ਰੈਸ ਦਾ ਉਦਘਾਟਨ 26 ਅਗਸਤ ਨੂੰ ਮਹਾਰਾਸ਼ਟਰ ਦੇ ਮਾਨਯੋਗ ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਜੀ ਦੁਆਰਾ ਕੀਤਾ ਜਾਵੇਗਾ ਇਹ ਸਿੱਖ ਭਾਈਚਾਰੇ ਅਤੇ ਗੁਰੂ ਨਾਨਕ ਲੇਵਾ ਸੰਗਤ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦਾ ਹੈ ਇਹ ਸੇਵਾ ਸ਼ਰਧਾਲੂਆਂ, ਸੈਲਾਨੀਆਂ ਅਤੇ ਨਿਵਾਸੀਆਂ ਨੂੰ ਵਿਸ਼ਵ ਪੱਧਰੀ ਯਾਤਰਾ ਸਹੂਲਤਾਂ ਪ੍ਰਦਾਨ ਕਰੇਗੀ ਜਦੋਂ ਕਿ ਸਿੱਖ ਧਰਮ ਦੇ ਪੰਜ ਤਖ਼ਤਾਂ ਵਿੱਚੋਂ ਇੱਕ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਦੇ ਅਧਿਆਤਮਿਕ, ਸੱਭਿਆਚਾਰਕ ਅਤੇ ਇਤਿਹਾਸਕ ਮਹੱਤਵ ਨੂੰ ਉਜਾਗਰ ਕਰੇਗੀ ਜਿਸ ਦਾ ਉਦਘਾਟਨ 26 ਅਗਸਤ 2025 (ਟ੍ਰੇਨ ਨੰਬਰ 02705):

ਰਵਾਨਗੀ: ਸਵੇਰੇ 11:20 ਵਜੇ ਹਜ਼ੂਰ ਸਾਹਿਬ ਨਾਂਦੇੜ ਤੋਂ

ਆਗਮਨ: ਰਾਤ 9:55 ਵਜੇ ਸੀਐਸਐਮਟੀ ਮੁੰਬਈ

ਰਸਤੇ ਵਿੱਚ ਠਹਿਰਾਅ: ਪਰਭਾਨੀ, ਜਾਲਨਾ, ਔਰੰਗਾਬਾਦ, ਮਨਮਾੜ, ਨਾਸਿਕ ਰੋਡ, ਕਲਿਆਣ, ਠਾਣੇ, ਦਾਦਰ

ਨਿਯਮਤ ਸੇਵਾ ਸਮਾਂ 27 ਅਗਸਤ 2025 ਤੋਂ ਪ੍ਰਭਾਵੀ

ਟ੍ਰੇਨ ਨੰਬਰ 20705 (ਨਾਂਦੇੜ-ਮੁੰਬਈ ਸੀਐਸਐਮਟੀ): ਰਵਾਨਗੀ ਸਵੇਰੇ 05:00 ਵਜੇ ਆਗਮਨ ਦੁਪਹਿਰ 02:25 ਵਜੇ

ਟ੍ਰੇਨ ਨੰਬਰ 20706 (ਮੁੰਬਈ ਸੀਐਸਐਮਟੀ-ਨਾਂਦੇੜ): ਰਵਾਨਗੀ ਦੁਪਹਿਰ 01:10 ਵਜੇ ਪਹੁੰਚਣਾ ਰਾਤ 10:50 ਵਜੇ

(ਹਫ਼ਤੇ ਵਿੱਚ 6 ਦਿਨ ਚੱਲਦਾ ਹੈ, ਬੁੱਧਵਾਰ ਨੂੰ ਨਾਂਦੇੜ ਤੋਂ ਅਤੇ ਵੀਰਵਾਰ ਨੂੰ ਮੁੰਬਈ ਤੋਂ ਛੱਡ ਕੇ ਹੋਵੇਗਾ ਇਸ ਮੌਕੇ 'ਤੇ, ਮਹਾਰਾਸ਼ਟਰ ਸਿੱਖ ਐਸੋਸੀਏਸ਼ਨ ਦੇ ਕਨਵੀਨਰ ਅਤੇ ਚੇਅਰਮੈਨ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਬਲ ਮਲਕੀਤ ਸਿੰਘ ਨੇ ਕਿਹਾ ਮਾਨਯੋਗ ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਜੀ ਦੁਆਰਾ ਹਜ਼ੂਰ ਸਾਹਿਬ ਨਾਂਦੇੜ - ਸੀਐਸਐਮਟੀ ਵੰਦੇ ਭਾਰਤ ਨੂੰ ਹਰੀ ਝੰਡੀ ਦਿਖਾਉਣਾ ਬਹੁਤ ਮਾਣ ਵਾਲੀ ਗੱਲ ਹੈ। ਇਹ ਸਿੱਖ ਭਾਈਚਾਰੇ ਅਤੇ ਗੁਰੂ ਨਾਨਕ ਲੇਵਾ ਸੰਗਤ ਦੀ ਦਹਾਕਿਆਂ ਪੁਰਾਣੀ ਮੰਗ ਨੂੰ ਪੂਰਾ ਕਰਦਾ ਹੈ। ਗੁਰੂ ਮਹਾਰਾਜ ਦੇ ਆਸ਼ੀਰਵਾਦ ਨਾਲ, ਇਹ ਹਾਈ-ਸਪੀਡ ਕਨੈਕਟੀਵਿਟੀ ਲੱਖਾਂ ਸ਼ਰਧਾਲੂਆਂ ਲਈ ਜੀਵਨ ਰੇਖਾ ਅਤੇ ਮਹਾਰਾਸ਼ਟਰ ਲਈ ਇੱਕ ਇਤਿਹਾਸਕ ਮੀਲ ਪੱਥਰ ਹੋਵੇਗੀ ਇਸ ਸੇਵਾ ਦੀ ਸ਼ੁਰੂਆਤ ਨਾ ਸਿਰਫ਼ ਇੱਕ ਬੁਨਿਆਦੀ ਢਾਂਚੇ ਦੀ ਪ੍ਰਾਪਤੀ ਹੈ, ਸਗੋਂ ਨਾਂਦੇੜ ਦੀ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਨੂੰ ਸ਼ਰਧਾਂਜਲੀ ਵੀ ਹੈ, ਜੋ ਮਹਾਰਾਸ਼ਟਰ ਦੀ ਕਨੈਕਟੀਵਿਟੀ ਅਤੇ ਅਧਿਆਤਮਿਕ ਸੈਰ-ਸਪਾਟੇ ਨੂੰ ਮਜ਼ਬੂਤ ਕਰਦੀ ਹੈ ਇਸ ਮੌਕੇ ਮਹਾਰਾਸ਼ਟਰ ਸਿੱਖ ਐਸੋਸ਼ੀਏਸ਼ਨ ਦੇ ਕਨਵੀਨਰ ਅਤੇ ਕਾਰਜਕਰੀ ਚੇਅਰਮੈਨ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਬੱਲ ਮਲਕੀਤ ਸਿੰਘ ਨੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਜੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਗੁਰਪੁਰਬ ਦੀਆਂ ਵਧਾਈਆਂ ਜੀ




**Dhan Dhan Sri Guru Granth Sahib Ji de Pehlay Parkash Gurpurab diyan Vadaiyan Ji**

www.damdamitaksal.net

ਆਵਾਜ਼ਿ ਕੌਮ AWAZE QAUM International Newspaper & WEB TV

**ਸਿੰਘ ਸਾਹਿਬ ਭਾਈ ਮਲਕੀਤ ਸਿੰਘ ਹੈਡ ਗ੍ਰੰਥੀ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਨੇ**

# ਪੰਥਕ ਮੀਡੀਆ ਆਵਾਜਿ ਕੌਮ ਟੀਵੀ ਦੇ ਸੰਪਾਦਕ ਭਾਈ ਰਘਬੀਰ ਸਿੰਘ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਦੇ ਗ੍ਰਹਿ ਵਿਖੇ ਦਰਸ਼ਨ ਦਿੱਤੇ

## ਇੰਟਰਨੈਸ਼ਨਲ ਪੰਥਕ ਦਲ ਦੇ ਜਨਰਲ ਸਕੱਤਰ ਅਤੇ ਮੁੱਖ ਬੁਲਾਰੇ ਭਾਈ ਕਪਤਾਨ ਸਿੰਘ ਤੇ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ ਅਤੇ ਯੂਰਪ ਦੇ ਧਾਰਮਿਕ ਵਿੰਗ ਦੇ ਜਥੇਦਾਰ ਬਾਬਾ ਬਘੇਲ ਸਿੰਘ ਵੀ ਹਾਜ਼ਰ ਸਨ











(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)



ਸਿੰਘ ਸਾਹਿਬ ਭਾਈ ਮਲਕੀਤ ਸਿੰਘ ਹੈਡ ਗ੍ਰੰਥੀ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਅੱਜ ਕੱਲ ਪ੍ਰਚਾਰ ਫੇਰੀ ਤੇ ਇੰਗਲੈਂਡ ਆਏ ਹੋਏ ਹਨ ਜਿੱਥੇ ਉਹਨਾਂ ਨੇ ਵੱਖ-ਵੱਖ ਗੁਰਦੁਆਰਾ ਸਾਹਿਬਾਨਾ ਦੇ ਵਿੱਚ ਅਤੇ ਧਾਰਮਿਕ ਸਮਾਗਮਾਂ ਦੇ ਵਿੱਚ ਸਮੂਲੀਅਤ ਕੀਤੀ ਅਤੇ ਆਪਣੇ ਪੰਥਕ ਵਿਚਾਰ ਦਿੱਤੇ ਉੱਥੇ ਹੀ 23 ਅਗਸਤ ਦਿਨ ਸਨਿਚਰਵਾਰ ਸ਼ਾਮ ਨੂੰ ਪੰਥਕ ਮੀਡੀਆ ਆਵਾਜਿ ਕੌਮ ਟੀਵੀ ਦੇ ਸੰਪਾਦਕ ਭਾਈ ਰਘਬੀਰ ਸਿੰਘ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਦੇ ਗ੍ਰਹਿ ਵਿਖੇ ਵੀ ਦਰਸ਼ਨ ਦਿੱਤੇ ਜਿੱਥੇ ਉਹਨਾਂ ਦੇ ਨਾਲ ਇੰਟਰਨੈਸ਼ਨਲ ਪੰਥਕ ਦਲ ਦੇ ਜਨਰਲ ਸਕੱਤਰ ਅਤੇ ਮੁੱਖ ਬੁਲਾਰੇ ਭਾਈ ਕਪਤਾਨ ਸਿੰਘ ਜੀ ਤੇ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ ਅਤੇ ਯੂਰਪ ਦੇ ਧਾਰਮਿਕ ਵਿੰਗ ਦੇ ਜਥੇਦਾਰ ਬਾਬਾ ਬਘੇਲ ਸਿੰਘ ਜੀ ਹਾਜ਼ਰ ਸਨ ਸਿੰਘ ਸਾਹਿਬ ਭਾਈ ਮਲਕੀਤ ਸਿੰਘ ਜੀ ਨਾਲ ਪੰਥਕ ਵਿਚਾਰਾਂ ਕੀਤੀਆਂ ਗਈਆਂ ਅਤੇ ਮੌਜੂਦਾ ਸਥਿਤੀ ਦੇ ਵਿੱਚ ਖਾਲਸਾ ਪੰਥ ਕੀ ਕਰੇ ਵਿਸ਼ੇਸ਼ ਵਿਚਾਰਾਂ ਵੀ ਕੀਤੀਆਂ ਅਤੇ ਭਾਈ ਰਘਬੀਰ ਸਿੰਘ ਦੇ ਪਰਿਵਾਰ ਵੱਲੋਂ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਦਾ ਮਾਣ ਸਨਮਾਨ ਕਰਦਿਆਂ ਸਿਰੋਪਾਓ ਦਿੱਤਾ ਗਿਆ

ਆਵਾਜ਼ਿ ਕੌਮ AWAZE QAUM International Newspaper & WEB TV

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ, ਯੂ. ਕੇ.)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਹੈੱਡ ਗ੍ਰੰਥੀ ਸ਼੍ਰੀ ਅਕਾਲ ਤੱਖ਼ਤ ਸਾਹਿਬ ਜੀ ਨੇ

# ਪਹਿਲੇ ਦੀਵਾਨ ਗੁਰਦੁਆਰਾ ਗੁਰੂ ਕਾ ਨਿਵਾਸ ਵੂਲਵਰਹੈਂਪਟਨ ਵਿਖੇ ਬਾਬਾ ਪ੍ਰੇਮ ਸਿੰਘ ਜੀ ਮੁਰਾਲਾ ਕਮੇਟੀ ਵੱਲੋਂ ਗੁਰੂ ਲਾਧੋ ਰੇ ਦਿਹੜਾ ਮਨਾ ਰਹੀਆਂ ਸੰਗਤਾਂ ਨੂੰ ਪਹਿਲੇ ਪ੍ਰਕਾਸ਼ ਪੁਰਬ ਤੇ ਬਾਬਾ ਮੱਖਣ ਸ਼ਾਹ ਲੁਬਾਣਾ ਜੀ ਵੱਲੋਂ ਸਾਚਾ ਗੁਰੂ ਲਾਧੋ ਰੇ ਇਤਿਹਾਸਕ ਤੋਂ ਜਾਣੂ ਕਰਾਇਆ



















(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)





ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਹੈੱਡ ਗ੍ਰੰਥੀ ਸ਼੍ਰੀ ਅਕਾਲ ਤੱਖ਼ਤ ਸਾਹਿਬ ਜੀ ਨੇ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀਆਂ ਇੰਗਲੈਂਡ ਦੀ ਗੁਰਮਤਿ ਪ੍ਰਚਾਰ ਫੇਰੀ ਦੌਰਾਨ ਸੰਗਤਾਂ ਨੂੰ ਵਧਾਈਆਂ ਦਿੰਦੇ ਹੋਏ ਐਤਵਾਰ ਦੇ ਪਹਿਲੇ ਦੀਵਾਨ ਗੁਰਦੁਆਰਾ ਗੁਰੂ ਕਾ ਨਿਵਾਸ ਵੂਲਵਰਹੈਂਪਟਨ ਵਿਖੇ ਬਾਬਾ ਪ੍ਰੇਮ ਸਿੰਘ ਜੀ ਮੁਰਾਲਾ ਕਮੇਟੀ ਵੱਲੋਂ ਗੁਰੂ ਲਾਧੋ ਰੇ ਦਿਹੜਾ ਮਨਾ ਰਹੀਆਂ ਸੰਗਤਾਂ ਨੂੰ ਪਹਿਲੇ ਪ੍ਰਕਾਸ਼ ਪੁਰਬ ਤੇ ਬਾਬਾ ਮੱਖਣ ਸ਼ਾਹ ਲੁਬਾਣਾ ਜੀ ਵੱਲੋਂ ਸਾਚਾ ਗੁਰੂ ਲਾਧੋ ਰੇ ਇਤਿਹਾਸਕ ਤੋਂ ਜਾਣੂ ਕਰਾਇਆ ਦੂਸਰੇ ਦੀਵਾਨ ਗੁਰਦੁਆਰਾ ਬਾਬਾ ਸੰਗ ਜੀ ਸਮੈਦਿਕ ਵਿਖੇ ਸ੍ਰੀ ਗੁਰੂ ਗ੍ਰੰਥ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਵਿਚਾਰਾਂ ਦੀ ਸਾਂਝ ਪਾਈ ਤੇ ਭਾਈ ਰਘਬੀਰ ਸਿੰਘ ਬੀਰਾ ਭਾਈ ਗੁਰਨਾਮ ਸਿੰਘ ਢੰਡਾ ਬਾਬਾ ਬਘੇਲ ਸਿੰਘ ਭਾਈ ਨਰਿੰਦਰ ਸਿੰਘ ਭਾਈ ਰਾਜਵੀਰ ਸਿੰਘ ਭਾਈ ਮਨਜੋਤ ਸਿੰਘ ਭਾਈ ਕਪਤਾਨ ਸਿੰਘ ਪੰਥਕ ਆਗੂ ਯੂ ਕੇ ਹਾਜ਼ਰ ਸਨ ਤੀਸਰਾ ਦੀਵਾਨ ਗੁਰੂ ਨਾਨਕ ਗੁਰਦੁਆਰਾ ਸਮੈਦਿਕ ਵਿਖੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਤੇ ਗੁਰੂ ਲਾਧੋ ਰੇ ਦਿਹਾੜਾ ਤੇ ਵਿਚਾਰਾਂ ਕੀਤੀਆਂ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਜਤਿੰਦਰ ਸਿੰਘ ਬਾਸੀ ਭਾਈ ਕੁਲਦੀਪ ਸਿੰਘ ਦਿਉਲ ਭਾਈ ਜਸਵਿੰਦਰ ਸਿੰਘ ਭਾਈ ਹੀਰਾ ਸਿੰਘ ਸਟੇਜ ਸਕੱਤਰ ਤੇ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਸਿੰਘ ਸਾਹਿਬ ਜੀ ਵਿਸ਼ੇਸ਼ ਸਨਮਾਨ ਕੀਤਾ ਗਿਆ ਭਾਈ ਜਸਵਿੰਦਰ ਸਿੰਘ ਰਾਮਗੜ੍ਹ ਜੀ ਦੀ ਸੰਥਥਾ ਬਾਬਾ ਮੱਖਣ ਸ਼ਾਹ ਲੁਬਾਣਾ ਚੈਰਿਟੀ ਯੂ ਕੇ ਵੱਲੋਂ ਸਿੰਘ ਸਾਹਿਬ ਨੂੰ ਸਿਰਪਾਉ ਨਾਲ ਸਨਮਾਨ ਭੇਟ ਕੀਤਾ  ਤੱਖ਼ਤ ਸ਼੍ਰੀ ਕੇਸਗੜ੍ਹ ਸਾਹਿਬ ਤੋਂ ਪੰਜ ਪਿਆਰੇ ਵਿਸ਼ੇਸ਼ ਤੌਰ ਤੇ ਇਹਨਾਂ ਸਮਾਗਮਾਂ ਵਿੱਚ ਪਹੁੰਚੇ ਨਾਲ ਭਾਈ ਪ੍ਰਭਜੋਤ ਸਿੰਘ ਭਾਈ ਸਰਬਜੋਤ ਸਿੰਘ ਮਾਨਚੈਸਟਰ ਤੋਂ ਪਹੁੰਚੇ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਵੱਲੋਂ ਸਮੂਹ ਗੁਰਦੁਆਰਾ ਸਾਹਿਬ ਦੀਆਂ ਪ੍ਰਬੰਧਕ ਕਮੇਟੀਆਂ ਤੇ ਸੰਗਤਾਂ ਦਾ ਧੰਨਵਾਦ ਕੀਤਾ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ, ਯੂ. ਕੇ.)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਹੈੱਡ ਗ੍ਰੰਥੀ ਸ਼੍ਰੀ ਅਕਾਲ ਤੱਖ਼ਤ ਸਾਹਿਬ ਜੀ ਨੇ

# ਪਹਿਲੇ ਦੀਵਾਨ ਗੁਰਦੁਆਰਾ ਗੁਰੂ ਕਾ ਨਿਵਾਸ ਵੁਲਵਰਹੈਂਪਟਨ ਵਿਖੇ ਬਾਬਾ ਪ੍ਰੇਮ ਸਿੰਘ ਜੀ ਮੁਰਾਲਾ ਕਮੇਟੀ ਵੱਲੋਂ ਗੁਰੂ ਲਾਧੋ ਰੇ ਦਿਹੜਾ ਮਨਾ ਰਹੀਆਂ ਸੰਗਤਾਂ ਨੂੰ ਪਹਿਲੇ ਪ੍ਰਕਾਸ਼ ਪੁਰਬ ਤੇ ਬਾਬਾ ਮੱਖਣ ਸ਼ਾਹ ਲੁਬਾਣਾ ਜੀ ਵੱਲੋਂ ਸਾਚਾ ਗੁਰੂ ਲਾਧੋ ਰੇ ਇਤਿਹਾਸਕ ਤੋਂ ਜਾਣੂ ਕਰਾਇਆ




ਆਵਾਜ਼ਿ ਕੌਮ AWAZE QAUM International Newspaper & WEB TV










ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਾਬਕਾ ਕਾਂਗਰਸੀ ਵਿਧਾਇਕ ਸਿੱਕੀ ਦੀ ਅਗਵਾਈ ਹੇਠ

# ਪਿੰਡ ਭੋਈਆਂ ਤੋਂ ਦਰਜਨਾਂ ਪਰਿਵਾਰ ਆਪੋ ਆਪਣੀਆਂ ਪਾਰਟੀਆਂ ਛੱਡ ਕਕਾਂਗਰਸ ਪਾਰਟੀ 'ਚ ਹੋਏ ਸ਼ਾਮਿਲ





**ਚੋਹਲਾ ਸਾਹਿਬ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਵਿਧਾਨ ਸਭਾ ਹਲਕਾ ਖਡੂਰ ਸਾਹਿਬ ਅਧੀਨ ਆਉਂਦੇ ਪਿੰਡ ਭੋਈਆਂ ਖੇਲਾ ਤੋਂ ਉਸ ਵੇਲੇ ਹਲਕੇ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੂੰ ਵੱਡਾ ਸਮਰਥਨ ਮਿਲਿਆ ਜਦੋਂ ਪਿੰਡ ਦੇ ਦਰਜਨਾਂ ਪਰਿਵਾਰ ਪਿੰਡ ਦੇ ਸਾਬਕਾ ਸਰਪੰਚ ਮਹਿੰਦਰ ਸਿੰਘ ਦੇ ਗ੍ਰਹਿ ਵਿਖੇ ਰੱਖੀ ਭਰਵੀਂ ਇਕੱਤਰਤਾ 'ਚ ਆਪੋ ਆਪਣੀਆਂ ਪਾਰਟੀਆਂ ਨੂੰ ਫਤਿਹ ਬੁਲਾ ਕੇ ਸਿੱਕੀ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਏ ।ਜਿੰਨਾ ਵਿੱਚ ਸਿਮਰਨਜੀਤ ਕੌਰ ਸਾਬਕਾ ਮੈਂਬਰ,ਸੁਖਜਿੰਦਰ ਸਿੰਘ ਸੁੱਖ,ਪ੍ਰਤਾਪ ਸਿੰਘ,ਮੇਜਰ ਸਿੰਘ,ਰਸ਼ਪਾਲ ਸਿੰਘ, ਸੁਖਦੇਵ ਸਿੰਘ,ਗੁਰਦੇਵ ਸਿੰਘ, ਦਵਿੰਦਰ ਸਿੰਘ,ਮੇਜਰ ਸਿੰਘ,ਮੁਖਤਾਰ ਸਿੰਘ,ਬਿਕਰਮਜੀਤ ਸਿੰਘ,ਬਲਵਿੰਦਰ ਸਿੰਘ,ਹਰਜੀਤ ਸਿੰਘ ਹੀਰਾ,ਬਲਜੀਤ ਸਿੰਘ,ਬਲਵੰਤ ਸਿੰਘ,ਰਣਜੀਤ ਸਿੰਘ,ਸਾਜਨ ਸਿੰਘ, ਹਰਜੀਤ ਸਿੰਘ ਮਿਸਤਰੀ, ਹਰਮਨਪ੍ਰੀਤ ਸਿੰਘ,ਜਸਕਰਨ ਸਿੰਘ, ਹਰੀ ਸਿੰਘ,ਅਜੀਤ ਸਿੰਘ, ਇੰਦਰਜੀਤ ਸਿੰਘ,ਸਤਨਾਮ ਸਿੰਘ, ਪਾਲ ਸਿੰਘ,ਗੁਰਦਿਆਲ ਸਿੰਘ,ਸੋਨਾ ਸਿੰਘ,ਸੁਲੱਖਣ ਸਿੰਘ ਸਾਬਕਾ ਮੈਂਬਰ, ਨਿਰਮਲ ਕੌਰ,ਅਮਰਜੀਤ ਸਿੰਘ, ਰਣਜੀਤ ਕੌਰ,ਰੇਖਾ ਰਾਣੀ,ਦਿਲਜੀਤ ਕੌਰ,ਸਰਨਜੀਤ ਕੌਰ,ਮਨਪ੍ਰੀਤ ਕੌਰ ਕਵਲਪ੍ਰੀਤ ਕੌਰ,ਬਲਵਿੰਦਰ ਕੌਰ, ਰਮਣਜੀਤ ਕੌਰ,ਰਣਜੀਤ ਕੌਰ, ਕੁਲਵੰਤ ਕੌਰ,ਜਸਬੀਰ ਕੌਰ,ਮਨਜੀਤ ਕੌਰ,ਰਵਿੰਦਰ ਕੌਰ,ਬਲਵਿੰਦਰ ਕੌਰ ਆਦਿ ਜੈਕਾਰਿਆਂ ਤੇ ਨਾਅਰਿਆਂ ਦੀ ਗੂੰਜ 'ਚ ਕਾਂਗਰਸ ਪਾਰਟੀ 'ਚ ਸ਼ਾਮਿਲ ਹੋਣ ਤੇ ਉਹਨਾਂ ਨੂੰ ਸਾਬਕਾ ਵਿਧਾਇਕ ਸਿੱਕੀ ਨੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਏ ਦੇ ਕੇ ਸਨਮਾਨਿਤ ਕੀਤਾ ਤੇ ਉਨਾਂ ਨੂੰ ਵਿਸ਼ਵਾਸ ਦਿੱਤਾ ਕਿ ਸਮਾਂ ਆਉਣ ਤੇ ਸਭ ਨੂੰ ਕਾਂਗਰਸ ਪਾਰਟੀ 'ਚ ਮਾਨ ਸਨਮਾਨ ਦੇ ਕੇ ਵੱਡੀ ਜਿੰਮੇਵਾਰੀ ਸੌਂਪੀ ਜਾਵੇਗੀ ਉਨਾਂ ਕਿਹਾ ਕਿ ਪਾਰਟੀ ਹਰੇਕ ਵਰਕਰ ਨਾਲ ਚਟਾਨ ਵਾਂਗ ਖੜੀ ਹੈ। ਇਸ ਮੌਕੇ ਸਾਬਕਾ ਵਿਧਾਇਕ ਸਿੱਕੀ ਦੇ ਨਾਲ ਸਰਪੰਚ ਪ੍ਰਕਾਸ਼ ਸਿੰਘ ਖੇਲਾ ਭੇਜੋਵਾਲੀ,ਸਰਪੰਚ ਰਣਜੀਤ ਸਿੰਘ ਰਾਜਾ ਧੱਤਲ,ਡਾਕਟਰ ਮਨਜੀਤ ਸਿੰਘ ਮਰਹਾਣਾ,ਦੀਦਾਰ ਸਿੰਘ ਖੇਲਾ, ਸਰਪੰਚ ਜਗਰੂਪ ਸਿੰਘ ਖਵਾਸਪੁਰ, ਸ਼ਮਸ਼ੇਰ ਸਿੰਘ ਪਵਾਰ ਭੈਲ, ਗੁਰਦੀਪ ਸਿੰਘ ਭੈਲ ਮੈਂਬਰ ਬਲਵਿੰਦਰ ਸਿੰਘ ਬਿੰਦਾ ਪਵਾਰ, ਜੈਮਲ ਸਿੰਘ ਖੇਲਾ ਪੰਚ ਅਮਰਜੀਤ ਸਿੰਘ ਲੱਕੀ,ਅੰਗਰੇਜ ਸਿੰਘ ਖੇਲਾ, ਗੁਰਦੇਵ ਸਿੰਘ ਖੇਲਾ,ਜਸਪਾਲ ਸਿੰਘ ਪਵਾਰ ਭੇਜੋਵਾਲੀ,ਜਗਰੂਪ ਸਿੰਘ ਪਵਾਰ,ਹਰਪਿੰਦਰ ਸਿੰਘ ਪਵਾਰ, ਹਰਦੀਪ ਸਿੰਘ ਪਵਾਰ,ਹੁਸਨਪ੍ਰੀਤ ਸਿੰਘ ਪਵਾਰ,ਗੁਰਜੰਟ ਸਿੰਘ ਪਵਾਰ, ਗੁਰਬੀਰ ਸਿੰਘ ਬਸਰਾ,ਜਗਰਾਜ ਸਿੰਘ ਖਵਾਸਪੁਰ,ਅਮਰਜੀਤ ਸਿੰਘ ਪਵਾਰ ਅਤੇ ਸਰਪੰਚ ਰਣਜੀਤ ਸਿੰਘ ਰਾਣਾ ਪਵਾਰ ਸਿਆਸੀ ਸਕੱਤਰ ਸਾਬਕਾ ਵਿਧਾਇਕ ਸਿੱਕੀ ਆਦਿ ਹਲਕਾ ਖਡੂਰ ਸਾਹਿਬ ਤੇ ਮਾਝੇ ਦੇ ਸੀਨੀਅਰ ਕਾਂਗਰਸੀ ਆਗੂ ਹਾਜ਼ਰ ਸਨ।

### ਹਰੇਕ ਵਰਕਰ ਨੂੰ ਕਾਂਗਰਸ ਪਾਰਟੀ ਵਿੱਚ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ: ਰਮਨਜੀਤ ਸਿੰਘ ਸਿੱਕੀ

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਖੁੱਡਾ ਵਿਖੇ ਵਰ੍ਹਦੇ ਮੀਂਹ 'ਚ ਸਜਾਇਆ ਨਗਰ ਕੀਰਤਨ, ਸ਼ਬਦ ਗੁਰੂ ਦੇ ਲੜ ਲੱਗਣ ਸੰਗਤਾਂ : ਜਥੇਦਾਰ ਜਗਜੀਤ ਸਿੰਘ ਨਿਹੰਗ



**ਹੁਸ਼ਿਆਰਪੁਰ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਖੁੱਡਾ ਦੇ ਗੁਰਦੁਆਰਾ ਸਿੰਘ ਸਭਾ ਵੱਡੀ ਬੋਹੜ ਤੋਂ ਨਗਰ ਕੀਰਤਨ ਸਜਾਇਆ ਗਿਆ। ਇਸ ਦੌਰਾਨ ਭਾਵੇਂ ਭਾਰੀ ਮੀਂਹ ਪੈ ਰਿਹਾ ਸੀ ਪਰ ਫਿਰ ਵੀ ਗੁਰੂ ਪਿਆਰ ਵਿੱਚ ਭਿੱਜੀਆਂ ਸੰਗਤਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰੇ ਸਾਹਿਬਾਨਾਂ ਦੀ ਅਗਵਾਈ ਵਿੱਚ ਪਿੰਡ ਦੀਆਂ ਸੜਕਾਂ ਉੱਤੇ ਅਦਬ-ਸਤਿਕਾਰ, ਸ਼ਰਧਾ-ਭਾਵਨਾ ਤੇ ਬੜੇ ਉਤਸ਼ਾਹ ਸਹਿਤ ਨਗਰ ਕੀਰਤਨ ਕੱਢਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਬਸ ਪਾਲਕੀ ਵਿੱਚ ਸਵਾਰ ਸਨ, ਰਸਤੇ ਵਿੱਚ ਅਨੇਕਾਂ ਸੰਗਤਾਂ ਨੇ ਦਰਸ਼ਨ ਦੀਦਾਰੇ ਕੀਤੇ ਅਤੇ ਸੰਗਤਾਂ ਨੇ ਚਾਹ-ਪਾਣੀ, ਲੰਗਰ ਆਦਿਕ ਦੀ ਸੇਵਾ ਕੀਤੀ। ਇਸ ਮੌਕੇ ਜਥੇਦਾਰ ਭਾਈ ਜਗਜੀਤ ਸਿੰਘ ਨਿਹੰਗ ਨੇ ਸੰਗਤਾਂ ਨਾਲ ਸਾਂਝੇ ਰੂਪ ਵਿੱਚ ਧੁਰ ਕੀ ਬਾਣੀ ਦਾ ਕੀਰਤਨ ਕੀਤਾ ਅਤੇ ਕਥਾ-ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਜਥੇਦਾਰ ਭਾਈ ਜਗਜੀਤ ਸਿੰਘ ਨਿਹੰਗ ਨੇ ਕਿਹਾ ਕਿ ਗੁਰੂ ਸਾਹਿਬਾਨਾਂ ਨੇ ਸਾਨੂੰ ਗੁਰਬਾਣੀ ਦਾ ਅਨਮੋਲ ਖਜ਼ਾਨਾ ਬਖ਼ਿਸ਼ਸ਼ ਕੀਤਾ ਹੈ ਜਿਸ ਨਾਲ ਸਾਡਾ ਲੋਕ ਸੁਖੀਆ ਅਤੇ ਪਰਲੋਕ ਸੁਹੇਲਾ ਹੁੰਦਾ ਹੈ। ਉਹਨਾਂ ਕਿਹਾ ਕਿ ਸਭ ਸੰਗਤਾਂ ਨੂੰ ਸ਼ਬਦ ਗੁਰੂ ਦੇ ਲੜ ਲੱਗਣਾ ਚਾਹੀਦਾ ਹੈ ਅਤੇ ਦੇਹਧਾਰੀ-ਪਖੰਡੀਆਂ, ਮੜ੍ਹੀਆਂ-ਮਸਾਣਾਂ, ਜਠੇਰਿਆਂ ਅਤੇ ਹੋਰ ਕਰਮਕਾਂਡਾਂ ਦਾ ਖਹਿੜਾ ਛੱਡਣਾ ਚਾਹੀਦਾ ਹੈ। ਨੌਜਵਾਨ ਵੀ ਨਸ਼ਾ ਅਤੇ ਪਤਿਤਪੁਣਾ ਤਿਆਗ ਕੇ ਅੰਮ੍ਰਿਤਧਾਰੀ, ਕੇਸਾਧਾਰੀ ਤੇ ਸ਼ਸਤਰਧਾਰੀ ਹੋਣ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਭਾਈ ਬਲਬੀਰ ਸਿੰਘ ਪੱਪੀ ਵੀ ਹਾਜਰ ਸਨ ਜਿਨ੍ਹਾਂ ਨੇ ਸਾਰੇ ਪ੍ਰਬੰਧ ਬਹੁਤ ਸ਼ਾਨਦਾਰ ਕੀਤੇ।

ਆਵਾਜ਼ਿ ਕੌਮ AWAZE QAUM International Newspaper & WEB TV

# ਪਹਿਲੇ ਪ੍ਰਕਾਸ਼ ਪੁਰਬ 'ਤੇ ਅਰਦਾਸ



ਅੱਜ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ 'ਤੇ ਅਰਦਾਸ ਕਰੋ ਕਿ "ਹੇ ਸੱਚੇ ਪਾਤਸ਼ਾਹ ਜੀ! ਸਾਨੂੰ ਬਾਣੀ-ਬਾਣੇ 'ਚ ਪ੍ਰਪੱਕ ਕਰੋ, ਦ੍ਰਿੜਤਾ ਅਤੇ ਦਲੇਰੀ ਬਖ਼ਸ਼ੋ, ਅਸੀਂ ਸਿੱਖੀ ਪ੍ਰਚਾਰ ਅਤੇ ਕੌਮੀ ਘਰ ਲਈ ਸੇਵਾਵਾਂ ਨਿਭਾਉਂਦੇ ਰਹੀਏ, ਬੰਦੀ ਸਿੰਘਾਂ ਦੀ ਜਲਦ ਰਿਹਾਈ ਹੋਵੇ ਅਤੇ ਕੌਮ ਵਿੱਚੋਂ ਪਤਿਤਪੁਣਾ ਤੇ ਨਸ਼ਾ ਖ਼ਤਮ ਹੋਵੇ, ਘਰ-ਘਰ ਵਿੱਚ ਗੁਰਬਾਣੀ ਦੀਆਂ ਗੂੰਜਾਂ ਪੈਣ, ਹਰ ਸਿੱਖ ਨਿਰਭਉ ਅਤੇ ਨਿਰਵੈਰ ਹੋਵੇ, ਸਰਬੱਤ ਦਾ ਭਲਾ ਅਤੇ ਸਾਂਝੀਵਾਲਤਾ ਨੂੰ ਲੋਚੇ, ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਪਹਿਰਾ ਦੇਵੇ ਅਤੇ ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ਦਾ ਉਪਦੇਸ਼ ਕਮਾਵੇ।

**- ਰਣਜੀਤ ਸਿੰਘ ਦਮਦਮੀ ਟਕਸਾਲ**
**(ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ)**

ਆਵਾਜ਼ਿ ਕੌਮ AWAZE QAUM International Newspaper & WEB TV

# ਸੰਗਤਾਂ ਪੈਦਲ ਸ਼ਬਦ ਚੋਕੀ ਰਾਹੀਂ ਇਤਿਹਾਸਕ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਵਿਖੇ ਨਤਮਸਤਕ



**ਸਰਾਏ ਅਮਾਨਤ ਖਾਂ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਦੀ ਖੁਸ਼ੀ ਵਿੱਚ ਸਰਹੱਦੀ ਪਿੰਡ ਭੂਸੇ ਤੋਂ ਗੁਰਦੁਆਰਾ ਜਨਮ ਅਸਥਾਨ ਸ਼ਹੀਦ ਬਾਬਾ ਬਘੇਲ ਸਿੰਘ ਅਤੇ ਸ਼ਹੀਦ ਬਾਬਾ ਅਮਰ ਸਿੰਘ ਜੀ ਦੇ ਅਸਥਾਨਾਂ ਤੋਂ ਸੰਗਤਾਂ ਪੈਦਲ ਸ਼ਬਦ ਚੋਕੀ ਰਾਹੀਂ ਇਤਿਹਾਸਕ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਵਿਖੇ ਨਤਮਸਤਕ ਹੋਣ ਉਪਰੰਤ ਗੁਰਦੁਆਰਾ ਸੰਤ ਨਿਵਾਸ ਅੰਗੀਠਾ ਸਾਹਿਬ ਵਿਖੇ ਪਹੁੰਚਣ ਤੇ ਸੇਵਾਦਾਰ ਜਥੇਦਾਰ ਬਾਬਾ ਭੋਲਾ ਸਿੰਘ ਨੇ ਪੈਦਲ ਸ਼ਬਦ ਚੋਕੀ ਵਿਚ ਸ਼ਾਮਿਲ ਸਾਧ ਸੰਗਤ ਦਾਂ ਸਵਾਗਤ ਕੀਤਾ ਤੇ ਸੰਗਤਾਂ ਨੂੰ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਦਾ ਲੰਗਰ ਲਗਾਇਆ ਤੇ ਚਾਹ ਪਾਣੀ ਦੀ ਸੇਵਾ ਤੇ ਹੋਰ ਵੱਖ ਵੱਖ ਪਕਵਾਨਾਂ ਦੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ। ਤੇ ਪੈਦਲ ਸ਼ਬਦ ਚੋਕੀ ਦੀ ਅਗਵਾਈ ਕਰ ਰਹੇ ਮੁੱਖ ਸੇਵਾਦਾਰ ਗਿਆਨੀ ਹਰਭਜਨ ਸਿੰਘ ਭੂਸੇ ਸ਼ਾਮਲ ਸੰਗਤਾਂ ਨੂੰ ਸੇਵਾਦਾਰ ਬਾਬਾ ਭੋਲਾ ਸਿੰਘ ਜੀ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ । ਇਸ ਮੌਕੇ ਬਾਬਾ ਭੋਲਾ ਸਿੰਘ, ਰਜਵੰਤ ਸਿੰਘ ਕਸੇਲ, ਗੁਰਨਾਮ ਸਿੰਘ ਚੜਦੀਕਲਾ, ਕਸ਼ਮੀਰ ਸਿੰਘ, ਸਾਬਕਾ ਸਰਪੰਚ ਮੋਤਾ ਸਿੰਘ,ਮੋਟਾ ਸਿੰਘ, ਹੀਰਾ ਸਿੰਘ, ਬਲਜਿੰਦਰ ਸਿੰਘ ਭੂਸੇ, ਨੰਬਰਦਾਰ ਜਸਤਾਰ ਸਿੰਘ,ਮੋਹਨ ਸਿੰਘ, ਜਗਦੀਪ ਸਿੰਘ, ਕੁਲਦੀਪ ਸਿੰਘ,ਮਾਂ ਕਾਹਨ ਸਿੰਘ, ਪ੍ਰਧਾਨ ਦਿਲਬਾਗ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਮਨਜੀਤ ਸਿੰਘ ਆਸਟ੍ਰੇਲੀਆ,ਸਮਾਜ ਸੇਵਕ ਕੁਲਦੀਪ ਸਿੰਘ ਗੰਡੀਵਿੰਡ,ਹਰਪ੍ਰੀਤ ਸਿੰਘ ਗੰਡੀਵਿੰਡ, ਦਲਬੀਰ ਸਿੰਘ, ਵਿੱਕੀ ਟੈਂਟ ਹਾਊਸ,ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243